26-FEB-PAGE-1.qxd 2/25/2024 9:29 PM Page 1

ਸੋਮਵਾਰ, 26 ਫਰਵਰੀ, 2024
14 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 267

ਨਵਾਂ ਜ਼ਮਾਨਾ

DAILY NAWAN ZAMANA • MONDAY, 26 FEBRUARY, 2024

ਜਲੰਧਰ

nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

‘ਇੰਡੀਆ’ ਦੀ ਮਹਾਂ ਰੈਲੀ 3 ਨੂੰ ਪਟਨਾ ’ਚ

ਪਟਨਾ : ਜੂਨ 2023 ਵਿਚ ਬਣੇ ‘ਇੰਡੀਆ’ ਗਠਜੋੜ ਵੱਲੋਂ ਤਿੰਨ ਮਾਰਚ ਨੂੰ ਇੱਥੇ ਪਹਿਲੀ ਰੈਲੀ ਕੀਤੀ ਜਾ ਰਹੀ ਹੈ, ਜਿਸ ਨੂੰ ਲਾਲੂ ਪ੍ਰਸਾਦ ਯਾਦਵ, ਰਾਹੁਲ ਗਾਂਧੀ ਤੋਂ ਇਲਾਵਾ ਖੱਬੀਆਂ ਪਾਰਟੀਆਂ ਦੇ ਆਗੂ ਵੀ ਸੰਬੋਧਨ ਕਰਨਗੇ। ‘ਜਨ ਵਿਸ਼ਵਾਸ ਮਹਾਂ ਰੈਲੀ’ ਦਿਖਾਏਗੀ ਕਿ ਨਿਤੀਸ਼ ਕੁਮਾਰ ਦੇ ਭਾਜਪਾ ਨਾਲ ਰਲਣ ਦੇ ਬਾਵਜੂਦ ‘ਇੰਡੀਆ’ ਮੁਤਹਿਦ ਹੈ। ਰਾਜਦ ਆਗੂ ਤੇ ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਅੱਜਕੱਲ੍ਹ ਜਨ ਵਿਸ਼ਵਾਸ ਯਾਤਰਾ ’ਤੇ ਹਨ ਤੇ ਮਹਾਂ ਰੈਲੀ ਲਈ ਲਾਮਬੰਦੀ ਵੀ ਕਰ ਰਹੇ ਹਨ।

ਰਾਜਦ ਦੇ ਸੂਤਰਾਂ ਨੇ ਕਿਹਾ ਕਿ ਲੋਕ ਸਭਾ ਚੋਣਾਂ ਦੇ ਐਲਾਨ ਤੋਂ ਪਹਿਲਾਂ ਰਾਜਦ, ਕਾਂਗਰਸ ਤੇ ਖੱਬੀਆਂ ਪਾਰਟੀਆਂ ਸੀਟ ਐਡਜਸਟਮੈਂਟ ਕਰ ਲੈਣਗੀਆਂ।

ਇਸੇ ਦੌਰਾਨ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਐਤਵਾਰ ਆਗਰਾ ’ਚ ਰਾਹੁਲ ਗਾਂਧੀ ਦੀ ‘ਭਾਰਤ ਜੋੜੋ ਨਿਆਏ ਯਾਤਰਾ’ ਵਿਚ ਸ਼ਾਮਲ ਹੋਏ ਤੇ ਦੋਵਾਂ ਨੇ ਇਕ ਕਿੱਲੋਮੀਟਰ ਲੰਮਾ ਰੋਡ ਸ਼ੋਅ ਕੀਤਾ। ਰਾਹੁਲ ਨੇ ਅਖਿਲੇਸ਼ ਦੇ ਮੋਢੇ ’ਤੇ ਹੱਥ ਰੱਖ ਕੇ ਸੈਲਫੀ ਲਈ। ਇਸ ਦੌਰਾਨ ਦੋਹਾਂ ਪਾਰਟੀਆਂ ਦੇ ਵਰਕਰਾਂ ਨੇ ਦੋਹਾਂ ਆਗੂਆਂ ਦੇ ਹੱਕ ਵਿਚ ਨਾਅਰੇ ਬੁਲੰਦ ਕੀਤੇ। ਪ੍ਰਿਅੰਕਾ ਗਾਂਧੀ ਵੀ ਨਾਲ ਸੀ। ਇਸ ਮੌਕੇ ਅਖਿਲੇਸ਼ ਨੇ ਕਿਹਾ ਕਿ ਅੱਜ ਕਿਸਾਨ ਸਰਕਾਰ ਦੇ ਖਿਲਾਫ ਡਟੇ ਹੋਏ ਹਨ। ਸਰਕਾਰ ਕਿਸਾਨਾਂ ਦੀ ਤਾਕਤ ਤੋਂ ਘਬਰਾਈ ਹੋਈ ਹੈ। ਆਉਣ ਵਾਲੇ ਦਿਨਾਂ ਵਿਚ ਲੋਕ ਭਾਜਪਾ ਨੂੰ ਸੱਤਾ ਤੋਂ ਲਾਂਭੇ ਕਰ ਦੇਣਗੇ ਤੇ ‘ਇੰਡੀਆ’ ਦੀ ਕੁਲੀਸ਼ਨ ਸਰਕਾਰ ਕਿਸਾਨਾਂ ਨੂੰ ਸਤਿਕਾਰ ਦੇਵੇਗੀ। ਉਨ੍ਹਾ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਸਭ ਤੋਂ ਵੱਡੀ ਚੁਣੌਤੀ ਜਮਹੂਰੀਅਤ ਤੇ ਸੰਵਿਧਾਨ ਨੂੰ ਬਚਾਉਣ ਦੀ ਹੈ। ਡਾ. ਬੀ ਆਰ ਅੰਬੇਡਕਰ ਦੇ ਸੁਪਨਿਆਂ ਦੇ ਸੰਵਿਧਾਨ, ਜਿਸ ਨੂੰ ਭਾਜਪਾ ਨੇ ਤਬਾਹ ਕਰ ਦਿੱਤਾ ਹੈ, ਨੂੰ ਬਚਾਉਣ ਲਈ ‘ਭਾਜਪਾ ਹਟਾਓ, ਦੇਸ਼ ਬਚਾਓ’ ਦਾ ਨਾਅਰਾ ਸਾਕਾਰ ਕਰਨਾ ਪੈਣਾ ਹੈ। ਆਗੂਆਂ ਨੇ ਡਾ. ਬੀ ਆਰ ਅੰਬੇਡਕਰ ਦੇ ਬੁੱਤ ’ਤੇ ਪੁਸ਼ਪਾਂਜਲੀ ਵੀ ਅਰਪਤ ਕੀਤੀ। ਯਾਤਰਾ ਅਮਰੋਹਾ, ਸੰਭਲ, ਬੁਲੰਦਸ਼ਹਿਰ, ਅਲੀਗੜ੍ਹ ਤੇ ਹਾਥਰਸ ਹੁੰਦੀ ਹੋਈ ਆਗਰਾ ਪੁੱਜੀ ਸੀ। ਪ੍ਰਿਅੰਕਾ ਨੇ ਆਪਣੇ ਸੰਬੋਧਨ ਵਿਚ ਬੇਰੁਜ਼ਗਾਰੀ, ਕਿਸਾਨ ਪ੍ਰੋਟੈਸਟ ਤੇ ਮਹਿੰਗਾਈ ਦਾ ਜ਼ਿਕਰ ਕੀਤਾ, ਜਦਕਿ ਰਾਹੁਲ ਨੇ ਕਿਹਾ ਕਿ ਜਦੋਂ ਦਾ ਮੋਦੀ ਰਾਜ ਆਇਆ ਹੈ, ਲੋਕ ਬੇਇਨਸਾਫੀ ਝੱਲ ਰਹੇ ਹਨ।

ਰਾਹੁਲ ਦੀ ਯਾਤਰਾ ਦੌਰਾਨ ਆਗਰਾ ’ਚ ਅਖਿਲੇਸ਼ ਵੀ ਸ਼ਾਮਲ

ਮੁਮਤਾਜ਼ ਪਟੇਲ ਨੂੰ ਕਾਂਗਰਸ ਦਾ ਫੈਸਲਾ ਮਨਜ਼ੂਰ



ਅਹਿਮਦਾਬਾਦ : ਸੋਨੀਆ ਗਾਂਧੀ ਦੇ ਸਿਆਸੀ ਸਲਾਹਕਾਰ ਰਹੇ ਅਹਿਮਦ ਪਟੇਲ ਦੀ ਧੀ ਮੁਮਤਾਜ਼ ਪਟੇਲ ਨੇ ਐਤਵਾਰ ਸੁਰ ਨਰਮ ਕਰਦਿਆਂ ਕਿਹਾ ਕਿ ਉਹ ਭਰੂਚ ਦੀ ਸੀਟ ਆਮ ਆਦਮੀ ਪਾਰਟੀ ਲਈ ਛੱਡਣ ਦੇ ਕਾਂਗਰਸ ਦੇ ਫੈਸਲੇ ਤੋਂ ਬਹੁਤ ਨਿਰਾਸ਼ ਹੋਈ ਹੈ, ਪਰ ਉਹ ‘ਇੰਡੀਆ’ ਦੇ ਫੈਸਲੇ ਨੂੰ ਮਨਜ਼ੂਰ ਕਰਦੀ ਹੈ, ਕਿਉਂਕਿ ਇਹ ਫੈਸਲਾ ਸੋਚ-ਵਿਚਾਰ ਕੇ ਵਡੇਰੇ ਹਿੱਤਾਂ ਵਿਚ ਲਿਆ ਗਿਆ ਹੋਵੇਗਾ। ਇਹ ਪੁੱਛੇ ਜਾਣ ’ਤੇ ਕਿ ਕੀ ਉਹ ਆਪ ਉਮੀਦਵਾਰ ਚੈਤਰ ਵਸਾਵਾ ਦੇ ਹੱਕ ਵਿਚ ਪ੍ਰਚਾਰ ਕਰੇਗੀ, ਮੁਮਤਾਜ਼ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਨ ਦਾ ਨਿਰਦੇਸ਼ ਉਡੀਕੇਗੀ।

ਬਿਨਾਂ ਡਰਾਈਵਰ ਕਠੂਆ ਤੋਂ ਚੱਲੀ ਉੱਚੀ ਬੱਸੀ ਸਟੇਸ਼ਨ ’ਤੇ ਫੜੀ

ਹੁਸ਼ਿਆਰਪੁਰ : ਕਠੂਆ ਤੋਂ ਬਿਨਾਂ ਡਰਾਈਵਰ ਦੇ ਚੱਲੀ ਮਾਲ ਗੱਡੀ ਨੂੰ ਐਤਵਾਰ ਉੱਚੀ ਬੱਸੀ ਨੇੜੇ ਮਸਾਂ ਰੋਕਿਆ ਗਿਆ। ਡਰਾਈਵਰ ਸਟਾਰਟ ਕਰ ਕੇ ਹੈਂਡ ਬਰੇਕ ਲਾਉਣੀ ਭੁੱਲ ਗਿਆ, ਜਿਸ ਕਾਰਨ ਗੱਡੀ ਆਪੇ ਹੀ ਦੌੜ ਪਈ ਤੇ ਕਈ ਸਟੇਸ਼ਨਾਂ ਨੂੰ ਪਾਰ ਕਰਕੇ ਆਈ ਨੂੰ ਮੁਕੇਰੀਆਂ-ਦਸੂਹਾ ਦਰਮਿਆਨ ਪੈਂਦੇ ਕਸਬਾ ਉੱਚੀ ਬੱਸੀ ਰੇਲਵੇ ਸਟੇਸ਼ਨ ’ਤੇ ਲੱਕੜੀ ਦੇ ਸਟਾਪਰ ਲਾ ਕੇ ਰੋਕਿਆ ਗਿਆ। ਗੱਡੀ ਨੇ 78 ਕਿੱਲੋਮੀਟਰ ਦਾ ਸਫਰ ਪੂਰਾ ਕਰ ਲਿਆ ਸੀ। ਇਹ ਘਟਨਾ ਸਵੇਰੇ 7 ਵੱਜ ਕੇ 25 ਮਿੰਟ ਤੋਂ 9 ਵਜੇ ਤੱਕ ਦੀ ਹੈ। ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਮਾਮਲੇ ਦੀ ਜਾਂਚ ਦੇ ਹੁਕਮ ਦੇ ਦਿੱਤੇ ਹਨ। ਗੱਡੀ ਕਰੀਬ 100 ਕਿਲੋਮੀਟਰ ਪ੍ਰਤੀ ਘੰਟਾ ਦੀ ਸਪੀਡ ਨਾਲ ਚੱਲੀ ਤੇ ਇਸ ਕਾਰਨ ਤਿੰਨ ਰੇਲ ਗੱਡੀਆਂ ਪ੍ਰਭਾਵਤ ਹੋਈਆਂ। ਬਿਨਾਂ ਡਰਾਈਵਰ ਦੇ ਕਠੂਆ ਤੋਂ ਰਵਾਨਾ ਹੋਣ ਵਾਲੀ ਮਾਲ ਗੱਡੀ ਨੂੰ ਰੋਕਣ ਲਈ ਜਲੰਧਰ ਤੱਕ ਦੇ ਸਾਰੇ ਸਟੇਸ਼ਨਾਂ ਨੂੰ ਹਾਈ ਅਲਰਟ ’ਤੇ ਰੱਖਿਆ ਗਿਆ ਸੀ। ਖਾਲੀ 53 ਵੈਗਨਾਂ ਨਾਲ ਚੱਲ ਰਹੀ ਗੱਡੀ ਨੂੰ ਰੋਕਣ ਲਈ ਕਠੂਆ ਤੋਂ ਬਾਅਦ ਰੇਲਵੇ ਲਾਈਨ ’ਤੇ ਪੈਂਦੇ ਹਰ ਸਟੇਸ਼ਨ ’ਤੇ ਯਤਨ ਕੀਤੇ ਗਏ। ਜਾਣਕਾਰੀ ਮਿਲਦੇ ਹੀ ਜਲੰਧਰ ਤੋਂ ਟ੍ਰੈਫਿਕ ਇੰਸਪੈਕਟਰ ਉੱਚੀ ਬੱਸੀ ਸਟੇਸ਼ਨ ’ਤੇ ਪਹੁੰਚ ਗਏ। ਰੇਲ ਗੱਡੀ ਦੇ ਉੱਚੀ ਬੱਸੀ ਨੇੜੇ ਰੁਕਣ ਤੋਂ ਬਾਅਦ ਅਧਿਕਾਰੀਆਂ ਨੇ ਸੁੱਖ ਦਾ ਸਾਹ ਲਿਆ। ਜਾਣਕਾਰੀ ਅਨੁਸਾਰ ਜੰਮੂ-ਕਸ਼ਮੀਰ ਦੇ ਕਠੂਆ ਸਟੇਸ਼ਨ ’ਤੇ ਖੜ੍ਹੀ ਮਾਲ ਗੱਡੀ ਦਾ ਡਰਾਈਵਰ ਇੰਜਣ ਸਟਾਰਟ ਕਰਕੇ ਬਿਨਾਂ ਹੈਂਡ ਬ੍ਰੇਕ ਲਗਾਇਆਂ ਅਚਾਨਕ ਕਿਸੇ ਕਾਰਨ ਹੇਠਾਂ ਉੱਤਰ ਗਿਆ। ਗੱਡੀ ਢਲਾਨ ’ਤੇ ਖੜ੍ਹੀ ਹੋਣ ਕਾਰਨ ਬਿਨਾਂ ਡਰਾਈਵਰ ਹੀ ਪਠਾਨਕੋਟ ਨੂੰ ਚੱਲ ਪਈ ਅਤੇ ਹੌਲੀ-ਹੌਲੀ ਵਧੀ ਸਪੀਡ 80 ਕਿਲੋਮੀਟਰ ਤੱਕ ਜਾ ਪੁੱਜੀ। ਜੰਮੂ ਰੇਲਵੇ ਡਵੀਜ਼ਨ ਦੇ ਟ੍ਰੈਫਿਕ ਮੈਨੇਜਰ ਅਸ਼ੋਕ ਕੁਮਾਰ ਸਿਨਹਾ ਨੇ ਦੱਸਿਆ ਕਿ ਘਟਨਾ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਉਪਰੰਤ ਦੋਸ਼ੀ ਪਾਏ ਜਾਣ ਵਾਲੇ ਮੁਲਾਜ਼ਮ ਖਿਲਾਫ ਕਾਰਵਾਈ ਕੀਤੀ ਜਾਵੇਗੀ।

ਨਿਊ ਯਾਰਕ ਦੀ ਇਮਾਰਤ ’ਚ ਅੱਗ ਨਾਲ ਭਾਰਤੀ ਪੱਤਰਕਾਰ ਦੀ ਮੌਤ

ਨਿਊ ਯਾਰਕ : ਮੈਨਹਟਨ ਦੇ ਹਰਲੇਮ ਇਲਾਕੇ ’ਚ ਨਿਕੋਲਸ ਪਲੇਸ ਦੀ ਰਿਹਾਇਸ਼ੀ ਇਮਾਰਤ ਵਿਚ ਅੱਗ ਲੱਗਣ ਕਾਰਨ ਭਾਰਤੀ ਪੱਤਰਕਾਰ ਦੀ ਮੌਤ ਹੋ ਗਈ। ਭਾਰਤੀ ਦੂਤਾਵਾਸ ਦੇ ਅਧਿਕਾਰੀ ਨੇ ਦੱਸਿਆ ਕਿ ਅਪਾਰਟਮੈਂਟ ਵਿਚ 23 ਫਰਵਰੀ ਨੂੰ ਅੱਗ ਲੱਗੀ ਤੇ 27 ਸਾਲਾ ਫਾਜ਼ਿਲ ਖਾਨ ਦੀ ਮੌਤ ਹੋ ਗਈ। ਈ ਬਾਈਕ ਦੀ ਬੈਟਰੀ ਫਟਣ ਕਾਰਨ ਅੱਗ ਲੱਗੀ, ਜਿਸ ਨਾਲ ਪੂਰੀ ਇਮਾਰਤ ਨੂੰ ਨੁਕਸਾਨ ਪੁੱਜਾ। ਹਾਦਸੇ ਵਿਚ 17 ਜਣੇ ਜ਼ਖਮੀ ਹੋਏ ਤੇ ਕਈ ਝੁਲਸ ਗਏ। ਅੱਗ ਫੈਲਣ ਤੋਂ ਬਾਅਦ ਲੋਕਾਂ ਨੇ ਪੰਜਵੀਂ ਤੇ ਛੇਵੀਂ ਮੰਜ਼ਲ ਤੋਂ ਛਾਲਾਂ ਮਾਰ ਦਿੱਤੀਆਂ। ਫਾਜ਼ਿਲ ਨੇ 2020 ਵਿਚ ਕੋਲੰਬੀਆ ਯੂਨੀਵਰਸਿਟੀ ਤੋਂ ਜਰਨਲਿਜ਼ਮ ਕੀਤੀ ਸੀ।

ਪ੍ਰਿਤਪਾਲ ਨੂੰ ਕੁੱਟਣ ਵਾਲਿਆਂ ਖਿਲਾਫ ਕਾਰਵਾਈ ਹੋਵੇ : ਕੈਪਟਨ

ਚੰਡੀਗੜ੍ਹ : ਸਾਬਕਾ ਮੁੱਖ ਮੰਤਰੀ ਤੇ ਭਾਜਪਾ ਆਗੂ ਕੈਪਟਨ ਅਮਰਿੰਦਰ ਸਿੰਘ ਨੇ ਕਿਸਾਨ ਪ੍ਰਿਤਪਾਲ ਸਿੰਘ ’ਤੇ ਹਰਿਆਣਾ ਪੁਲਸ ਵੱਲੋਂ ਕੀਤੇ ਤਸ਼ੱਦਦ ਦੀ ਨਿੰਦਾ ਕੀਤੀ ਹੈ। ਉਨ੍ਹਾ ਹਰਿਆਣਾ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਵਿਚ ਜ਼ਿੰਮੇਵਾਰ ਪੁਲਸ ਅਧਿਕਾਰੀਆਂ ਤੇ ਮੁਲਾਜ਼ਮਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾ ਕਿਹਾ ਕਿ ਇਹ ਕਿਸਾਨ ਸਿਰਫ ਕਿਸਾਨਾਂ ਨੂੰ ਲੰਗਰ ਵਰਤਾ ਰਿਹਾ ਸੀ, ਜਿਸ ਦੀ ਭਾਰੀ ਕੁੱਟਮਾਰ ਕੀਤੀ ਗਈ।

ਹਿਰਾਸਤ ’ਚ ਜਬਰ-ਜਨਾਹ ਦੇ ਯੂ ਪੀ ’ਚ ਸਭ ਤੋਂ ਵੱਧ ਮਾਮਲੇ

ਨਵੀਂ ਦਿੱਲੀ : ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ (ਐੱਨ ਸੀ ਆਰ ਬੀ) ਮੁਤਾਬਕ 2017 ਤੋਂ 2022 ਤੱਕ ਹਿਰਾਸਤੀ ਜਬਰ-ਜਨਾਹ ਦੇ 270 ਤੋਂ ਵੱਧ ਮਾਮਲੇ ਦਰਜ ਕੀਤੇ ਗਏ। ਬਿਊਰੋ ਦੀ ਰਿਪੋਰਟ ਮੁਤਾਬਕ ਅਪਰਾਧੀਆਂ ’ਚ ਪੁਲਸ ਕਰਮਚਾਰੀ, ਸਰਕਾਰੀ ਕਰਮਚਾਰੀ, ਹਥਿਆਰਬੰਦ ਬਲਾਂ ਦੇ ਮੈਂਬਰ ਅਤੇ ਜੇਲ੍ਹਾਂ, ਰਿਮਾਂਡ ਹੋਮ, ਨਜ਼ਰਬੰਦੀ ਦੇ ਸਥਾਨ ਅਤੇ ਹਸਪਤਾਲ ਸ਼ਾਮਲ ਹਨ। ਹਿਰਾਸਤੀ ਬਲਾਤਕਾਰ ਦੇ 275 ਕੇਸਾਂ ਵਿੱਚ ਯੂ ਪੀ ’ਚ ਸਭ ਤੋਂ ਵੱਧ 92 ਅਤੇ ਮੱਧ ਪ੍ਰਦੇਸ਼ ’ਚ 43 ਕੇਸ ਦਰਜ ਕੀਤੇ ਗਏ। ਇਨ੍ਹਾਂ ਦੋਹਾਂ ਰਾਜਾਂ ਵਿਚ ਭਾਜਪਾ ਦਾ ਰਾਜ ਹੈ।

ਸਭ ਤੋਂ ਲੰਮਾ ਸਟੇਅ ਕੇਬਲ ਬਰਿੱਜ



ਅਹਿਮਦਾਬਾਦ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਗੁਜਰਾਤ ਵਿਚ ਸੁਦਰਸ਼ਨ ਸੇਤੂ ਪੁਲ ਦਾ ਉਦਘਾਟਨ ਕੀਤਾ। ਇਹ 2.3 ਕਿੱਲੋਮੀਟਰ ਲੰਮਾ ਪੁਲ ਦੇਸ਼ ਦਾ ਸਭ ਤੋਂ ਲੰਮਾ ਸਟੇਅ ਕੇਬਲ ਪੁਲ ਹੈ, ਜਿਸ ਨੂੰ 978 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ। ਇਸ ਪੁਲ ਨਾਲ ਓਖਾ ਦਵਾਰਕਾ ਤੋਂ ਬੇਟ ਦਵਾਰਕਾ ਜਾਣ ਵਾਲੇ ਲੋਕਾਂ ਨੂੰ ਕਿਸ਼ਤੀ ’ਤੇ ਨਿਰਭਰ ਨਹੀਂ ਰਹਿਣਾ ਪਵੇਗਾ।

ਲੋਕ ‘ਕੰਮ ਦੀ ਸਿਆਸਤ’ ਦਾ ਡਟ ਕੇ ਸਮਰਥਨ ਕਰਨ : ਮਾਨ

ਦੀਨਾਨਗਰ/ਪਠਾਨਕੋਟ (ਦਵਿੰਦਰ ਸਿੰਘ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਐਤਵਾਰ ਪੰਜਾਬ ਵਾਸੀਆਂ ਨੂੰ ‘ਕੰਮ ਦੀ ਸਿਆਸਤ’ ਦਾ ਡਟ ਕੇ ਸਮਰਥਨ ਕਰਨ ਦਾ ਸੱਦਾ ਦਿੱਤਾ।

‘ਸਰਕਾਰ-ਵਪਾਰ ਮਿਲਣੀ’ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਉਹਨਾ ਕਿਹਾ ਕਿ ਸੂਬਾ ਸਰਕਾਰ ਪੰਜਾਬ ਦਾ ਸਰਬਪੱਖੀ ਵਿਕਾਸ ਕਰਕੇ ਸੂਬੇ ਦਾ ਮੁਹਾਂਦਰਾ ਬਦਲਣ ਲਈ ਅਣਥੱਕ ਮਿਹਨਤ ਕਰ ਰਹੀ ਹੈ। ਉਹ ਦੂਸ਼ਣਬਾਜ਼ੀ ਕਰਨ ਦੀ ਬਜਾਏ ‘ਕੰਮ ਦੀ ਸਿਆਸਤ’ ਕਰ ਰਹੇ ਹਨ, ਤਾਂ ਕਿ ਸੂਬੇ ਦਾ ਵਿਕਾਸ ਕਰਨ ਦੇ ਨਾਲ-ਨਾਲ ਲੋਕਾਂ ਦੀ ਭਲਾਈ ਕੀਤੀ ਜਾ ਸਕੇ। ਅਜਿਹਾ ਬਹੁਤ ਪਹਿਲਾਂ ਹੋ ਜਾਣਾ ਚਾਹੀਦਾ ਸੀ, ਤਾਂ ਜੋ ਲੋਕਾਂ ਨੂੰ ਇਸ ਦਾ ਲਾਭ ਮਿਲ ਸਕਦਾ। ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਅਗਾਮੀ ਲੋਕ ਸਭਾ ਚੋਣਾਂ ਵਿੱਚ ‘ਆਪ’ ਦਾ ਸਮਰਥਨ ਕਰਨਾ ਚਾਹੀਦਾ ਹੈ, ਜਿਸ ਨਾਲ ਕੌਮੀ ਪੱਧਰ ’ਤੇ ਇਸ ਦੀ ਮਜ਼ਬੂਤੀ ਨੂੰ ਯਕੀਨੀ ਬਣਾਇਆ ਜਾ ਸਕੇ, ਤਾਂ ਜੋ ਉਹ ਪੰਜਾਬ ਦੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾ ਸਕਣ।

ਮੁੱਖ ਮੰਤਰੀ ਨੇ ਸੂਬੇ ਨੂੰ ਬਰਬਾਦ ਕਰਨ ਲਈ ਵਿਰੋਧੀ ਧਿਰ ਦੇ ਆਗੂਆਂ ਸੁਖਬੀਰ ਬਾਦਲ, ਪ੍ਰਤਾਪ ਬਾਜਵਾ, ਬਿਕਰਮ ਮਜੀਠੀਆ ਅਤੇ ਨਵਜੋਤ ਸਿੱਧੂ ਦੀ ਸਖਤ ਆਲੋਚਨਾ ਕੀਤੀ। ਉਨ੍ਹਾ ਕਿਹਾ, ‘ਕਾਨਵੈਂਟ ਸਕੂਲਾਂ ਦੇ ਪੜ੍ਹੇ ਇਹ ਆਗੂ ਪੰਜਾਬੀ ਮਾਂ-ਬੋਲੀ ਦਾ ਉਚਾਰਨ ਤੱਕ ਵੀ ਨਹੀਂ ਕਰ ਸਕਦੇ। ਇਨ੍ਹਾਂ ਲੋਕਾਂ ਨੇ ਆਪਣੇ ਸਵਾਰਥੀ ਹਿੱਤਾਂ ਲਈ ਸੂਬੇ ਨੂੰ ਬਰਬਾਦ ਕਰ ਦਿੱਤਾ ਅਤੇ ਸਿਰਫ ਆਪਣੇ ਪਰਵਾਰ ਦੇ ਮੁਫਾਦ ਪਾਲਣ ਨੂੰ ਤਰਜੀਹ ਦਿੱਤੀ।’

ਲੋਕ ਸਭਾ ਮੈਂਬਰ ਸੰਨੀ ਦਿਓਲ ’ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ—ਫਿਲਮਾਂ ਵਿੱਚ ਤਾਂ ਬਾਲੀਵੁੱਡ ਅਦਾਕਾਰ ਸਰਹੱਦ ਪਾਰ ਕਰਕੇ ਧਰਤੀ ਤੋਂ ਹੈਂਡ ਪੰਪ

● ਬਾਕੀ ਸਫ਼ਾ 2 ’ਤੇ

ਇਨੈਲੋ ਦੇ ਹਰਿਆਣਾ ਪ੍ਰਧਾਨ ਨਫੇ ਸਿੰਘ ਰਾਠੀ ਦੀ ਹੱਤਿਆ

ਬਾਡੀਗਾਰਡ ਦੀ ਵੀ ਮੌਤ, ਲਾਰੈਂਸ ਗੈਂਗ ’ਤੇ ਸ਼ੱਕ

ਚੰਡੀਗੜ੍ਹ : ਇੰਡੀਅਨ ਨੈਸ਼ਨਲ ਲੋਕ ਦਲ ਦੇ ਹਰਿਆਣਾ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਨਫੇ ਸਿੰਘ ਰਾਠੀ ਨੂੰ ਐਤਵਾਰ ਸ਼ਾਮ ਝੱਜਰ ਜ਼ਿਲ੍ਹੇ ’ਚ ਬਹਾਦਰਗੜ੍ਹ ਦੇ ਬਰਾਹੀ ਫਾਟਕ ਕੋਲ ਵਿਚ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ। ਤਾਬੜਤੋੜ ਫਾਇਰਿੰਗ ਵਿਚ ਉਨ੍ਹਾ ਦਾ ਬਾਡੀਗਾਰਡ ਵੀ ਮਾਰਿਆ ਗਿਆ। ਦੋ ਜਣੇ ਜ਼ਖਮੀ ਹੋਏ ਹਨ। ਪਾਰਟੀ ਦੇ ਬੁਲਾਰੇ ਰਾਕੇਸ਼ ਸਿਹਾਗ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਅਣਪਛਾਤਿਆਂ ਨੇ ਉਦੋਂ ਹਮਲਾ ਕੀਤਾ, ਜਦੋਂ ਨਫੇ ਸਿੰਘ ਕਾਰ ਵਿਚ ਸਫਰ ਕਰ ਰਹੇ ਸਨ। ਸ਼ੱਕ ਹੈ ਕਿ ਲਾਰੈਂਸ ਬਿਸ਼ਨੋਈ ਗੈਂਗ ਦੇ ਗੈਂਗਸਟਰਾਂ ਨੇ ਹਮਲਾ ਕੀਤਾ।

ਆਂਧਰਾ ’ਚ ਇੱਕ ਹੋਰ ਸਾਂਸਦ ਨੇ ਮੁੱਖ ਮੰਤਰੀ ਦਾ ਸਾਥ ਛੱਡਿਆ

ਹੈਦਰਾਬਾਦ : ਹੁਕਮਰਾਨ ਵਾਈ ਐੱਸ ਆਰ ਕਾਂਗਰਸ ਪਾਰਟੀ ਦੇ ਮੁਖੀ ਤੇ ਆਂਧਰਾ ਦੇ ਮੁੱਖ ਮੰਤਰੀ ਵਾਈ ਐੱਸ ਜਗਨ ਮੋਹਨ ਰੈੱਡੀ ਨਾਲ ਨਾਰਾਜ਼ਗੀ ਤੋਂ ਬਾਅਦ ਨਰਸਪੁਰਮ ਤੋਂ ਬਾਗੀ ਸਾਂਸਦ ਕਨੂੰਮੂਰੂ ਰਘੂ ਰਾਮਕ੍ਰਿਸ਼ਨ ਰਾਜੂ ਨੇ ਪਾਰਟੀ ਛੱਡ ਦਿੱਤੀ ਹੈ। ਉਸ ਨੇ ਜਗਨ ਨੂੰ ਭੇਜੇ ਅਸਤੀਫੇ ਵਿਚ ਉਸਨੂੰ ਗਜ਼ਨੀ ਦਾ ਮਹਿਮੂਦ ਦੱਸਿਆ ਹੈ। ਇਸ ਤੋਂ ਪਹਿਲਾਂ ਹਲਕਾ ਬਦਲਣ ਲਈ ਕਹਿਣ ’ਤੇ ਜਨਵਰੀ ਤੋਂ ਤਿੰਨ ਲੋਕ ਸਭਾ ਸਾਂਸਦ ਪਾਰਟੀ ਛੱਡ ਚੁੱਕੇ ਹਨ। ਰਾਜੂ ਨੇ ਟਿਕਟ ਨਾ ਮਿਲਣ ’ਤੇ 2014 ਵਿਚ ਪਾਰਟੀ ਛੱਡ ਦਿੱਤੀ ਸੀ ਤੇ ਭਾਜਪਾ ਵਿਚ ਸ਼ਾਮਲ ਹੋ ਗਿਆ ਸੀ। 2019 ਵਿਚ ਫਿਰ

26-FEB-PAGE-1.qxd 2/25/2024 9:31 PM Page 2

ਜਸਟਿਸ ਨਿਧੀ ਗੁਪਤਾ ਵੱਲੋਂ ਬਾਘਾ ਪੁਰਾਣਾ ਅਦਾਲਤ ਦਾ ਨਿਰੀਖਣ

ਬਾਘਾ ਪੁਰਾਣਾ (ਮਨੀ ਸਿੰਗਲਾ)-ਕੋਰਟ ਕੰਪਲੈਕਸ ਵਿਖੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਦੇ ਮਾਨਯੋਗ ਜਸਟਿਸ ਨਿਧੀ ਗੁਪਤਾ, ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਅਤੁਲ ਕਿਸਾਨਾ, ਅਮਰੀਸ਼ ਕੁਮਾਰ ਸੈਕਰੈਟਰੀ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਨੇ ਅਦਾਲਤ ਦਾ ਨਿਰੀਖਣ ਕੀਤਾ।ਇਸ ਮੌਕੇ ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਰਵਨੀਤ ਸਿੰਘ, ਐਡੀਸ਼ਨਲ ਸਿਵਲ ਜੱਜ ਜੂਨੀਅਰ ਡਵੀਜ਼ਨ ਸੰਗਮ ਕੌਂਸਲ, ਫੈਮਲੀ ਕੋਰਟ ਦੇ ਮਾਣਯੋਗ ਜੱਜ ਸਿਖਾਂ ਗੋਇਲ, ਉੱਪ ਮੰਡਲ ਮੈਜਿਸਟਰੇਟ ਹਰਕੇਵਲਜੀਤ ਸਿੰਘ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਹਰਜੀਤ ਸਿੰਘ ਬਰਾੜ, ਵਾਈਸ ਪ੍ਰਧਾਨ ਅਮਨ ਗਰੇਵਾਲ, ਸੈਕਟਰੀ ਵਿਨੋਦ ਜਿੰਦਲ, ਜਾਇੰਟ ਸੈਕਟਰੀ ਰਾਮ ਕੁਮਾਰ ਬਾਂਸਲ, ਫਾਈਨੈਂਸ ਸੈਕਟਰੀ ਰਵਿੰਦਰਕਮਲ ਗਿੱਲ ਤੇ ਹੋਰਨਾਂ ਵੱਲੋਂ ਜਸਟਿਸ ਨਿਧੀ ਗੁਪਤਾ, ਜ਼ਿਲ੍ਹਾ ਤੇ ਸੈਸ਼ਨ ਜੱਜ ਅਤੁਲ ਕਿਸਾਨਾਂ ਅਤੇ ਹੋਰਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਜੱਜ ਸਾਹਿਬ ਨੇ ਮੌਕੇ 'ਤੇ ਆਮ ਜਨਤਾ ਦੀਆਂ ਸ਼ਿਕਾਇਤਾਂ ਸੁਣੀਆਂ ਤੇ ਮੌਕੇ 'ਤੇ ਨਿਪਟਾਰਾ ਕੀਤਾ ਅਤੇ ਵਕੀਲਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।ਜੱਜ ਸਾਹਿਬਾਨ ਵੱਲੋਂ ਪੌਦਾ ਵੀ ਲਗਾਇਆ ਗਿਆ।ਇਸ ਮੌਕੇ ਤਹਿਸੀਲਦਾਰ ਪਰਮਜੀਤ ਸਿੰਘ ਬਰਾੜ, ਉਪ ਪੁਲਸ ਕਪਤਾਨ ਦਲਵੀਰ ਸਿੰਘ, ਥਾਣਾ ਮੁਖੀ ਜਸਵਰਿੰਦਰ ਸਿੰਘ, ਐਡਵੋਕੇਟ ਅਸ਼ਵਨੀ ਮਜੀਠੀਆ, ਅਮਿਤ ਗੋਇਲ, ਕਮਲ ਸ਼ਰਮਾ, ਵਦੰਨਾ ਰਖਰਾ, ਪ੍ਰਭਪ੍ਰੀਤ ਕੌਰ, ਬਲਵਿੰਦਰ ਸਿੰਘ ਸਿੱਧੂ, ਗੁਰਜੰਟ ਸਿੰਘ ਗਿੱਲ, ਵੀਰਪਾਲ ਕੌਰ, ਰੇਨੂੰ ਬਾਲਾ, ਵਿਵੇਕ ਨੌਹਰੀਆ, ਅਮਨਦੀਪ ਕੌਰ, ਗੁਰਪ੍ਰੀਤ ਵੜਿੰਗ, ਅਰਸ਼ਦੀਪ ਸਿੰਘ, ਸਤਵੀਰ ਸਿੰਘ, ਕੁਲਦੀਪ ਸਿੰਘ ਰੌਂਤਾ, ਕੇਵਲ ਚੌਹਾਨ, ਕਮਲ ਸ਼ਰਮਾ, ਸੁਰਿੰਦਰ ਸ਼ਰਮਾ, ਜਸਵਿੰਦਰ ਸਿੰਘ, ਬਲਵੰਤ ਸਿੰਘ ਬਰਾੜ, ਸਿਮਰਨਜੀਤ ਕੌਰ, ਮਨਜਿੰਦਰ ਸਿੰਘ ਮਾਹਲਾ, ਵਿਨੋਦ ਸ਼ਰਮਾ, ਹਰਪ੍ਰੀਤ ਸਿੰਘ ਰੀਡਰ ਮੋਗਾ, ਗੁਰਜੀਤ ਸਿੰਘ ਰੀਡਰ ਤੇ ਹੋਰ ਸ਼ਾਮਲ ਸਨ।

ਝਾੜ ਸਾਹਿਬ ਕਾਲਜ ਦਾ ਬੀ ਸੀ ਏ ਦਾ ਨਤੀਜਾ ਸ਼ਾਨਦਾਰ ਰਿਹਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਸੀ.ਏ. ਸਮੈਸਟਰ ਪਹਿਲਾ, ਤੀਜਾ ਤੇ ਪੰਜਵੇਂ ਦਾ ਨਤੀਜਾ ਸ਼ਾਨਦਾਰ ਰਿਹਾ। ਕੰਪਿਊਟਰ ਵਿਭਾਗ ਦੇ ਮੁੱਖੀ ਪ੍ਰੋ. ਸੁਖਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀ.ਸੀ.ਏ. ਸਮੈਸਟਰ ਪਹਿਲਾ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 77.75 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਵਿਦਿਆਰਥਣ ਅਨਮੋਲ ਕੌਰ ਭੰਗੂ 74.75 ਫੀਸਦੀ ਤੇ ਕੋਮਲਪ੍ਰੀਤ ਕੌਰ 72.75 ਫੀਸਦੀ ਅੰਕ ਹਾਸਲ ਕਰਕੇ ਦੂਜੇ ਤੇ ਤੀਜੇ ਸਥਾਨ 'ਤੇ ਰਹੀਆਂ। ਬੀ.ਸੀ.ਏ. ਸਮੈਸਟਰ ਤੀਸਰਾ ਦੀ ਸਫੂਰਾ ਨੇ 79.2 ਫੀਸਦੀ, ਰੂਪ੍ਰੀਤ ਕੌਰ ਨੇ 77.6 ਫੀਸਦੀ ਤੇ ਗਗਨਦੀਪ ਕੌਰ ਨੇ 70.9 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਸੀ.ਏ. ਸਮੈਸਟਰ ਪੰਜਵਾਂ ਦੀ ਵਿਦਿਆਰਥਣ ਰਮਨਦੀਪ ਕੌਰ ਨੇ 83.5 ਫੀਸਦੀ, ਕਿਰਨਪ੍ਰੀਤ ਕੌਰ ਨੇ 77.7 ਫੀਸਦੀ ਤੇ ਤਨੀਸ਼ਾ ਵਿਜ ਨੇ 75.2 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਕਾਲਜ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਕੰਪਿਊਟਰ ਵਿਭਾਗ, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਿਦਿਆਰਥਣਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦ੍ਰਿੜ੍ਹ ਇਰਾਦੇ, ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਕਾਲਜ, ਮਾਪਿਆਂ ਤੇ ਅਧਿਆਪਕਾਂ ਦਾ ਨਾਮ ਰੋਸ਼ਨ ਕਰਨਗੀਆਂ।

ਰੇਡੀਐਂਟ ਪਬਲਿਕ ਸਕੂਲ ਮਾਹੂਆਨਾ ਬੋਦਲਾ 'ਚ ਕਲਾ ਏਕੀਕ੍ਰਿਤ ਪ੍ਰਦਰਸ਼ਨੀ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਅੱਜ ਰੇਡੀਐਂਟ ਪਬਲਿਕ ਸਕੂਲ ਮਾਹੂਆਨਾ ਬੋਦਲਾ ਵਿਖੇ ਛੇਵੀਂ ਜਮਾਤ ਤੋਂ ਲੈ ਕੇ ਗਿਆਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਪ੍ਰੋਜੈਕਟ ਅਤੇ ਫਾਈਲਾਂ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਵੱਖ-ਵੱਖ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ ਗਈ ਜਿਵੇਂ ਸਮਾਜਕ ਅਧਿਐਨ ਅਤੇ ਵਿਗਿਆਨ। ਇਨ੍ਹਾਂ ਪ੍ਰੋਜੈਕਟਾਂ ਰਾਹੀਂ ਉੱਤਰਾਖੰਡ, ਪੁਡੂਚੇਰੀ, ਪੰਜਾਬ, ਰਾਜਸਥਾਨ, ਮਹਾਰਾਸ਼ਟਰ, ਤਾਮਿਲਨਾਡੂ ਅਤੇ ਗੁਜਰਾਤ ਆਦਿ ਰਾਜਾਂ ਦੇ ਸੈਰ-ਸਪਾਟਾ ਸਥਾਨਾਂ, ਸੱਭਿਆਚਾਰਕ ਗਤੀਵਿਧੀਆਂ, ਸੰਤੁਲਿਤ ਆਹਾਰ ਅਤੇ ਆਬਾਦੀ ਬਾਰੇ ਚਾਨਣਾ ਪਾਇਆ ਗਿਆ। ਇਸ ਪ੍ਰਦਰਸ਼ਨੀ ਵਿੱਚ ਮੈਡਮ ਜੋਤੀ ਸੇਠੀ ਨੇ ਮੁੱਖ ਭੂਮਿਕਾ ਨਿਭਾਈ। ਉਨ੍ਹਾ ਨਾਲ ਮੈਡਮ ਸ਼ਵਪ੍ਰੀਤ ਕੌਰ ਅਤੇ ਸਮੂਹ ਸਟਾਫ਼ ਨੇ ਵੀ ਸਹਿਯੋਗ ਦਿੱਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਨੀਤੀ ਸਿੰਘ ਅਤੇ ਉਪ-ਪ੍ਰਿੰਸੀਪਲ ਰਜਤ ਪਰੂਥੀ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਸ਼ੇਰੇ ਵਾਲਾ ਤੋਂ ਕਿਸਾਨਾਂ ਦਾ ਜਥਾ ਰਵਾਨਾ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਕਿਸਾਨੀ ਸੰਘਰਸ਼ ਦੌਰਾਨ ਜਿਸ ਤਰਾਂ ਵੱਡੀ ਗਿਣਤੀ ਵਿੱਚ ਪੰਜਾਬ ਤੋਂ ਕਿਸਾਨ ਜਥੇਬੰਦੀਆਂ ਜਾ ਰਹੀਆਂ ਹਨ। ਪਿੰਡ ਸ਼ੇਰੇ ਵਾਲੇ ਤੋਂ ਕਿਸਾਨਾਂ ਦਾ ਜਥਾ ਇਕਾਈ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਪ੍ਰਚਾਰ ਸਕੱਤਰ ਮੋਗਾ (ਖੋਸਾ) ਦੀ ਅਗਵਾਈ ਹੇਠ ਕਿਸਾਨਾਂ ਦੇ ਦਿੱਲੀ ਕੂਚ ਦਾ ਸਮਰਥਨ ਕਰਦੇ ਹੋਏ ਖਨੌਰੀ ਬੈਰੀਅਰ ਲਈ ਰਵਾਨਾ ਹੋਇਆ।ਜਥਾ ਰਵਾਨਾ ਕਰਨ ਸਮੇਂ ਪਿੰਡ ਦੇ ਸਮੁੱਚੇ ਕਿਸਾਨਾਂ ਨੇ ਸਰਪੰਚ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਹਾਜ਼ਰ ਹੋ ਕੇ ਅਰਦਾਸ ਬੇਨਤੀ ਕੀਤੀ ਤੇ ਗੁਰੂ ਸਾਹਿਬ ਜੀ ਦਾ ਅਸ਼ੀਰਵਾਦ ਲੈ ਕੇ ਜਥਾ ਰਵਾਨਾ ਕੀਤਾ।

ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਛੱਡ ਟੈਕਨੀਕਲ ਸਰਵਿਸਿਜ਼ ਯੂਨੀਅਨ 'ਚ ਸ਼ਾਮਲ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਵੱਡੀ ਗਿਣਤੀ ਵਿੱਚ ਸਾਥੀ ਪੀਐੱਸਈਬੀ ਇੰਪਲਾਇਜ਼ ਫੈਡਰੇਸ਼ਨ ਨੂੰ ਛੱਡ ਕੇ ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਕੰਮਾਂ ਕਾਰਾਂ ਤੋਂ ਪ੍ਰਭਾਵਿਤ ਹੋ ਕੇ ਜਥੇਬੰਦੀ ਵਿੱਚ ਸ਼ਾਮਲ ਹੋਏ। ਟੈਕਨੀਕਲ ਸਰਵਿਸਿਜ਼ ਯੂਨੀਅਨ ਇਨਕਲਾਬੀ ਗਰੁੱਪ ਕਨਵੀਨਰ ਸਾਥੀ ਸੁਰਿੰਦਰ ਸ਼ਰਮਾ, ਸਰਕਲ ਪ੍ਰਧਾਨ ਜਗਤਾਰ, ਡਵੀਜ਼ਨ ਪ੍ਰਧਾਨ ਰਮਨਦੀਪ ਸਿੰਘ, ਡਵੀਜ਼ਨ ਸਕੱਤਰ ਗੁਰਦੇਵ ਸਿੰਘ, ਸਰਕਲ ਮੀਤ ਪ੍ਰਧਾਨ ਮਨਜੀਤ ਸਿੰਘ, ਸਿਟੀ ਸਬ ਡਵੀਜ਼ਨ ਪ੍ਰਧਾਨ, ਰਾਜੇਸ਼ ਕੁਮਾਰ, ਸਕੱਤਰ ਸਬ ਡਵੀਜ਼ਨ ਕੈਂਟ ਨੰਬਰ 2 ਰਵੀ ਸ਼ਰਮਾ ਬਜ਼ੀਦਪੁਰ ਨੇ ਸ਼ਾਮਲ ਹੋਏ ਸਾਥੀਆਂ ਨੂੰ ਯੂਨੀਅਨ ਵਿੱਚ ਆਉਣ 'ਤੇ ਜੀ ਆਇਆਂ ਨੂੰ ਕਿਹਾ ਅਤੇ ਨਾਲ ਹੀ ਸਾਥੀਆਂ ਨੂੰ ਵਿਸ਼ਵਾਸ ਦੁਆਇਆ ਕਿ ਕਿਸੇ ਵੀ ਸਾਥੀ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਆਉਂਦੀ ਹੈ ਤਾਂ ਜਥੇਬੰਦੀ ਹਮੇਸ਼ਾ ਉਨ੍ਹਾਂ ਦੇ ਨਾਲ ਖੜੀ ਹੈ।ਗਰੁੱਪ ਕਨਵੀਨਰ ਸੁਰਿੰਦਰ ਸ਼ਰਮਾ ਨੇ ਕਿਹਾ ਕਿ 295/19 ਵਾਲੇ ਸਹਾਇਕ ਲਾਇਨਮੈਨ ਸਾਥੀਆਂ ਦੀ ਲੜਾਈ ਨੂੰ ਜਥੇਬੰਦੀ ਬੜੀ ਗੰਭੀਰਤਾ ਨਾਲ ਲੈ ਰਹੀ ਹੈ।26 ਫਰਵਰੀ ਨੂੰ ਸਰਕਲ ਫ਼ਿਰੋਜ਼ਪੁਰ ਵਿਖੇ ਧਰਨਾ ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ।ਸੰਘਰਸ਼ ਨੂੰ ਤਿੱਖਾ ਕਰਕੇ ਪੰਜਾਬ ਸਰਕਾਰ ਤੇ ਪਾਰਵਕੋਮ ਦੀ ਮੈਨੇਜਮੈਂਟ ਤੇ ਦਬਾਅ ਨਾਲ ਜਲਦੀ ਇਸ ਮਸਲੇ ਦਾ ਹੱਲ ਕਰਾਉਣ ਦਾ ਭਰੋਸਾ ਦਿੱਤਾ।

ਸਾਇੰਸ ਮੇਲੇ 'ਚ ਪੈਰਾਡਾਈਜ਼ ਦੇ ਵਿਦਿਆਰਥੀ ਰਹੇ ਜੇਤੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕਰਵਾਏ ਦੋ ਰੋਜ਼ਾ ਸਾਇੰਸ ਮੇਲੇ ਵਿੱਚ ਭਾਗ ਲੈ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ। ਸਕੂਲ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਨੇ ਦੱਸਿਆ ਕਿ ਸਲੋਗਨ ਲਿਖਣ ਮੁਕਾਬਲੇ ਵਿੱਚੋਂ ਸਕੂਲ ਦੇ ਵਿਦਿਆਰਥੀ ਵਰਿੰਦਰ ਸਿੰਘ ਨੇ ਪਹਿਲਾ, ਕੁਇੱਜ਼ ਮੁਕਾਬਲੇ ਵਿੱਚੋਂ ਸਕੂਲ ਦੇ ਸਰਬਪ੍ਰੀਤ ਸਿੰਘ, ਮਾਨਵਜੋਤ ਕੌਰ ਤੇ ਹਰਮਨਜੋਤ ਕੌਰ ਦੀ ਟੀਮ ਨੇ ਪਹਿਲਾ, ਮਿਲਨ ਸਿੰਘ, ਜਸ਼ਨਪ੍ਰੀਤ ਕੌਰ ਤੇ ਦਿਆ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਪੰਜਾਬੀ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਅਰਵਿੰਦ ਤੇ ਪੀ ਐੱਸ ਸੀ ਟੀ ਦੇ ਜੁਆਇੰਟ ਡਾਇਰੈਕਟਰ ਡਾ. ਕੁਲਬੀਰ ਸਿੰਘ ਬਾਠ ਨੇ ਜੇਤੂਆਂ ਨੂੰ ਸਰਟੀਫਿਕੇਟ ਤੇ ਟਰਾਫ਼ੀਆਂ ਦੇ ਕੇ ਸਨਮਾਨਤ ਕੀਤਾ। ਇਹ ਸਾਇੰਸ ਮੇਲਾ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੌਜੀ ਤੇ ਮਿਨਸਟਰੀ ਆਫ਼ ਫੋਰੈਸਟ, ਇਨਵਾਇਰਮੈਂਟ ਤੇ ਕਲਾਈਮੇਟ ਚੇਂਜ਼ ਦੇ ਸਹਿਯੋਗ ਨਾਲ ਕੀਤਾ ਗਿਆ। ਵਿਦਿਆਰਥੀਆਂ ਨੇ ਗਾਰਡਨ, ਹਰਬੇਰੀਅਮ ਤੇ ਪ੍ਰਾਣੀ ਵਿਗਿਆਨ ਦੇ ਮਿਊਜ਼ੀਅਮ ਦਾ ਵੀ ਦੌਰਾ ਕੀਤਾ। ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਮਜ਼ਦੂਰਾਂ, ਕਿਸਾਨਾਂ 'ਤੇ ਗੋਲੀਆਂ ਚਲਾਉਣ ਵਾਲੀ ਮੋਦੀ ਹਕੂਮਤ ਖਿਲਾਫ਼ ਅੰਦੋਲਨ ਤੇਜ਼ ਕਰਨ ਦੀ ਲੋੜ : ਲਿਬਰੇਸ਼ਨ

ਭੀਖੀ (ਧਰਮਵੀਰ ਸ਼ਰਮਾ)

ਸੀਪੀਆਈ ਐਮਐਲ ਲਿਬਰੇਸ਼ਨ ਵੱਲੋਂ ਮਜ਼ਦੂਰਾਂ ਕਿਸਾਨਾਂ ਦੇ ਸੰਘਰਸ਼ ਦੇ ਪੱਖ ਆਵਾਜ਼ ਬੁਲੰਦ ਕੀਤੀ ਗਈ। ਲਿਬਰੇਸ਼ਨ ਵੱਲੋਂ ਮਜ਼ਦੂਰਾਂ, ਕਿਸਾਨਾਂ ਉੱਤੇ ਹਰਿਆਣੇ ਦੀ ਖੱਟੜ ਸਰਕਾਰ ਵੱਲੋਂ ਗੋਲੀਆਂ ਚਲਾ ਕੇ ਕਤਲ ਕੀਤੇ ਕਿਸਾਨਾਂ ਨੂੰ ਇਨਸਾਫ਼ ਤੇ ਭਾਜਪਾ ਦੀ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਢਾਹੇ ਜਬਰ ਖਿਲਾਫ ਦੇਸ਼ ਵਿਆਪੀ ਰੋਸ ਪ੍ਰਦਰਸ਼ਨ ਕੀਤਾ। ਉਸੇ ਦੀ ਲੜੀ ਵਜੋਂ ਲਿਬਰੇਸ਼ਨ ਦੀ ਭੀਖੀ ਇਕਾਈ ਵੱਲੋਂ ਮੋਦੀ ਤੇ ਅਮਿਤ ਸ਼ਾਹ ਦਾ ਪੁਤਲਾ ਫੂਕ ਕੇ ਕਿਸਾਨਾਂ ਮਜ਼ਦੂਰਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ।

ਇਕੱਠ ਨੂੰ ਸੰਬੋਧਨ ਕਰਦਿਆਂ ਭੀਖੀ ਬ੍ਰਾਂਚ ਦੇ ਸਕੱਤਰ ਕਾ. ਧਰਮਪਾਲ ਨੀਟਾ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਵਿਜੈ ਕੁਮਾਰ ਭੀਖੀ ਨੇ ਕਿਹਾ ਕਿ ਮਜ਼ਦੂਰਾਂ ਕਿਸਾਨਾਂ ਵੱਲੋਂ ਆਪਣੇ ਹੱਕਾਂ ਦੀ ਰਾਖੀ ਲਈ ਲਹਿਰ ਖੜੀ ਕਰਕੇ ਕੇਂਦਰ ਸਰਕਾਰ ਨੂੰ ਲੋਕ ਮਾਰੂ ਨੀਤੀਆਂ ਰੱਦ ਕਰ ਦੇਸ਼ ਹਿੱਤ ਵਿੱਚ ਫੈਸਲੇ ਲੈਣ ਦੀ ਅਪੀਲ ਕਰਦੇ ਹੋਏ ਦਿੱਲੀ ਚਲੋ ਦਾ ਨਾਅਰਾ ਦਿੱਤਾ, ਜਿੱਥੇ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਇਨ੍ਹਾਂ ਮਜ਼ਦੂਰਾਂ-ਕਿਸਾਨਾਂ ਦੀ ਗੱਲ ਸੁਣੇ, ਉਥੇ ਹੀ ਦੇਸ਼ ਦੇ ਹਰ ਨਾਗਰਿਕ ਨੂੰ ਆਪਣੇ ਦੇਸ਼ ਦੀ ਸਰਕਾਰ ਦੀਆਂ ਗ਼ਲਤ ਨੀਤੀਆਂ ਦਾ ਵਿਰੋਧ ਕਰਨ ਦਾ ਲੋਕਤੰਤਰਿਕ ਅਧਿਕਾਰ ਹੈ। ਆਰਐਸਐਸ ਭਾਜਪਾ ਦੀ ਮਨਸ਼ਾ ਦੇਸ਼ ਅੰਦਰ ਫ਼ਿਰਕੂ ਦੰਗੇ ਭੜਕਾ ਕੇ ਲੋਕਾਂ ਨੂੰ ਵੰਡ ਕੇ ਸੱਤਾ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ ਤਾਂ ਜੁ ਉਹ ਆਪਣੇ ਭਾਈਵਾਲਾਂ ਪੂੰਜੀਪਤੀ ਕਾਰਪੋਰੇਟ ਘਰਾਣਿਆਂ ਨੂੰ ਦੇਸ਼ ਦੀ ਸੰਪਤੀ ਕੌਡੀਆਂ ਦੇ ਭਾਅ ਵੇਚ ਕੇ ਦੇਸ਼ ਦੀ ਆਰਥਿਕਤਾ ਨੂੰ ਕਬਜ਼ੇ ਵਿੱਚ ਲੈ ਕੇ ਦੇਸ਼ ਦੇ ਮਜ਼ਦੂਰਾਂ ਨੂੰ ਸਸਤੀ ਲੇਬਰ ਵੱਜੋਂ ਅਤੇ ਕਿਸਾਨਾਂ ਦੀ ਜ਼ਮੀਨਾਂ ਖੋਹ ਕੇ ਕਿਸਾਨਾਂ ਨੂੰ ਬੇਜ਼ਮੀਨੇ ਕਰਕੇ ਖੇਤਾਂ ਵਿੱਚ ਗੁਲਾਮ ਬਣਾਇਆ ਜਾ ਸਕੇ, ਪਰ ਇਸ ਕਿਸਾਨ, ਮਜ਼ਦੂਰ ਅੰਦੋਲਨ ਨੇ ਆਰਐਸਐਸ ਭਾਜਪਾ ਦੀਆਂ ਚਾਲਾ ਨੂੰ ਨਕਾਰਦੇ ਹੋਏ ਲੋਕ ਮੁੱਦਿਆਂ ਨੂੰ ਉਭਾਰ ਦਿੱਤਾ ਹੈ, ਬੜੀ ਜਲਦੀ ਹੀ ਇਹ ਜਨਤਾ ਭਾਜਪਾ ਆਰਐਸਐਸ ਨੂੰ ਸੱਤਾ ਤੋਂ ਵੀ ਬਾਹਰ ਕਰਕੇ ਆਪਣੇ ਹੱਕਾਂ ਦੇ ਨਾਲ ਨਾਲ ਲੋਕਤੰਤਰ ਨੂੰ ਬਚਾਉਣ ਦਾ ਕੰਮ ਵੀ ਕਰੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਮਜ਼ਦੂਰਾਂ ਦਾ ਇਹ ਅੰਦੋਲਨ ਇੱਕ ਨਵਾਂ ਇਤਿਹਾਸ ਸਿਰਜੇਗਾ। ਆਗੂਆਂ ਨੇ ਕਿਸਾਨ ਅੰਦੋਲਨ ਵਿੱਚ ਗੋਲੀ ਮਾਰ ਕੇ ਕਤਲ ਕੀਤੇ ਬੱਲੋਂ ਪਿੰਡ ਦੇ ਸ਼ੁਭਕਰਨ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਦੋਸ਼ੀ ਪੁਲਿਸ ਅਫ਼ਸਰਾਂ, ਗ੍ਰਹਿ ਮੰਤਰੀ ਅਨਿਲ ਵਿੱਜ ਸਮੇਤ ਮੁੱਖ ਮੰਤਰੀ ਤੇ ਪਰਚਾ ਦਰਜ ਕਰਨ ਦੀ ਮੰਗ ਕੀਤੀ। ਇਸ ਮੌਕੇ ਕਾ. ਰਘਵੀਰ ਸਿੰਘ, ਅਜੈਬ ਸਿੰਘ, ਸੁਖਾ ਰਾਮ ਪੀਕੇਯੂ, ਕਰਨੈਲ ਸਿੰਘ

26-FEB-PAGE-3.qxd 2/25/2024 9:47 PM Page 1

ਸ਼ੈਲਰ ਐਸੋਸੀਏਸ਼ਨ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ : ਬਰਾੜ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ / ਪੂਜਾ / ਪਰਮਜੀਤ ਸਿੰਘ) : ਸਥਾਨਕ ਗੁਰੂਹਰਸਹਾਏ ਰੋਡ ਸਥਿਤ ਪ੍ਰੀਤ ਰਾਈਸ ਮਿਲ ਵਿਖੇ ਸਮੂਹ ਸੈਲਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਹੋਈ ਜਿਸ ਵਿੱਚ ਅਹੁਦੇਦਾਰਾਂ ਸਮੇਤ ਮੈਂਬਰਾਂ ਦੀ ਚੋਣ ਸਰਵਸੰਮਤੀ ਨਾਲ ਕੀਤੀ ਗਈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸੀਡ ਕਾਰਪੋਰੇਸ਼ਨ ਪੰਜਾਬ ਦੇ ਵਾਈਸ ਪ੍ਰਧਾਨ ਜ਼ਸਨ ਬਰਾੜ ਲੱਖੇਵਾਲੀ, ਸੀਨੀਅਰ ਆਗੂ ਸਰਬਜੀਤ ਸਿੰਘ ਹੈਪੀ ਭੁੱਲਰ ਅਤੇ ਕੱਚਾ ਆੜਤੀਆ ਐਸੋਸੀਏਸ਼ਨ ਦੇ ਚੇਅਰਮੈਨ ਮੇਘ ਰਾਜ ਗਰਗ ਵਿਸ਼ੇਸ਼ ਤੌਰ 'ਤੇ ਪਹੁੰਚੇ।

ਮੀਟਿੰਗ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸਾਰਿਆਂ ਦੀ ਮੌਜੂਦਗੀ ਵਿੱਚ ਸੈਲਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਦਾ ਐਲਾਨ ਕਰਦਿਆਂ ਪਾਰਟੀ ਦੇ ਸੀਨੀਅਰ ਅਹੁਦੇਦਾਰ ਜਸਵੰਤ ਸਿੰਘ ਸੰਧੂ ਨੂੰ ਚੇਅਰਮੈਨ ਅਤੇ ਵਿਕਾਸ ਗਰਗ ਨੂੰ ਪ੍ਰਧਾਨ ਨਿਯੁਕਤ ਕੀਤਾ। ਜਿਸ 'ਤੇ ਸਮੂਹ ਸੈਲਰ ਭਾਈਚਾਰੇ ਨੇ ਤਾੜੀਆਂ ਨਾਲ ਸਵਾਗਤ ਕੀਤਾ। ਇਸ ਤੋਂ ਇਲਾਵਾ ਸਨੀ ਆਹੂਜਾ, ਰਵੀ ਗਰਗ, ਵੀਰਪਾਲ ਬੁੱਗੀ, ਸੁਨੀਲ ਯਾਦਵ, ਸੋਨੂੰ ਸ਼ਰਮਾ, ਚਿਰਾਗ ਗਿਰਧਰ ਅਤੇ ਮੋਹਿਤ ਗੂੰਬਰ ਨੂੰ ਮੈਂਬਰ ਨਾਮਜਦ ਕੀਤਾ ਗਿਆ। ਇਸ ਮੌਕੇ ਬੋਲਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸਾਰਿਆਂ ਨੂੰ ਇੱਕਜੁਟ ਰਹਿਣ ਦੀ ਅਪੀਲ ਕਰਦਿਆਂ ਵਿਸ਼ਵਾਸ਼ ਦੁਆਇਆ ਕਿ ਉਹ ਉਨ੍ਹਾਂ ਦੇ ਮੋਢੇ ਨਾਲ ਮੋਢਾ ਲਗਾਕੇ ਖੜੇ ਹਨ। ਉਨ੍ਹਾਂ ਦੀ ਹਰ ਇੱਕ ਮੁਸ਼ਕਲ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ। ਇਸ ਦੌਰਾਨ ਨਵਨਿਯੁਕਤ ਚੇਅਰਮੈਨ ਜਸਵੰਤ ਸਿੰਘ ਸੰਧੂ ਅਤੇ ਪ੍ਰਧਾਨ ਵਿਕਾਸ ਗਰਗ ਨੇ ਭਰੋਸਾ ਦੁਆਇਆ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸਾਰੇ ਹੀ ਭਾਈਚਾਰੇ ਨੂੰ ਨਾਲ ਲੈ ਕੇ ਚੱਲਣਗੇ। ਇਸ ਮੌਕੇ ਬਲਦੇਵ ਅਰੋੜਾ, ਪੱਪੂ ਯਾਦਵ, ਰਾਜਿੰਦਰ ਗੁਪਤਾ, ਵਰਿੰਦਰ ਢਿੱਲੋਂ, ਤਰਸੇਮ ਸਿੰਘ, ਦੀਪਕ ਗਿਰਧਰ, ਵਿਪਨ ਵਾਟਸ, ਵਿਜੈ ਰੁਪਾਣਾ, ਇਕਬਾਲ ਸਿੰਘ ਵੜਿੰਗ, ਰਮਨ ਕੁਮਾਰ, ਕਪਿਲ ਅਹੂਜਾ, ਰਾਜ ਮਿਗਲਾਨੀ, ਰਾਜਿੰਦਰ ਕੁਮਾਰ ਆਦਿ ਹਾਜ਼ਰ ਸਨ।

ਘਰ-ਘਰ ਆਟਾ ਯੋਜਨਾ ਨੇ ਲੋਕਾਂ ਨੂੰ ਅਸਲ 'ਚ ਮੰਗਤੇ ਬਣਾਇਆ : ਸੀ ਪੀ ਆਈ

ਕੋਟਰਪੂਰਾ , (ਰਛਪਾਲ ਭੁੱਲਰ) ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਐਗਜੈਕਟਿਵ ਮੈਂਬਰ ਬਲਵੀਰ ਸਿੰਘ ਔਲਖ, ਗੋਰਾ ਸਿੰਘ ਪਿਪਲੀ, ਮਨਜੀਤ ਕੌਰ ਨੱਥੇਵਾਲਾ ਆਦਿ ਆਗੂਆਂ ਨੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦੌਰਾਨ ਕਿਹਾ ਕਿ ਲੋਕ ਪੂਰਾ ਸਿਆਲ ਲੋਕਾਂ ਨੂੰ ਕਣਕ ਨਹੀਂ ਵੰਡੀ ਗਈ ਹੁਣ ਵੀ ਆਟਾ ਯੋਜਨਾ ਤਹਿਤ ਲੋਕਾਂ ਨੂੰ ਅਨਾਜ ਨਹੀਂ ਵੰਡਿਆ ਜਾ ਰਿਹਾ ਸਗੋਂ ਪੰਜ ਪੰਜ ਕਿਲੋ ਦੀ ਲਿਫਾਫਿਆਂ ਵਿੱਚ ਆਟਾ ਪਾ ਕੇ ਲੋਕਾਂ ਨੂੰ ਅਸਲ ਵਿੱਚ ਮੰਗਤੇ ਬਣਾਇਆ ਜਾ ਰਿਹਾ ਹੈ ਜੋ ਕਿ ਫੂਡ ਸਕਿਉਰਟੀ ਐਕਟ ਦੀ ਉਲੰਘਣਾ ਹੈ ਭਾਰਤੀ ਕਮਿਊਨਿਸਟ ਪਾਰਟੀ ਇਸ ਦਾ ਡੱਟ ਕੇ ਵਿਰੋਧ ਕਰੇਗੀ ਪੰਜਾਬ ਦਾ ਮੁੱਖ ਮੰਤਰੀ ਜੋ ਕਿ ਹੁਣ ਤੱਕ ਲੋਕਾਂ ਨੂੰ ਮੰਗਤੇ ਨਾ ਬਣਾ ਕੇ ਰੁਜਗਾਰ ਦੇਣ ਦੀ ਗੱਲ ਕਰਦਾ ਸੀ, ਪਰ ਆਪ ਹੁਣ ਉਹਨਾਂ ਗੱਲਾਂ ਤੋਂ ਭੱਜ ਰਿਹਾ ਹੈ ਲੋਕਾਂ ਨੂੰ ਪੰਜ ਪੰਜ ਕਿਲੋ ਅਨਾਜ ਦੇ ਕੇ ਸਿਰਫ ਜਿਉਣ ਯੋਗ ਰੱਖਿਆ ਜਾ ਰਿਹਾ ਹੈ ਜਦੋਂ ਕਿ ਪਹਿਲਾਂ ਦੀਆਂ ਸਰਕਾਰਾਂ ਲੋਕਾਂ ਨੂੰ ਕਣਕ ਦੇ ਗੱਟੇ ਭਰ ਭਰ ਕੇ ਦਿੰਦੀਆਂ ਸਨ, ਪਰ ਇਹਨਾਂ ਨੇ ਲਿਫਾਫਿਆਂ ਵਿੱਚ ਆਟਾ ਪਾ ਕੇ ਲੋਕਾਂ ਨੂੰ ਵੰਡਣਾ ਸ਼ੁਰੂ ਕਰ ਦਿੱਤਾ ਹੈ ਜੋ ਕਿ ਬਿਲਕੁੱਲ ਗਲਤ ਹੈ। ਇਸ ਸਮੇਂ ਗੁਰਚਰਨ ਸਿੰਘ ਔਲਖ ਰੁਪਿੰਦਰ ਕੌਰ ਔਲਕ ਪੱਪੀ ਸਿੰਘ ਢਿਲਵਾਂ ਵੀਰਪਾਲ ਕੌਰ ਬੱਗੇਆਣਾ ਅਤੇ ਦਿਹਾੜੀ ਮਜਦੂਰ ਸਭਾ ਦੇ ਜਿਲਾ ਆਗੂ ਬਲਕਾਰ ਸਿੰਘ ਔਲਖ ਵੀ ਹਾਜ਼ਰ ਸਨ।

ਹਰਿਆਣਾ 'ਚ ਸੈਰ-ਸਪਾਟਾ ਤੇ ਹੋਟਲ ਕਾਰੋਬਾਰ 'ਚ ਰੁਜ਼ਗਾਰ ਦੀਆਂ ਅਪਾਰ ਸੰਭਾਵਨਾਵਾਂ : ਮੁੱਖ ਮੰਤਰੀ

ਚੰਡੀਗੜ੍ਹ (ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸੈਰ-ਸਪਾਟਾ ਦਾ ਅਰਥਵਿਵਸਥਾ ਵਿਚ ਮਹਤੱਵਪੂਰਨ ਯੋਗਦਾਨ ਹੁੰਦਾ ਹੈ। ਇਸ ਖੇਤਰ ਵਿਚ ਉਦਮਤਾ (ਇੰਟਰਪ੍ਰੇਨਿਯੋਰਸ਼ਿਪ) ਦਾ ਵੀ ਵੱਡਾ ਸਕੋਪ ਹੈ। ਉਨ੍ਹਾ ਇਹ ਗੱਲ ਐਤਵਾਰ ਨੂੰ ਗੁਰੂਗ੍ਰਾਮ ਦੇ ਸੈਕਟਰ-69 ਵਿਚ ਓਇਯੋ ਐਕਸਲਰੇਟਰ ਪ੍ਰੋਗ੍ਰਾਮ ਦੀ ਸ਼ੁਰੂਆਤ ਕਰਦੇ ਹੋਏ ਕਹੀ। ਉਨ੍ਹਾਂ ਨੇ ਓਇਯੋ ਵੱਲੋਂ ਨਵੇਂ ਉਦਮੀਆਂ ਨੂੰ ਪ੍ਰੋਤਸਾਹਨ ਦੇਣ ਲਈ ਸ਼ੁਰੂ ਐਕਸੀਲਿਰੇਟਰ ਪ੍ਰੋਗ੍ਰਾਮ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਪ੍ਰੋਗ੍ਰਾਮ ਨਵੇਂ ਉਦਮੀਆਂ ਨੂੰ ਅੱਗੇ ਵਧਾਉਣ ਵਿਚ ਕਾਰਗਰ ਸਾਬਤ ਹੋਵੇਗਾ।

ਮਨੋਹਰ ਲਾਲ ਨੇ ਕਿਹਾ ਕਿ ਹੋਟਲ ਕਾਰੋਬਾਰ ਵਿਚ ਰੁਜ਼ਗਾਰ ਦੀਆਂ ਅਪਾਰ ਸੰਭਾਵਨਾਵਾਂ ਹਨ, ਇਸ ਦੇ ਲਈ ਸਰਕਾਰ ਲਗਾਤਾਰ ਯਤਨਸ਼ੀਲ ਹੈ। ਨਾਲ ਹੀ ਸਰਕਾਰ ਆਪਣਾ ਕਾਰੋਬਾਰ ਸ਼ੁਰੂ ਕਰਨ ਵਾਲਿਆਂ ਨੂੰ ਪੂਰਾ ਸਪੋਰਟ ਕਰੇਗੀ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਦੀਪ ਜਲਾ ਕੇ ਪ੍ਰੋਗ੍ਰਾਮ ਦੀ ਸ਼ੁਰੂਆਤ ਕੀਤੀ। ਸਟਾਰਟਅੱਪ ਪ੍ਰੋਗ੍ਰਾਮ ਵਿਚ ਹਰਿਆਣਾ ਦਾ ਵਿਸ਼ੇਸ਼ ਯੋਗਦਾਨ ਹੈ। ਨੌਜੁਆਨਾਂ ਨੂੰ ਅੱਜ ਪਾਰਦਰਸ਼ੀ ਢੰਗ ਨਾਲ ਮਿਸ਼ਨ ਮੈਰਿਟ ਦੇ ਆਧਾਰ 'ਤੇ ਨੌਕਰੀ ਮਿਲ ਰਹੀ ਹੈ। ਇਸ ਵਿਚ ਉਨ੍ਹਾਂ ਨੇ ਓਇਯੋ ਐਕਸਲਰੇਟਰ ਪ੍ਰੋਗ੍ਰਾਮ ਦੇ ਤਹਿਤ ਗੁਰੂਗ੍ਰਾਮ ਨਿਵਾਸੀ ਬਬੀਤਾ ਯਾਦਵ ਨੂੰ ਤੀਹ ਲੱਖ ਰੁਪਏ, ਸੋਨੀਪਤ ਨਿਵਾਸੀ ਦੀਪਕ ਸਿੰਘ ਰਾਣਾ ਨੂੰ ਪੰਦਰਾਂ ਲੱਖ ਰੁਪਏ ਅਤੇ ਗੁਰੂਗ੍ਰਾਮ ਨਿਵਾਸੀ ਵਿਜੈ ਯਾਦਵ ਨੂੰ ਦੱਸ ਲੱਖ ਰੁਪਏ ਦੀ ਵਿੱਤੀ ਸਹਾਇਤਾ ਰਕਮ ਦੇ ਚੈਕ ਵੰਡੇ।

ਮਾਲਵੇ ਦਾ ਪ੍ਰਸਿੱਧ ਰੌਸ਼ਨੀ ਮੇਲਾ ਸ਼ੁਰੂ

ਜਗਰਾਉਂ (ਅਮਿਤ ਖੰਨਾ)- ਮਾਲਵੇ ਦਾ ਪ੍ਰਸਿੱਧ ਰੌਸ਼ਨੀ ਮੇਲਾ ਮਾਂ ਦਰਗਾਹ ਹਜਰਤ ਬਾਬਾ ਮੋਹਕਮ ਦੀਨ ਤੇ ਵਲੀ ਅੱਲ੍ਹਾ ਦੀ ਦਰਗਾਹ ਕਮਲ ਤੋਂ ਕਰ ਇਲਾਵਾ ਪਿੰਡ ਪੋਨਾਂ ਦੀ ਦਰਗਾਹ ਵਿਖੇ ਸ਼ੁਰੂ ਹੋ ਚੁੱਕਾ ਹੈ। ਮੇਲੇ ਦੇ ਪਹਿਲੇ ਦਿਨ ਦੀ ਗੱਦੀਨਸ਼ੀਨ ਸੂਫੀ ਨੂਰਦੀਨ ਨਕਸਬੰਦੀ ਵੱਲੋਂ ਵੱਲੋਂ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ ਤੇ ਮੇਲੇ ਦੇ ਪਹਿਲੇ ਦਿਨ ਹਜਾਰਾਂ ਦੀ ਤਦਾਦ 'ਚ ਸੰਗਤਾਂ ਨੇ ਦਰਗਾਹ 'ਤੇ ਨਤਮਸਤਕ ਹੋਣ ਆਈਆਂ ਤੇ ਰੌਸ਼ਨੀ ਦਾ ਮੇਲਾ ਪੀਰਾਂ-ਪੈਗੰਬਰਾਂ, ਗੁਰੂਆਂ-ਰਿਸ਼ੀਆਂ ਮੁਨੀਆਂ ਦੀ ਧਰਤੀ ਪੰਜਾਬ ਤੇ ਪੰਜਾਬੀ ਸੱਭਿਆਚਾਰ 'ਚ ਵਿਸ਼ੇਸ਼ ਸਥਾਨ ਰੱਖਦਾ ਹੈ। ਬਾਬਾ ਮੋਹਕਮ ਦੀਨ ਦੇ ਰੋਜੇ ਮੌਕੇ ਲੱਗਣ ਵਾਲੇ ਰੌਸ਼ਨੀ ਦੇ ਤਿੰਨ ਦਿਨਾ ਮੇਲੇ ਦੌਰਾਨ ਪੂਰੀ ਗਹਿਮਾ ਗਹਿਮੀ ਰਹਿੰਦੀ ਤੇ ਸਰਧਾਲੂ ਦਰਗਾਹ 'ਤੇ ਲੂਣ, ਤੇਲ, ਝਾੜੂ ਤੇ ਪਤਾਸਿਆਂ ਦਾ ਪ੍ਰਸਾਦ ਚੜ੍ਹਾਇਆ ਜਾਂਦਾ ਹੈ। ਰੌਸ਼ਨੀ ਮੇਲੇ ਦੌਰਾਨ ਪੁਰਾਤਨ ਕੁਸ਼ਤੀਆਂ ਦੇ ਮੁਕਾਬਲੇ ਵੀ ਕਰਾਏ ਜਾਂਦੇ ਹਨ। ਦਰਗਾਹ ਬਾਬਾ ਹਜਰਤ ਮੋਹਕਮਦੀਨ ਵਲੀ ਅੱਲ੍ਹਾ ਦੇ ਗੱਦੀ ਨਸ਼ੀਨ ਨੂਰਦੀਨ ਤੇ ਸਧਰਦਦਾਰੀ ਫਜਲਦੀਨ ਨੇ ਸੰਗਤਾਂ ਨੂੰ ਜੀ ਆਇਆ ਆਖਿਆ ਕਿਹਾ ਕਿ ਮੇਲੇ 'ਚ ਆਉਣ ਵਾਲੀਆਂ ਸੰਗਤਾਂ ਲਈ ਰਹਿਣ ਤੇ ਲੰਗਰ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ।

ਸਕੂਲ ਆਫ ਐਮੀਨੈਂਸ ਘੱਗਾ ਦਾ ਨਾਂਅ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਦਾ ਨਾਂਅ 'ਤੇ ਰੱਖਿਆ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਦੇਸ ਦੀ ਆਜ਼ਾਦੀ ਲਈ ਅਹਿਮ ਯੋਗਦਾਨ ਪਾਉਣ ਵਾਲੇ ਦੇਸ਼ ਭਗਤਾਂ ਆਜ਼ਾਦੀ ਘੁਲਾਟੀਆਂ ਦੇ ਨਾਂਅ 'ਤੇ ਸਰਕਾਰੀ ਸਕੂਲਾਂ ਦੇ ਨਾਂਅ ਰੱਖਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਜਿਸਦੇ ਤਹਿਤ ਸਕੂਲ ਆਫ ਐਮੀਨੈਂਸ ਘੱਗਾ ਦਾ ਨਾਂਅ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਸਕੂਲ ਆਫ ਐਮੀਨੇਸ ਰੱਖਿਆ ਗਿਆ ਹੈ। ਇਸ ਦੌਰਾਨ ਉਨ੍ਹਾਂ ਦੇ ਪੁੱਤਰੀ ਸਤਪਾਲ ਕੌਰ ਸੋਹੀ ਢੀਂਡਸਾ, ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਅਤੇ ਸਕੂਲ ਸਟਾਫ ਦੇ ਸਹਿਯੋਗ ਨਾਲ ਦੇਸ਼ ਭਗਤ ਹਰਭਜਨ ਸਿੰਘ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਅਤੇ ਦਲਬੀਰ ਸਿੰਘ ਗਿੱਲ ਯੂਕੇ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਦੀ ਕੁਰਬਾਨੀ ਨੂੰ ਯਾਦ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਸੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਜਿੱਥੇ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਵੱਡੇ ਸੁਧਾਰ ਕਰਨ ਦੇ ਯਤਨ ਕਰ ਰਹੀ ਹੈ ਉੱਥੇ ਦੇਸ ਦੀ ਆਜ਼ਾਦੀ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਦੇਸ਼ ਭਗਤਾਂ ਦੀ ਯਾਦ ਨੂੰ ਤਾਜਾ ਰੱਖਣ ਲਈ ਸਰਕਾਰ ਵੱਲੋਂ ਅਹਿਮ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਖੁਸ਼ੀ ਦਾ ਇਜਹਾਰ ਕਰਦਿਆਂ ਕਿਹਾ ਕਿ ਆਜਾਦੀ ਦੀ ਲੜਾਈ ਵਿੱਚ ਆਪਣਾ ਯੋਗਦਾਨ ਪਾਉਣ ਵਾਲੇ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਦੀ ਯਾਦ ਵਿੱਚ ਸਕੂਲ ਆਫ ਐਮੀਨੈਂਸ ਘੱਗਾ ਦਾ ਨਾਂਅ ਰੱਖੇ ਜਾਣਾ ਉਨਾਂ ਨੂੰ ਸਰਧਾਂਜ਼ਲੀ ਹੈ। ਲੋਕ ਸਭਾ ਹਲਕਾ ਪਟਿਆਲਾ ਤੋਂ ਆਪ ਆਗੂ ਦਲਬੀਰ ਸਿੰਘ ਗਿੱਲ ਯੂਕੇ ਨੇ ਕਿਹਾ ਕਿ ਮਾਨ ਸਰਕਾਰ ਰੰਗਲਾ ਪੰਜਾਬ ਸਿਰਜਣ ਲਈ ਜਿੱਥੇ ਖੇਡਾਂ ਦੇ ਖੇਤਰ ਵਿੱਚ ਵੱਡੇ ਕਾਰਜ ਕਰ ਰਹੀ ਹੈ ਉੱਥੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਜਾਦੀ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲਿਆਂ ਦੇ ਸੰਘਰਸ਼ ਤੋਂ ਜਾਣੂ ਕਰਵਾਉਣਾ ਹੈ। ਸਟੇਜ ਸਕੱਤਰ ਦੀ ਜੁੰਮੇਵਾਰੀ ਸ੍ਰੀਮਤੀ ਕਿਰਨ ਬਾਲਾ ਲੈਕਚਰਾਰ ਨੇ ਬਾਖੂਬੀ ਨਿਭਾਈ। ਸਤਪਾਲ ਕੌਰ ਸੋਹੀ ਢੀਂਡਸਾ ਨੇ ਸੁਤੰਤਰਤਾ ਸੰਗਰਾਮੀ ਹਰਭਜਨ ਸਿੰਘ ਦੀ ਜੀਵਨੀ ਬਾਰੇ ਆਏ ਹੋਏ ਮਹਿਮਾਨਾਂ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਅਤੇ ਦੇਸ ਭਗਤਾਂ ਦੇ ਪਾਏਂ ਪੂਰਨਿਆਂ ਤੇ ਚੱਲਣ ਲਈ ਪ੍ਰੇਰਿਤ ਕੀਤਾ। ਸੁਤੰਤਰਤਾ ਸੰਗਰਾਮੀ ਪਰਿਵਾਰ ਸਤਪਾਲ ਕੌਰ ਸੋਹੀ ਢੀਂਡਸਾ ਅਤੇ ਪਰਦੁਮਨ ਸਿੰਘ ਢੀਂਡਸਾ ਵੱਲੋਂ ਵਿਧਾਇਕ ਕੁਲਵੰਤ ਸਿੰਘ ਬਾਜੀਗਰ, ਦਲਬੀਰ ਸਿੰਘ ਗਿੱਲ, ਪ੍ਰਿੰਸੀਪਲ, ਸਕੂਲ ਸਟਾਫ, ਮਹਿਮਾਨਾਂ, ਰਿਸਤੇਦਾਰ , ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸਨ ਪੰਜਾਬ ਦੇ ਆਗੂਆਂ ਦਾ ਸਨਮਾਨ ਕੀਤਾ ਗਿਆ। ਮੁੱਖ ਮਹਿਮਾਨ ਵਲੋਂ ਸੋਹੀ ਅਤੇ ਢੀਂਡਸਾ ਪਰਿਵਾਰ ਰੁਪਿੰਦਰਪਾਲ ਸਿੰਘ ਢੀਂਡਸਾ, ਸਤਿੰਦਰਪਾਲ ਸਿੰਘ ਢੀਂਡਸਾ ਸਮੇਤ ਬੱਚਿਆਂ ਦਾ ਵਿਸੇਸ ਸਨਮਾਨ ਕੀਤਾ। ਇਸ ਮੌਕੇ ਅਮਰਪ੍ਰੀਤ ਬੋਬੀ ਜ਼ਿਲ੍ਹਾ ਪ੍ਰਧਾਨ, ਗੁਰਇਕਬਾਲ ਸਿੰਘ ਸੰਧੂ, ਕਮਲਦੀਪ ਸਿੰਘ ਗਿੱਲ, ਬਲਜੀਤ ਕੌਰ ਗਰੇਵਾਲ, ਪ੍ਰਿੰਸੀਪਲ ਸੁਖਜਿੰਦਰ ਕੌਰ, ਨੰਦ ਲਾਲ ਸਰਮਾ ਸਹਿਰੀ ਪ੍ਰਧਾਨ ਆਮ ਆਦਮੀ ਪਾਰਟੀ, ਮੋਤੀ ਗੁੱਜਰ, ਬਲਦੇਵ ਬੇਦੀ, ਜਸਵਿੰਦਰ ਗੋਪੀ, ਮਨਦੀਪ ਸਰਮਾ, ਸਤਿਗੁਰ ਸਿੰਘ ਧੂਹੜ, ਕੁਲਦੀਪ ਸਿੰਘ ਥਿੰਦ, ਸਕਤੀ ਗੋਈਲ, ਕੌਂਸਲਰ ਗੁਰਪ੍ਰੀਤ ਸਿੰਘ ਗੁਰੀ, ਜੱਸ ਘੱਗਾ ਅਤੇ ਅਵਤਾਰ ਸਿੰਘ ਆਦਿ ਹਾਰਰ ਸਨ।

ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਜਨਮ ਦਿਨ ਮਨਾਇਆ

ਸੁਨਾਮ ਊਧਮ ਸਿੰਘ ਵਾਲਾ (ਸਰਬਜੀਤ ਨੀਲੋਵਾਲ): ਨੇੜਲੇ ਪਿੰਡ ਨੀਲੋਵਾਲ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ 647ਵਾਂ ਜਨਮ ਦਿਨ ਮਨਾਇਆ ਗਿਆ ਅਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਸੰਗਤਾਂ ਲਈ ਲੰਗਰ ਅਤੂੱਟ ਵਰਤਾਇਆ ਗਿਆ। ਇਸ ਮੌਕੇ ਪਹੁੰਚੇ ਵਿਤ ਮੰਤਰੀ ਹਰਪਾਲ ਸਿੰਘ ਚੀਮਾਂ ਨੇ ਸ਼ਿਰਕਤ ਕੀਤੀ, ਉਨ੍ਹਾਂ ਨੂੰ ਪ੍ਰਬੰਧਕ ਕਮੇਟੀ ਵਲੋਂ ਸਿਰੋਪਾਓ ਭੇਟ ਕੀਤਾ ਗਿਆ। ਧਰਮਸ਼ਾਲਾ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਵਿੱਤ ਮੰਤਰੀ ਚੀਮਾ ਨੇ ਗਿਆਰਾਂ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਇਸ ਮੌਕੇ ਵਿੱਤ ਮੰਤਰੀ ਚੀਮਾ ਅਤੇ ਲਾਭ ਸਿੰਘ ਨੀਲੋਵਾਲ ਤੋਂ ਇਲਾਵਾ ਬਸਪਾ ਦੇ ਆਗੂ ਬੰਤ ਸਿੰਘ ਕੈਂਪਰ ਅਤੇ ਅੰਬੇਡਕਰ ਮਜ਼ਦੂਰ ਚੇਤਨਾ ਮੰਚ ਦੇ ਆਗੂ ਕਰਨੈਲ ਸਿੰਘ ਨੀਲੋਵਾਲ ਨੇ ਵੀ ਆਪਣੀ ਹਾਜ਼ਰੀ ਲਗਵਾਈ। ਅੰਬੇਡਕਰ ਮਜਦੂਰ ਚੇਤਨਾ ਮੰਚ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਨੀਲੋਵਾਲ ਨੇ ਰਿਜਰਵੇਸ਼ਨ ਚੋਰ ਫੜੋ ਮੋਰਚੇ ਦੇ ਆਗੂ ਬਲਵੀਰ ਸਿੰਘ ਆਲਮਪੁਰ 'ਤੇ ਪਾਏ ਕਥਿਤ ਝੂਠੇ ਕੇਸ ਰੱਦ

26-feb-PAGE-4-2024.qxd 2/25/2024 9:46 PM Page 1

ਨਵਾਂ ਜ਼ਮਾਨਾ
ਸੋਮਵਾਰ, 26 ਫਰਵਰੀ 2024

ਯੂ ਪੀ ਸਰਕਾਰ 'ਤੇ ਇਕ ਹੋਰ ਕਲੰਕ

ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆ ਨਾਥ ਨੇ ਸ਼ਨੀਵਾਰ ਯੂ ਪੀ ਪੁਲਸ ਕਾਂਸਟੇਬਲ ਭਰਤੀ ਪ੍ਰੀਖਿਆ-2023 ਰੱਦ ਕਰਨ ਤੇ ਛੇ ਮਹੀਨਿਆਂ ਵਿਚ ਦੁਬਾਰਾ ਕਰਾਉਣ ਦੇ ਹੁਕਮ ਦਿੱਤੇ ਹਨ। ਪ੍ਰੀਖਿਆ 17-18 ਫਰਵਰੀ ਨੂੰ ਹੋਈ ਸੀ ਤੇ ਨੌਜਵਾਨਾਂ ਨੇ ਪੇਪਰ ਲੀਕ ਹੋਣ ਦੇ ਖਿਲਾਫ 19 ਫਰਵਰੀ ਤੋਂ ਮੁਜ਼ਾਹਰੇ ਸ਼ੁਰੂ ਕਰ ਦਿੱਤੇ ਸਨ। ਜਦੋਂ ਇਸ ਮਸਲੇ ਨੂੰ 23 ਫਰਵਰੀ ਨੂੰ 'ਭਾਰਤ ਜੋੜੋ ਨਿਆਏ ਯਾਤਰਾ' ਦੌਰਾਨ ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਨੇ ਚੁੱਕਿਆ ਤਾਂ ਲੋਕ ਸਭਾ ਚੋਣਾਂ ਦੇ ਐਨ ਪਹਿਲਾਂ ਹੋਈ ਫਜ਼ੀਹਤ ਨੂੰ ਦੇਖਦਿਆਂ ਯੋਗੀ ਨੇ ਪ੍ਰੀਖਿਆ ਰੱਦ ਕਰਨ ਦਾ ਤੁਰੰਤ ਐਲਾਨ ਕਰ ਦਿੱਤਾ, ਜਦਕਿ ਉਨ੍ਹਾ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰੀਆ ਨੇ ਦਾਅਵਾ ਕੀਤਾ ਸੀ ਕਿ ਪੇਪਰ ਲੀਕ ਹੋਣ ਦੇ ਦਾਅਵੇ ਗਲਤ ਹਨ। ਰਾਹੁਲ ਨੇ ਆਪਣੀ ਯਾਤਰਾ ਦੌਰਾਨ ਪੇਪਰ ਲੀਕ ਹੋਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਖਾਮੋਸ਼ੀ 'ਤੇ ਸਵਾਲ ਉਠਾਉਂਦਿਆਂ ਕਿਹਾ ਸੀ ਕਿ ਲਖਨਊ ਤੋਂ ਲੈ ਕੇ ਪ੍ਰਯਾਗਰਾਜ ਤੱਕ ਪੇਪਰ ਲੀਕ ਹੋਣ ਖਿਲਾਫ ਨੌਜਵਾਨ ਸੜਕਾਂ 'ਤੇ ਹਨ ਤੇ ਉਹ ਵਾਰਾਨਸੀ ਵਿਚ ਨੌਜਵਾਨਾਂ ਦੇ ਨਾਂਅ 'ਤੇ ਦੇਸ਼ ਨੂੰ ਗੁੰਮਰਾਹ ਕਰਨ ਲੱਗੇ ਹੋਏ ਹਨ। ਪ੍ਰਿਅੰਕਾ ਨੇ ਕਿਹਾ ਕਿ ਨੌਜਵਾਨਾਂ ਦੀ ਤਾਕਤ ਅੱਗੇ ਝੂਠ ਟਿਕ ਨਹੀਂ ਸਕਿਆ। ਪੇਪਰ ਲੀਕ ਹੋਣਾ ਭਾਜਪਾ ਰਾਜ ਵਿਚ ਚੱਲ ਰਿਹਾ ਭ੍ਰਿਸ਼ਟਾਚਾਰ ਦਾ ਸਬੂਤ ਤਾਂ ਹੈ ਹੀ, ਇਸ ਤੋਂ ਵੱਧ ਸਰਕਾਰ ਦਾ ਬੇਪਰਵਾਹ ਤੇ ਭਟਕਾਊ ਰਵੱਈਆ ਹੈ। ਪਹਿਲਾਂ ਮੰਨਿਆ ਹੀ ਨਹੀਂ। ਪੇਪਰ ਲੀਕ ਕਰਨ ਵਾਲੇ ਸਰਗਨੇ ਆਜ਼ਾਦ ਘੁੰਮਦੇ ਰਹੇ। ਪੇਪਰ ਲੀਕ ਦੇ ਘਟਨਾਕ੍ਰਮ ਦਰਮਿਆਨ 23 ਫਰਵਰੀ ਨੂੰ ਕਨੌਜ ਦੇ ਇਕ ਬੇਰੁਜ਼ਗਾਰ ਨੇ ਖੁਦਕੁਸ਼ੀ ਵੀ ਕਰ ਲਈ ਸੀ। ਉਸ ਨੇ ਖੁਦਕੁਸ਼ੀ ਨੋਟ ਵਿਚ ਲਿਖਿਆ ਸੀ—ਕੀ ਫਾਇਦਾ ਅਜਿਹੀ ਡਿਗਰੀ ਦਾ, ਜੋ ਇਕ ਨੌਕਰੀ ਨਾ ਦਿਵਾ ਸਕੀ। ਅੱਧੀ ਉਮਰ ਪੜ੍ਹਦਿਆਂ ਨਿਕਲ ਗਈ। ਇਸ ਲਈ ਹੁਣ ਮਨ ਭਰ ਗਿਆ ਹੈ।

ਯੋਗੀ ਰਾਜ ਵਿਚ ਭਰਤੀ ਪ੍ਰੀਖਿਆ ਦਾ ਪੇਪਰ ਪਹਿਲੀ ਵਾਰ ਲੀਕ ਨਹੀਂ ਹੋਇਆ। 2017 ਵਿਚ ਥਾਣੇਦਾਰਾਂ ਦਾ ਪੇਪਰ ਲੀਕ ਹੋਣ ਤੋਂ ਬਾਅਦ ਪ੍ਰੀਖਿਆ ਰੱਦ ਕੀਤੀ ਗਈ ਸੀ, ਫਰਵਰੀ 2018 ਵਿਚ ਯੂ ਪੀ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਪ੍ਰੀਖਿਆ ਦਾ ਪੇਪਰ ਲੀਕ ਹੋਇਆ, ਅਗਸਤ 2018 ਵਿਚ ਸਿਹਤ ਵਿਭਾਗ ਵਿਚ ਪ੍ਰਮੋਸ਼ਨ ਦੀ ਪ੍ਰੀਖਿਆ ਦਾ ਪੇਪਰ ਲੀਕ ਹੋਇਆ, ਜੁਲਾਈ 2018 ਵਿਚ ਯੂ ਪੀ ਸੁਬਾਰਡੀਨੇਟ ਸਰਵਿਸਿਜ਼ ਸਿਲੈਕਸ਼ਨ ਬੋਰਡ ਦਾ ਪੇਪਰ ਲੀਕ ਹੋਇਆ, ਸਤੰਬਰ 2018 ਵਿਚ ਟਿਊਬਵੈੱਲ ਅਪ੍ਰੇਟਰਾਂ ਦਾ ਪੇਪਰ ਲੀਕ ਹੋਇਆ ਤੇ ਪ੍ਰੀਖਿਆ ਰੱਦ ਕਰਨੀ ਪਈ, ਅਗਸਤ 2021 ਵਿਚ ਸੁਬਾਰਡੀਨੇਟ ਸਰਵਿਸਿਜ਼ ਸਿਲੈਕਸ਼ਨ ਬੋਰਡ ਦਾ ਪੀ ਈ ਟੀ ਪ੍ਰੀਖਿਆ ਦਾ ਪੇਪਰ ਲੀਕ ਹੋਇਆ ਤੇ ਪ੍ਰੀਖਿਆ ਰੱਦ ਕੀਤੀ ਗਈ, ਅਗਸਤ 2021 ਵਿਚ ਬੀ ਐੱਡ ਦਾਖਲਾ ਪ੍ਰੀਖਿਆ ਦਾ ਪੇਪਰ ਲੀਕ ਹੋਇਆ, ਸਤੰਬਰ 2021 ਵਿਚ ਮੈਡੀਕਲ ਦੀ ਨੀਟ ਪ੍ਰੀਖਿਆ ਨੂੰ ਲੈ ਕੇ ਸੂਬੇ ਦੇ ਕੁਝ ਸ਼ਹਿਰਾਂ ਵਿਚ ਪੇਪਰ ਲੀਕ ਹੋਣ ਦੇ ਮਾਮਲੇ ਸਾਹਮਣੇ ਆਏ ਅਤੇ ਨਵੰਬਰ 2021 ਵਿਚ ਟੀ ਈ ਟੀ ਦਾ ਪੇਪਰ ਲੀਕ ਹੋਇਆ ਤੇ ਰੱਦ ਕਰਨਾ ਪਿਆ। ਕਿਸੇ ਵੀ ਸਰਕਾਰ ਦੇ ਸਮੇਂ ਪੇਪਰ ਲੀਕ ਹੋਣਾ ਕਲੰਕ ਮੰਨਿਆ ਜਾਂਦਾ ਹੈ, ਪਰ ਯੂ ਪੀ 'ਚ ਤਾਂ ਲਗਭਗ ਹਰ ਭਰਤੀ ਪ੍ਰੀਖਿਆ ਦਾ ਪੇਪਰ ਲੀਕ ਹੁੰਦਾ ਆ ਰਿਹਾ ਹੈ। ਸਾਫ ਹੈ ਕਿ ਬਹੁਤ ਵੱਡਾ ਗਰੋਹ ਸਰਗਰਮ ਰਹਿੰਦਾ ਹੈ। ਉਸ ਨੂੰ ਨੱਥ ਪਾਉਣ ਦੀ ਥਾਂ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰੀਆ ਵਰਗੇ ਹੁਕਮਰਾਨ ਪਤਾ ਨਹੀਂ ਕਿਉਂ ਝੂਠਲਾਉਣ 'ਤੇ ਲੱਗੇ ਰਹਿੰਦੇ ਹਨ। ਐਤਕੀਂ ਚੋਣਾਂ ਸਿਰ 'ਤੇ ਹੋਣ ਅਤੇ ਮੋਦੀ ਦੇ 400 ਤੋਂ ਵੱਧ ਸੀਟਾਂ ਜਿੱਤਣ ਦੇ ਦਾਅਵੇ ਨੂੰ ਧੱਕਾ ਲੱਗਦਾ ਦੇਖ ਮੁੱਖ ਮੰਤਰੀ ਯੋਗੀ ਨੂੰ ਤੁਰੰਤ ਪ੍ਰੀਖਿਆ ਰੱਦ ਕਰਨ ਅਤੇ ਛੇ ਮਹੀਨਿਆਂ ਦੇ ਵਿਚ-ਵਿਚ ਦੁਬਾਰਾ ਕਰਾਉਣ ਦਾ ਐਲਾਨ ਕਰਨਾ ਪਿਆ ਹੈ।

ਸਮਾਜ 'ਚ ਡਿਗ ਰਹੀਆਂ ਨੈਤਿਕ ਕਦਰਾਂ-ਕੀਮਤਾਂ ਤੇ ਸੰਸਕਾਰਾਂ ਨੂੰ ਬਚਾਉਣ ਦੀ ਲੋੜ

ਪੰਜਾਬ ਵਿੱਚ ਕਿਸੇ ਸਮੇਂ ਸਾਡੇ ਬਜ਼ੁਰਗਾਂ ਕੋਲ ਨੈਤਿਕ ਕਦਰਾਂ ਕੀਮਤਾਂ ਅਤੇ ਸੰਸਕਾਰਾਂ ਦਾ ਭੰਡਾਰ ਸੀ ।ਉਸ ਸਮੇਂ ਘਰ ਵਿੱਚ ਬਜ਼ੁਰਗਾਂ ਦਾ ਸਤਿਕਾਰ, ਧੀ-ਭੈਣ ਦੀ ਇੱਜ਼ਤ, ਆਂਢ-ਗੁਆਂਢ ਨਾਲ ਮੇਲ-ਜੋਲ, ਦੁੱਖ-ਸੁੱਖ ਵਿੱਚ ਭਾਈਵਾਲੀ ਆਮ ਗੱਲ ਸੀ । ਪੁਰਾਣੇ ਸਮਿਆਂ ਵਿੱਚ ਤਾਂ ਚੋਰਾਂ-ਡਾਕੂਆਂ ਦੇ ਵੀ ਆਪਣੇ ਅਸੂਲ ਸਨ ।ਬਜ਼ੁਰਗਾਂ ਨੂੰ ਹੁਣ ਬਹੁਤੇ ਲੋਕ ਘਰ ਰੱਖਣ ਦੀ ਬਜਾਏ ਬਿਰਧ ਆਸ਼ਰਮ ਭੇਜ ਰਹੇ ਹਨ। ਬਹੁਤਿਆਂ ਨੇ ਘਰਾਂ ਵਿੱਚ ਬਜ਼ੁਰਗਾਂ ਦਾ ਮੰਜਾ ਤੂੜੀ ਜਾਂ ਪਸ਼ੂਆਂ ਵਾਲੇ ਬਰਾਂਡੇ ਵਿੱਚ ਡਾਹਿਆ ਹੁੰਦਾ ਹੈ। ਬਜ਼ੁਰਗਾਂ ਕੋਲ ਬੱਚਿਆਂ ਨੂੰ ਬਹੁਤਾ ਜਾਣ ਨਹੀਂ ਦਿੱਤਾ ਜਾਂਦਾ ਜਾਂ ਉਨ੍ਹਾਂ ਕੋਲ ਅੱਜਕੱਲ੍ਹ ਦੀ ਪੜ੍ਹਾਈ ਕਰਕੇ ਵਕਤ ਨਹੀਂ ਹੁੰਦਾ । ਸਾਡੇ ਬੱਚਿਆਂ ਦੀ ਪੜ੍ਹਾਈ ਵਪਾਰਕ ਪੱਧਰ ਦੀ ਹੋ ਗਈ ਹੈ, ਜਿਸ ਵਿਚ ਬੱਚੇ ਨੂੰ ਸਿਰਫ਼ ਇੱਕ ਵਸਤੂ ਮੰਨਿਆ ਜਾਂਦਾ ਹੈ।ਉਸ ਨੂੰ ਕੋਈ ਨੈਤਿਕ ਸਿੱਖਿਆ ਅਤੇ ਸੰਸਕਾਰਾਂ ਦੀ ਪਾਲਣਾ ਦਾ ਕੋਈ ਗਿਆਨ ਨਹੀਂ ਦਿੱਤਾ ਜਾਂਦਾ । ਅੱਜ ਕਿਸੇ ਗਰੀਬ ਦੇ ਦੁੱਖ-ਸੁੱਖ, ਵਿਆਹ-ਸ਼ਾਦੀ ਹੋਵੇ, ਬਹੁਤ ਘੱਟ ਲੋਕ ਹੋਣਗੇ ਜੋ ਜਾਂਦੇ ਹੋਣਗੇ। ਕਿਸੇ ਅਮੀਰ ਦੇ ਦੁੱਖ-ਸੁੱਖ ਜਾਂ ਵਿਆਹ-ਸ਼ਾਦੀ ਹੋਵੇ ਤਾਂ ਲੋਕ ਬੇਹੱਦ ਗਿਣਤੀ ਵਿੱਚ ਜਾਣਗੇ । ਪੈਸੇ ਅਤੇ ਜ਼ਮੀਨ ਦੇ ਲਾਲਚ ਨੇ ਰਿਸ਼ਤੇਦਾਰੀਆਂ ਵਿੱਚ ਖਟਾਸ ਪੈਦਾ ਕਰ ਦਿੱਤੀ ਹੈ । ਭੈਣਾਂ-ਭਾਈਆਂ ਵਿੱਚ ਦੁਸ਼ਮਣੀਆਂ ਪੈ ਰਹੀਆਂ ਹਨ । ਰਿਸ਼ਤੇਦਾਰੀਆਂ ਨਾਲੋਂ ਪਹਿਲਾਂ ਪੈਸਾ ਮੁੱਖ ਰੱਖਿਆ ਜਾਂਦਾ ਹੈ ।ਆਂਢ-ਗੁਆਂਢ ਅੰਦਰ ਈਰਖਾ ਨੇ ਆਪਸੀ ਮੇਲਜੋਲ ਘਟਾ ਦਿੱਤਾ ਹੈ। ਇੱਕ ਗੁਆਂਢੀ ਤਰੱਕੀ ਕਰ ਜਾਵੇ ਤਾਂ ਦੂਜਾ ਉਸ ਨਾਲ ਈਰਖਾ ਕਰਨ ਲੱਗ ਜਾਂਦਾ ਹੈ । ਭਾਈ, ਭਾਈ ਭਤੀਜਿਆਂ ਨਾਲ ਧੋਖੇ ਕਰ ਰਿਹਾ ਹੈ ।ਉਹ ਜ਼ਮੀਨ ਹਥਿਆਉਣ ਲਈ ਹਰ ਗਿਰੀ ਗੱਲ ਵੀ ਕਰ ਜਾਂਦਾ ਹੈ ।ਮਰਦ-ਤੀਵੀਂ ਦੇ ਆਪਸੀ ਰਿਸ਼ਤੇ ਸੁਖਾਵੇਂ ਨਹੀਂ ਰਹੇ ।ਤਲਾਕ-ਦਰ-ਤਲਾਕ ਹੋ ਰਹੇ ਹਨ। ਜਿਸ ਨਾਲ ਬੱਚਿਆਂ ਨੂੰ ਮਾਪਿਆਂ ਦਾ ਪਿਆਰ ਤੇ ਸੰਸਕਾਰ ਮਿਲਣਾ ਮੁਸ਼ਕਲ ਹੋ ਗਿਆ ਹੈ । ਵਫ਼ਾਦਾਰੀਆਂ ਦੀ ਜਗ੍ਹਾ ਮੌਕਾਪਸਤੀ ਨੇ ਲੈ ਲਈ ਹੈ । ਨੈਤਿਕ ਕਦਰਾਂ-ਕੀਮਤਾਂ ਦੀ ਗਿਰਾਵਟ ਦਾ ਸਭ ਤੋਂ ਵੱਡਾ ਕਾਰਨ ਸਾਡਾ ਸਾਡੀ ਵਿਰਾਸਤ ਅਤੇ ਸਿੱਖੀ ਸਿਧਾਂਤਾਂ ਤੋਂ ਦੂਰ ਹੋਣਾ ਹੈ। ਅਸੀਂ ਬੇਸ਼ੱਕ ਮੱਥਾ ਟੇਕਣ ਗੁਰਦੁਆਰੇ ਚਲੇ ਜਾਈਏ ।ਪਰ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਨੂੰ ਸਹੀ ਢੰਗ ਨਾਲ ਸੁਣ ਕੇ ਉਸ 'ਤੇ ਅਮਲ ਨਹੀਂ ਕੀਤਾ। ਹੁਣ ਸਾਡੇ ਗੁਰੂਆਂ ਦੁਆਰਾ ਬਖਸ਼ੀਆਂ ਅਤੇ ਸਾਡੇ ਬਜ਼ੁਰਗਾਂ ਦੁਆਰਾ ਸੰਭਾਲੀਆਂ ਕਦਰਾਂ-ਕੀਮਤਾਂ ਨੂੰ ਬਚਾਉਣ ਲਈ ਸਾਨੂੰ ਚਾਹੀਦਾ ਹੈ ਕਿ ਪਹਿਲਾਂ ਤਾਂ ਅਸੀਂ ਗੁਰਬਾਣੀ ਨੂੰ ਸੁਣ ਸਮਝ ਕੇ ਵਿਚਾਰ ਤੇ ਅਮਲ ਕਰੀਏ। ਆਪਣੇ ਬੱਚਿਆਂ ਨੂੰ ਸੰਸਕਾਰ ਸਿਖਾਈਏ। ਉਨ੍ਹਾਂ ਨੂੰ ਦੱਸੀਏ ਕਿ ਵੱਡਿਆਂ ਦਾ ਆਦਰ ਕਿਵੇਂ ਕਰਨਾ ਹੈ, ਮੋਹ ਮੁਹੱਬਤ ਅਤੇ ਮੇਲ-ਜੋਲ ਬਾਰੇ ਦੱਸੀਏ । ਨਜਾਇਜ਼ ਪੈਸੇ ਪਿੱਛੇ ਭੱਜਣ ਦੀ ਬਜਾਏ ਸਬਰ ਸੰਤੋਖ ਤੋਂ ਕੰਮ ਲਈਏ । ਰਿਸ਼ਤੇ-ਨਾਤਿਆਂ ਦੀ ਕਦਰ ਕਰੀਏ । ਬੱਚਿਆਂ ਨੂੰ ਮਹਿੰਗੇ ਤੇ ਕਾਨਵੈਂਟ ਸਕੂਲਾਂ ਵਿਚ ਪੜ੍ਹਾਉਣ ਦੀ ਬਜਾਏ ਸਾਡੇ ਇਤਿਹਾਸ, ਨੈਤਿਕਤਾ ਅਤੇ ਚੰਗੀ ਸਿੱਖਿਆ ਵਾਲੇ ਸਕੂਲਾਂ ਵਿੱਚ ਹੀ ਪੜ੍ਹਾਈਏ । ਆਪਣੇ ਬੱਚਿਆਂ ਨੂੰ ਬਜ਼ੁਰਗਾਂ ਕੋਲ ਬੈਠਣ ਦਾ ਸਮਾਂ ਦੇਈਏ ਅਤੇ ਖੁਦ ਵੀ ਬਜ਼ੁਰਗਾਂ ਦੀਆਂ ਗੱਲਾਂ ਸੁਣੀਏ । ਜੇਕਰ ਇਹ ਕਦਰਾਂ-ਕੀਮਤਾਂ ਅਤੇ ਸੰਸਕਾਰ ਬਚਣਗੇ ਤਾਂ ਪੰਜਾਬ ਦੀ ਵਿਰਾਸਤ ਬਚੇਗੀ। ਜੇਕਰ ਵਿਰਾਸਤ ਬਚੇਗੀ ਤਾਂ ਪੰਜਾਬੀਅਤ ਬਚੇਗੀ ।

-ਗੁਰਦਿੱਤ ਸਿੰਘ ਸੇਖੋਂ
ਸੰਪਰਕ : 97811-72781

ਫਿਰਕੂ ਸ਼ਕਤੀਆਂ ਨੂੰ ਸੱਤਾ ਤੋਂ ਲਾਂਭੇ ਕਰਨਾ ਜ਼ਰੂਰੀ

ਮੌਜੂਦਾ ਤਾਕਤਾਂ ਦੇ ਤੋਲ ਤੇ ਫੌਰੀ ਖਤਰਿਆਂ ਨੂੰ ਸਾਹਮਣੇ ਰੱਖਦਿਆਂ ਹੋਇਆਂ ਭਾਰਤੀ ਸੱਤਾ 'ਤੇ ਕਾਬਜ਼ ਕਾਰਪੋਰੇਟ ਘਰਾਣਿਆਂ ਦੀ ਸੇਵਾ ਹਿੱਤ ਭਾਜਪਾ ਦੇ ਰੂਪ 'ਚ ਕੰਮ ਕਰ ਰਹੀਆਂ ਫਿਰਕੂ-ਫਾਸ਼ੀ ਸ਼ਕਤੀਆਂ ਨੂੰ ਕੇਂਦਰੀ ਸੱਤਾ ਤੋਂ ਲਾਂਭੇ ਕਰਨਾ ਸਭ ਤੋਂ ਵੱਧ ਮਹੱਤਵਪੂਰਨ, ਤਤਕਾਲੀ ਕੰਮ ਹੈ, ਜਿਸ ਨੂੰ 2024 ਦੀਆਂ ਲੋਕ ਸਭਾ ਚੋਣਾਂ ਅੰਦਰ ਹਰ ਹਾਲਤ ਸਿਰੇ ਚਾੜ੍ਹਿਆ ਜਾਣਾ ਚਾਹੀਦਾ ਹੈ।

ਮੰਗਤ ਰਾਮ ਪਾਸਲਾ

ਸੰਸਾਰ ਪੱਧਰ 'ਤੇ ਪੂੰਜੀਵਾਦੀ ਪ੍ਰਬੰਧ ਡੂੰਘੇ ਆਰਥਿਕ ਸੰਕਟ ਦਾ ਸ਼ਿਕਾਰ ਹੈ। ਜਾਪਾਨ ਦਾ ਅਰਥਚਾਰਾ ਵਿਸ਼ਵ ਦਰਜਾਬੰਦੀ 'ਚ ਤੀਜੇ ਥਾਂ ਤੋਂ ਤਿਲਕ ਕੇ ਪੰਜਵੇਂ ਅਸਥਾਨ 'ਤੇ ਜਾ ਡਿੱਗਾ ਹੈ। ਇਉਂ ਹੀ ਅਮਰੀਕਾ, ਬਰਤਾਨੀਆ, ਫਰਾਂਸ, ਅਸਟਰੇਲੀਆ, ਜਰਮਨੀ ਆਦਿ ਵਿਕਸਤ ਪੂੰਜੀਵਾਦੀ ਦੇਸ਼ਾਂ ਅੰਦਰ ਬੇਰੁਜ਼ਗਾਰੀ-ਮਹਿੰਗਾਈ ਤੇਜ਼ੀ ਨਾਲ ਵਧੀਆਂ ਹਨ ਤੇ ਆਮ ਲੋਕਾਂ ਦੀ ਆਮਦਨ 'ਚ ਹੋਈ ਭਾਰੀ ਕਟੌਤੀ ਕਾਰਨ ਇਨ੍ਹਾਂ ਵੱਲੋਂ ਕੀਤੀ ਜਾਂਦੀ ਖਰੀਦਦਾਰੀ 'ਚ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਪੂੰਜੀ ਦਾ ਚੰਦ ਕੁ ਹੱਥਾਂ 'ਚ ਕੇਂਦਰਤ ਹੋ ਜਾਣਾ ਤੇ ਵੱਡੀ ਬਹੁ-ਗਿਣਤੀ ਵਸੋਂ ਦੀ ਆਮਦਨੀ 'ਚ ਹੋਈ ਕਟੌਤੀ ਕਾਰਨ ਖਰੀਦ ਸ਼ਕਤੀ ਦਾ ਲਗਾਤਾਰ ਸੁੰਗੜਦੇ ਜਾਣਾ ਪੂੰਜੀਵਾਦੀ ਸੰਕਟ ਦਾ ਮੂਲ ਕਾਰਨ ਹੈ। ਪਿਛਲੀ ਸਦੀ ਦੌਰਾਨ ਇਨ੍ਹਾਂ ਵਿਕਸਤ ਪੂੰਜੀਵਾਦੀ ਦੇਸ਼ਾਂ ਅੰਦਰ ਲੋਕਾਂ ਦੀ ਆਮ ਬੋਲਚਾਲ 'ਚੋਂ ਹੜਤਾਲ-ਮੁਜ਼ਾਹਰਾ ਜਿਹੇ ਸ਼ਬਦ ਅਲੋਪ ਹੋ ਗਏ ਸਨ, ਪਰ ਹੁਣ, ਇਨ੍ਹਾਂ ਦੇਸ਼ਾਂ ਦੇ ਮਜ਼ਦੂਰਾਂ-ਕਿਸਾਨਾਂ ਅਤੇ ਆਮ ਲੋਕਾਂ ਨੇ ਵੱਡੀ ਜਨਤਕ ਲਾਮਬੰਦੀ ਵਾਲੇ ਖਾੜਕੂ ਸੰਘਰਸ਼ਾਂ ਦੀ ਝੜੀ ਲਾ ਦਿੱਤੀ ਹੈ। ਰੇਲਵੇ, ਸਿਹਤ, ਵਿੱਦਿਆ ਤੇ ਉਦਯੋਗਿਕ ਅਦਾਰਿਆਂ ਦੇ ਮਜ਼ਦੂਰ-ਮੁਲਾਜ਼ਮ ਹੀ ਘੋਲਾਂ ਦੇ ਰਾਹ ਨਹੀਂ ਪਏ ਹੋਏ, ਬਲਕਿ ਕਿਸਾਨ ਵੀ ਆਪਣੀਆਂ ਫਸਲਾਂ ਦੇ ਵਾਜਬ ਭਾਅ ਲੈਣ ਲਈ ਪੈਰਿਸ-ਬਰਲਿਨ ਵਰਗੇ ਸ਼ਹਿਰਾਂ ਦੀਆਂ ਸੜਕਾਂ 'ਤੇ ਹਜ਼ਾਰਾਂ ਟਰੈਕਟਰਾਂ ਦਾ ਮਾਰਚ ਕਰਕੇ ਕਿਸਾਨੀ ਸੰਘਰਸ਼ਾਂ ਦਾ ਇਕ ਨਿਵੇਕਲਾ ਇਤਿਹਾਸ ਸਿਰਜ ਰਹੇ ਹਨ। ਇਨ੍ਹਾਂ ਸੰਘਰਸ਼ਾਂ ਦੇ ਕੇਂਦਰ 'ਚ ਸੰਸਾਰ ਪੱਧਰ 'ਤੇ ਲਾਗੂ ਕੀਤੀਆਂ ਜਾ ਰਹੀਆਂ ਸੰਸਾਰੀਕਰਨ, ਉਦਾਰੀਕਰਨ ਤੇ ਨਿੱਜੀਕਰਨ ਦੇ ਚੌਖਟੇ ਵਾਲੀਆਂ 'ਨਵ-ਉਦਾਰਵਾਦੀ ਆਰਥਿਕ ਨੀਤੀਆਂ' ਦੇ ਦੂਰ ਪ੍ਰਭਾਵ ਹਨ। ਲੋਕੀਂ ਸਮਝਣ ਲੱਗ ਪਏ ਹਨ ਕਿ ਇਨ੍ਹਾਂ ਨੀਤੀਆਂ ਨੇ ਬਹੁਕੌਮੀ ਕਾਰਪੋਰੇਸ਼ਨਾਂ ਤੇ ਕਾਰਪੋਰੇਟ ਘਰਾਣਿਆਂ ਨੂੰ ਤਾਂ ਮਾਲਾਮਾਲ ਕੀਤਾ ਹੈ, ਪ੍ਰੰਤੂ ਕਿਰਤੀ-ਕਿਸਾਨਾਂ ਤੇ ਮੱਧ-ਵਰਗ ਨੂੰ ਆਰਥਿਕ ਤੰਗੀਆਂ ਦੀ ਜਿੱਲ੍ਹਣ 'ਚ ਫਸਾ ਦਿੱਤਾ ਹੈ।

ਭਾਰਤ ਦੇ ਕਿਰਤੀ-ਕਿਸਾਨ ਤੇ ਮੱਧ-ਵਰਗੀ ਵਸੋਂ ਵੀ ਇਸ ਪੂੰਜੀਵਾਦੀ ਸੰਕਟ ਦੀ ਮਾਰ ਤੋਂ ਅਛੂਤੇ ਨਹੀਂ ਹਨ। ਉਹ ਤਾਂ ਸਗੋਂ ਪੱਛਮ ਦੇ ਵਿਕਸਤ ਦੇਸ਼ਾਂ ਦੇ ਕਿਰਤੀ-ਕਿਸਾਨਾਂ ਨਾਲੋਂ ਵੀ ਕਿਤੇ ਵਧੇਰੇ ਆਰਥਿਕ ਤੰਗੀਆਂ 'ਚ ਜੀਵਨ ਬਸਰ ਕਰਨ ਲਈ ਮਜਬੂਰ ਕਰ ਦਿੱਤੇ ਗਏ ਹਨ। ਇਸੇ ਲਈ ਸੰਸਾਰ ਦੇ ਬਾਕੀ ਦੇਸ਼ਾਂ ਦੇ ਕਿਰਤੀ-ਕਿਸਾਨ ਭਰਾਵਾਂ ਵਾਂਗ ਉਹ ਵੀ ਇਕਜੁੱਟ ਹੋ ਕੇ ਭਾਜਪਾ ਸਰਕਾਰ ਦੀਆਂ ਕਾਰਪੋਰੇਟ ਪੱਖੀ, ਨਵਉਦਾਰਵਾਦੀ ਆਰਥਿਕ ਨੀਤੀਆਂ ਵਿਰੁੱਧ ਸੜਕਾਂ 'ਤੇ ਨਿਕਲ ਤੁਰੇ ਹਨ। ਦੇਸ਼ ਦੇ ਤਕਰੀਬਨ ਸਾਰੇ ਪ੍ਰਾਂਤਾਂ ਅੰਦਰ ਮਜ਼ਦੂਰਾਂ-ਕਿਸਾਨਾਂ, ਮੁਲਾਜ਼ਮਾਂ ਤੇ ਹੋਰ ਮਿਹਨਤੀ ਤਬਕਿਆਂ ਦੇ ਸੰਘਰਸ਼ਾਂ ਦਾ ਲਾਰਾ ਬੱਝਿਆ ਹੋਇਆ ਹੈ ਤੇ ਇਹ ਸੰਘਰਸ਼ੀ ਕਾਫਲੇ ਸਰਕਾਰਾਂ ਦੇ ਹਰ ਜਬਰ ਦਾ ਟਾਕਰਾ ਕਰਦਿਆਂ ਅੱਗੇ ਵਧ ਰਹੇ ਹਨ। ਇਸ ਨਾਜ਼ੁਕ ਦੌਰ 'ਚ ਖੱਬੀਆਂ-ਜਮਹੂਰੀ ਸ਼ਕਤੀਆਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਕਰ ਰਹੀਆਂ ਆਰਥਿਕ ਨੀਤੀਆਂ ਤੇ ਸੱਤਾ ਦੇ ਜਾਬਰ ਕਿਰਦਾਰ ਬਾਰੇ ਸੰਘਰਸ਼ਸ਼ੀਲ ਲੋਕਾਂ ਨੂੰ ਚੇਤਨ ਕਰਨਾ ਹੋਵੇਗਾ। ਜਨਤਕ ਦਬਾਅ ਰਾਹੀਂ ਬਹੁਤ ਸਾਰੀਆਂ ਅੰਸ਼ਕ ਮੰਗਾਂ ਵੀ ਮੰਨਵਾਈਆਂ ਜਾ ਸਕਦੀਆਂ ਹਨ ਤੇ ਕਈ ਹੋਰ ਪੱਖਾਂ ਤੋਂ ਵੀ ਹਾਕਮ ਧਿਰ ਨੂੰ ਹਾਰ ਦਿੱਤੀ ਜਾ ਸਕਦੀ ਹੈ, ਪ੍ਰੰਤੂ ਨਵ-ਉਦਾਰਵਾਦੀ ਆਰਥਿਕ ਨੀਤੀਆਂ ਦੀ ਜਿਹੜੀ ਦਿਸ਼ਾ, ਸੰਸਾਰ ਸਾਮਰਾਜੀਆਂ ਤੇ ਉਨ੍ਹਾਂ ਦੇ ਕੰਟਰੋਲ ਹੇਠ ਕੰਮ ਕਰ ਰਹੀਆਂ 'ਸੰਸਾਰ ਵਿਉਪਾਰ ਸੰਗਠਨ' ਜਿਹੀਆਂ ਸੰਸਥਾਵਾਂ ਨੇ ਤੈਅ ਕੀਤੀ ਹੋਈ ਹੈ, ਉਸ ਨਾਲ ਸੰਬੰਧਤ ਮੰਗਾਂ ਸਿੱਧੇ ਰੂਪ 'ਚ ਕਾਰਪੋਰੇਟੀ ਸੱਤਾ ਨਾਲ ਜੁੜੀਆਂ ਹੋਈਆਂ ਹਨ। ਬਿਨਾਂ ਸ਼ੱਕ ਦੋਨੋਂ ਵੰਨਗੀਆਂ ਦੀਆਂ ਮੰਗਾਂ ਲਈ ਕਿਰਤੀ-ਕਿਸਾਨਾਂ ਤੇ ਮੱਧ-ਵਰਗ ਦੇ ਸਾਂਝੇ ਸੰਘਰਸ਼ ਜਾਰੀ ਰੱਖਣ ਦੀ ਲੋੜ ਹੈ। ਇਹੋ ਨਹੀਂ, ਇਨ੍ਹਾਂ ਘੋਲਾਂ ਨੂੰ ਹੋਰ ਤੀਬਰਤਾ ਪ੍ਰਦਾਨ ਕਰਦਿਆਂ ਵਧੇਰੇ ਖਾੜਕੂ (ਰੈਡੀਕਲ) ਬਣਾਇਆ ਜਾਣਾ ਚਾਹੀਦਾ ਹੈ, ਪ੍ਰੰਤੂ ਇ

26-FEB-PAGE-5.qxd 2/25/2024 9:36 PM Page 1

ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਵੱਖ-ਵੱਖ ਥਾਈਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਮਾਛੀਵਾੜਾ ਸਾਹਿਬ

ਮਾਨਸਾ

ਲੌਂਗੋਵਾਲ

ਸੰਗਰੂਰ

ਧੂਰੀ

ਸੰਗਰੂਰ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) : ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਦਿਹਾੜਾ ਸ਼ਹਿਰ ਦੀਆਂ ਸੰਗਤਾਂ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਇੰਦਰਾ ਕਾਲੋਨੀ, ਮੇਨ ਬਜ਼ਾਰ ਅਤੇ ਪੁਰਾਣੀ ਸਬਜ਼ੀ ਮੰਡੀ ਵਿਖੇ ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵੱਲੋਂ ਰਸਭਿਨਾ ਕੀਤਰਨ ਕੀਤਾ ਕਰ ਸੰਗਤਾਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ। ਇਸ ਵਾਰ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ, ਪੁਰਾਣੀ ਸਬਜ਼ੀ ਮੰਡੀ ਤੋਂ ਇੱਕ ਨਗਰ ਕੀਰਤਨ ਸਜਾਇਆ ਗਿਆ, ਜਿਸ 'ਚ ਭਾਰੀ ਗਿਣਤੀ ਸੰਗਤਾਂ ਤੋਂ ਇਲਾਵਾ ਵੱਖ-ਵੱਖ ਸਿਆਸੀ ਪਾਰਟੀਆਂ ਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ। ਇਹ ਨਗਰ ਕੀਰਤਨ ਸੰਗਤਾਂ ਨੂੰ ਸ਼ਹਿਰ ਦੇ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰਾਉਣ ਉਪਰੰਤ ਗੁਰੂਘਰ ਵਿਖੇ ਆ ਕੇ ਸਮਾਪਤ ਹੋਇਆ ਅਤੇ ਸੰਗਤ ਲਈ ਸ਼ਹਿਰ ਦੇ ਦੁਕਾਨਦਾਰਾਂ ਵਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਵਰਤਾਏ ਗਏ।

ਇਸ ਮੌਕੇ ਐੱਮ.ਪੀ. ਅਮਰ ਸਿੰਘ, ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਉਜਾਗਰ ਸਿੰਘ ਬੈਨੀਪਾਲ ਤੇ ਦਲਜੀਤ ਸਿੰਘ ਗਿੱਲ (ਦੋਵੇਂ ਸਾਬਕਾ ਪ੍ਰਧਾਨ), ਹਰਜਤਿੰਦਰ ਸਿੰਘ ਬਾਜਵਾ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸੁਖਵਿੰਦਰ ਸਿੰਘ ਗਿੱਲ, ਪ੍ਰਵੀਨ ਮੱਕੜ, ਦਵਿੰਦਰ ਸਿੰਘ ਬਵੇਜਾ, ਪਰਮਜੀਤ ਪੰਮੀ, ਸੁਰਿੰਦਰ ਛਿੰਦੀ, ਗੁਰਨਾਮ ਸਿੰਘ ਖਾਲਸਾ, ਪਰਮਜੀਤ ਸਿੰਘ ਪੰਮਾ, ਹਰਚੰਦ ਸਿੰਘ (ਸਾਰੇ ਸਾਬਕਾ ਕੌਂਸਲਰ), ਕੁਲਵਿੰਦਰ ਸਿੰਘ ਮਾਣੇਵਾਲ, ਐਡਵੋਕੇਟ ਸਤਨਾਮ ਸਿੰਘ ਮਾਨ, ਐਡਵੋਕੇਟ ਮਮਤਾ ਮਾਨ, ਅਰਵਿੰਦਰਪਾਲ ਸਿੰਘ ਵਿੱਕੀ, ਗੁਰਪ੍ਰੀਤ ਮਾਨ, ਸੁਖਦੀਪ ਸਿੰਘ ਸੋਨੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਸੰਗਤਾਂ ਨੂੰ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਮੁੱਖ ਮਹਿਮਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।

ਮਾਨਸਾ (ਆਤਮਾ ਸਿੰਘ ਪਮਾਰ) : ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਤੇ ਨੌਜਵਾਨ ਸਭਾ ਮਾਨਸਾ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਆਗਮਨ ਦਿਵਸ ਕਮੇਟੀ ਦੇ ਪ੍ਰਧਾਨ ਧਰਮਿੰਦਰ ਸਿੰਘ ਮਾਨਸਾ ਦੀ ਅਗਵਾਈ ਵਿੱਚ ਸ੍ਰੀ ਗੁਰੂ ਰਵਿਦਾਸ ਮੰਦਰ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਕੀਰਤਨੀ ਜਥੇ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਸ੍ਰੀ ਗੁਰੂ ਰਵਿਦਾਸ ਜੀ ਦੁਆਰਾ ਰਚਿਤ ਪਵਿੱਤਰ ਬਾਣੀ ਅਧਾਰਿਤ ਭਾਵਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਤੋਂ ਇਲਾਵਾ ਪ੍ਰੈਸ ਰਿਪੋਰਟਰ ਆਤਮਾ ਸਿੰਘ ਪਮਾਰ, ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸਨ, ਡਾ. ਕੁਲਦੀਪ ਚੌਹਾਨ, ਡਾ. ਰੋਹਿਤ ਅਤੇ ਡਾ. ਗੁਰਪ੍ਰੀਤ ਕੌਰ ਨੇ ਆਦਿ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗੁਰੂ ਜੀ ਦੇ ਜੀਵਨ, ਫ਼ਲਸਫ਼ੇ ਤੇ ਉਸ ਸਮੇਂ ਦੀ ਸਮਾਜਿਕ, ਰਾਜਨੀਤਕ ਤੇ ਧਾਰਮਿਕ ਸਥਿਤੀ ਬਾਰੇ ਵਿਸਥਾਰ ਵਿੱਚ ਚਾਨਣਾ ਪਾਉਂਦਿਆਂ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਣਾ ਵੀ ਦਿੱਤੀ। ਇਸ ਸਮੇਂ ਲੱਖਾ ਸਿੰਘ ਸੈਕਟਰੀ, ਡਾ. ਜਨਕ ਰਾਜ ਜਿੰਦਲ, ਸਾਬਕਾ ਪ੍ਰਧਾਨ ਐਡਵੋਕੇਟ ਵਿਜੈ ਕੁਮਾਰ ਪ੍ਰਧਾਨ ਨਗਰ ਕੌਂਸਲ ਮਾਨਸਾ, ਕਿਰਤਪਾਲ ਸਿੰਘ ਕਿਰਤੀ, ਬਲਵੰਤ ਭਾਟੀਆ, ਰੁਲਦੂ ਸਿੰਘ ਸੇਵਾਮੁਕਤ ਇੰਸਪੈਕਟਰ ਐਫ ਸੀ ਆਈ, ਸਾਬਕਾ ਐਮ ਸੀ ਮੁਕੰਦ ਸਿੰਘ ਗੁਰਜੀਤ ਸਿੰਘ ਮਾਨਸਾ, ਮੇਜਰ ਸਿੰਘ ਐਸ ਓ ਆਦਿ ਵੀ ਹਾਜ਼ਰ ਸਨ।

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ) : ਪੱਤੀ ਦੁੱਲਟ ਦੀ ਧਰਮਸ਼ਾਲਾ ਤੋਂ ਗੁਰੂ ਰਵਿਦਾਸ ਕਮੇਟੀ ਤੇ ਸਮੂਹ ਸੰਗਤਾਂ ਦੇ ਸਹਿਯੋਗ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਅਵਤਾਰ ਦਿਹਾੜੇ ਦੀਆਂ ਖੁਸ਼ੀਆਂ ਨੂੰ ਮੁੱਖ ਰੱਖਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ

ਪਾਤੜਾਂ

ਕੀਰਤਨ ਦਾ ਕਸਬੇ ਦੇ ਵੱਖ-ਵੱਖ ਪੜਾਵਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ ਤੇ ਸੰਗਤਾਂ ਲਈ ਤਰ੍ਹਾਂ-ਤਰ੍ਹਾਂ ਦੇ ਪਕਵਾਨਾਂ ਦੇ ਲੰਗਰ ਲਾਏ ਗਏ। ਨਗਰ ਕੀਰਤਨ ਦੌਰਾਨ ਢਾਡੀ ਜਥਿਆਂ ਵੱਲੋਂ ਸ੍ਰੀ ਗੁਰੂ ਰਵੀਦਾਸ ਮਹਾਰਾਜ ਜੀ ਅਤੇ ਸਿੱਖ ਧਰਮ ਨਾਲ ਸੰਬੰਧਤ ਵਾਰਾਂ ਸੁਣਾਈਆਂ ਅਤੇ ਭਾਈ ਮੋਹਣ ਸਿੰਘ ਵੱਲੋਂ ਰਸਭਿੰਨਾ ਕੀਰਤਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਗਰ ਕੀਰਤਨ ਮੌਕੇ ਬੀਬੀਆਂ ਦੇ ਜਥੇ ਨੇ ਝਾੜੂ ਦੀ ਸੇਵਾ ਨਿਭਾਈ। ਇਹ ਅਲੌਕਿਕ ਨਗਰ ਕੀਰਤਨ ਵੱਖ-ਵੱਖ ਥਾਂਵਾਂ ਵਿੱਚੋਂ ਦੀ ਗੁਜ਼ਰਦਾ ਹੋਇਆ ਸ਼ਾਮ ਨੂੰ ਪੱਤੀ ਦੁੱਲਟ ਦੀ ਧਰਮਸ਼ਾਲਾ ਵਿੱਚ ਜਾ ਕੇ ਸੰਪੂਰਨ ਹੋਇਆ। ਇਸ ਮੌਕੇ ਕੁਲਦੀਪ ਸਿੰਘ ਦੂਲੋ, ਦਿਆਲ ਸਿੰਘ ਭੋਲਾ ਸਿੰਘ, ਢਾਡੀ ਅੰਮ੍ਰਿਤਪਾਲ ਸਿੰਘ ਅਮੀ, ਮੱਖਣ ਸਿੰਘ, ਸੁਰਜੀਤ ਸਿੰਘ, ਧੰਨਰਾਜ ਸਿੰਘ, ਹਰਬੰਸ ਸਿੰਘ, ਭਾਨ ਸਿੰਘ, ਮੱਖਣ ਸਿੰਘ, ਦਰਸ਼ਨ ਸਿੰਘ, ਸੱਤਪਾਲ ਸਿੰਘ, ਰਣਧੀਰ ਸਿੰਘ, ਮਿਸ਼ਰਾ ਸਿੰਘ, ਮਨਦੀਪ ਸਿੰਘ ਮਿੰਟੂ, ਸਾਬਕਾ ਕੌਂਸਲਰ ਬੇਅੰਤ ਸਿੰਘ, ਕੌਂਸਲਰ ਬਲਵਿੰਦਰ ਸਿੰਘ ਕਾਲਾ, ਕੌਂਸਲਰ ਬਲਜਿੰਦਰ ਕੌਰ, ਕੌਂਸਲਰ ਗੁਰਮੀਤ ਸਿੰਘ ਫੌਜੀ, ਜਸਵੀਰ ਸਿੰਘ ਜੱਸੀ, ਡਾ. ਬਲਵੰਤ ਸਿੰਘ ਗੁੰਮਟੀ ਵਾਲਾ, ਨਛੱਤਰ ਸਿੰਘ ਨਾਟੀ, ਜਸਪਾਲ ਸਿੰਘ ਪਾਲੀ, ਚੇਅਰਮੈਨ ਜਗਤਾਰ ਸਿੰਘ, ਨਸ਼ਾ ਵਿਰੋਧੀ ਫਰੰਟ ਦੇ ਕਨਵੀਨਰ ਪ੍ਰਿਥੀ ਸਿੰਘ ਲੌਂਗੋਵਾਲ, ਗੁਰਜੰਟ ਸਿੰਘ ਜੰਟੀ, ਪੱਤਰਕਾਰ ਜਗਸੀਰ ਸਿੰਘ, ਪੱਤਰਕਾਰ ਜੁਮਾ ਸਿੰਘ ਅਤੇ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ ਦਿਹਾੜੇ ਤੇ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਸ੍ਰਪਰਸਤੀ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਇਸ ਨਗਰ ਕੀਰਤਨ ਦਾ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਹਿਬ ਦੀ ਪ੍ਰਬੰਧਕੀ ਕਮੇਟੀ ਵੱਲੋਂ ਅਤੇ ਹੋਰ ਬਹੁਤ ਸਾਰੇ ਬਜ਼ਾਰਾਂ ਵਿੱਚ ਦੁਕਾਨਦਾਰਾਂ ਵੱਲੋਂ ਸਵਾਗਤ ਕੀਤਾ ਗਿਆ ਅਤੇ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਲਈ ਲੰਗਰ ਲਾਏ ਗਏ। ਗੁਰਦੁਆਰਾ ਭਗਤ ਰਵਿਦਾਸ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਮੰਗਤ ਸਿੰਘ ਹਰਿਆਊ, ਸਤਨਾਮ ਸਿੰਘ, ਜੇਈ ਗੁਰਨਾਮ ਸਿੰਘ ਸਮੇਤ ਹੋਰ ਆਗੂਆਂ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਹਰ ਸਾਲ ਦੀ ਤਰਾਂ ਇਸ ਵਾਰ ਵੀ ਮਨਾਏ ਜਾ ਰਹੇ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ ਸਜਾਏ ਗਏ ਨਗਰ ਕੀਰਤਨ ਦਾ ਕਾਰ ਬਜ਼ਾਰ ਪਾਤੜਾਂ, ਆੜ੍ਹਤੀ ਐਸੋਸੀਏਸ਼ਨ ਪਾਤੜਾਂ ਅਤੇ ਜਾਖਲ ਰੋਡ ਦੇ ਸਾਰੇ ਦੁਕਾਨਦਾਰਾਂ ਵੱਲੋਂ ਸਵਾਗਤ ਜਿੱਥੇ ਸਵਾਗਤ ਕੀਤਾ ਗਿਆ ਹੈ, ਉੱਥੇ ਹੀ ਪਾਤੜਾਂ ਦੇ ਪੁਰਾਣੇ ਬੱਸ ਅੱਡੇ ਸਾਹਮਣੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੇ ਪ੍ਰਧਾਨ ਕਰਮਜੀਤ ਸਿੰਘ ਕਾਲੇਕਾ, ਗੁਰਬਚਨ ਸਿੰਘ ਮਾਨ, ਸੁਖਦੇਵ ਸਿੰਘ ਫੌਜੀ, ਗੁਰਪਿੰਦਰ ਸਿੰਘ ਕਾਲੇਕਾ, ਲਾਭ ਸਿੰਘ ਹਰਜਿੰਦਰ ਸਿੰਘ ਪਾਤੜ, ਦਰਸ਼ਨ ਸਿੰਘ ਕਾਲੇਕਾ, ਮੈਨੇਜਰ ਕੁਲਵੀਰ ਸਿੰਘ ਸਮੇਤ ਹੋਰ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ ਹੈ ਤੇ 25 ਫਰਵਰੀ ਨੂੰ ਸ੍ਰੀ ਆਖੰਡ ਪਾਠ ਸਹਿਬ ਦੇ ਭੋਗਾਂ ਤੋਂ ਉਪਰੰਤ ਦੀਵਾਨ ਸਜਾਏ ਜਾ ਰਹੇ ਹਨ, ਜਿਨ੍ਹਾਂ ਵਿੱਚ ਰਾਗੀ ਢਾਡੀ ਤੇ ਕਥਾਵਾਚਕ ਤੇ ਪ੍ਰਚਾਰਕ ਭਗਤ ਗੁਰੂ ਰਵਿਦਾਸ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ।

ਸੰਗਰੂਰ (ਪ੍ਰਵੀਨ ਸਿੰਘ) : ਅਜੀਤ ਨਗਰ ਵਿਖੇ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਪ੍ਰਬੰਧ ਅਧੀਨ ਸ਼੍ਰੋਮਣੀ ਭਗਤ ਬਾਬਾ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ੇਸ਼ ਗੁਰਮਤਿ ਸਮਾਗਮ ਕੀਤਾ ਗਿਆ। ਲਾਭ ਸਿੰਘ ਡਿਪਟੀ ਚੀਫ਼ ਆਰਗੇਨਾਈਜਰ, ਗੁਰਨਾਮ ਸਿੰਘ ਪ੍ਰਧਾਨ ਸੰਗਰੂਰ ਯੂਨਿਟ ਅਤੇ ਗੁਲਜ਼ਾਰ ਸਿੰਘ ਸਕੱਤਰ ਦੇ ਨਾਲ ਨੌਜਵਾਨ ਸਭਾ ਦੇ ਕੁਲਵਿੰਦਰ ਸਿੰਘ, ਲੱਕੀ ਦੀ ਦੇਖ-ਰੇਖ ਹੇਠ ਹੋਏ ਇਸ ਸਮਾਗਮ ਦੀ ਆਰੰਭਤਾ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ, ਜਿਸ ਵਿੱਚ ਗੁਰਮੇਲ ਸਿੰਘ ਵਿੱਤ ਸਕੱਤਰ, ਹਰਵਿੰਦਰ ਸਿੰਘ ਪੱਪੂ, ਸੁਰਿੰਦਰ ਸਿੰਘ, ਗੁਰਮੀਤ ਸਿੰਘ, ਸੁਖਪਾਲ ਸਿੰਘ, ਅਮਨਦੀਪ ਕੌਰ ਦਾ ਸਹਿਯੋਗ ਰਿਹਾ। ਹਰਵਿੰਦਰ ਕੌਰ ਐਡੀਸ਼ਨਲ ਜ਼ੋਨਲ ਸਕੱਤਰ ਇਸਤਰੀ ਕੌਂਸਲ ਨੇ ਭਗਤ ਰਵਿਦਾਸ ਜੀ ਨਾਲ ਸਬੰਧਤ ਸਾਖੀਆਂ ਦੀ ਰੌਸ਼ਨੀ ਵਿੱਚ ਜੀਵਨ ਇਤਿਹਾਸ ਬਾਰੇ ਗੁਰਮਤਿ ਵਿਚਾਰਾਂ ਦੀ ਸਾਂਝ ਤੇ ਕਥਾ ਵਿਚਾਰ ਕੀਤੀ। ਉਪਰੰਤ ਭਾਈ ਸੁਰਿੰਦਰਪਾਲ ਸਿੰਘ ਸਿਦਕੀ, ਭਾਈ ਗੁਰਸੰਟ ਸਿੰਘ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ। ਸਮਾਗਮ ਲਈ ਸਭਾ ਦੇ ਮੈਂਬਰ ਰੋਹਿਤ, ਰਾਜ ਕੁਮਾਰ, ਅਜੇ, ਸੁਨੀਲ ਕੁਮਾਰ, ਨਵੀ, ਪ੍ਰਿੰਸ ਕੁਮਾਰ ਆਦਿ ਨੇ ਵੱਖ-ਵੱਖ ਸੇਵਾਵਾਂ ਨਿਭਾਈਆਂ। ਸਮਾਗਮ ਵਿੱਚ ਜਸਰਾਜ, ਮਾਂਗੇ ਰਾਮ, ਰਤਨ ਲਾਲ, ਗਨੇਸ ਦਾਸ, ਸੁਮੀਤ ਕੁਮਾਰ, ਫ਼ਤਹਿ ਸਿੰਘ, ਸੁਰਜਨ ਸਿੰਘ, ਪਰਮਜੀਤ ਸਿੰਘ, ਹੰਸ ਰਾਜ, ਕੇਵਲ ਸਿੰਘ, ਸੁਭਾਸ਼ ਚੰਦ ਆਮਲਾ, ਮੱਖਣ ਸਿੰਘ ਬੋਪਾਰਾਏ, ਈਸ਼ਵਰ ਚੰਦ, ਫ਼ਕੀਰ ਚੰਦ ਆਦਿ ਪਤਵੰਤੇ ਸੱਜਣਾਂ ਸਮੇਤ ਨਗਰ ਨਿਵਾਸੀ ਹਾਜ਼ਰ ਸਨ। ਸਟੱਡੀ ਸਰਕਲ ਵੱਲੋਂ ਕੁਲਵਿੰਦਰ ਸਿੰਘ ਤੇ ਹੋਰਾਂ ਨੂੰ ਸਿਰੋਪਾਓ ਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਤ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਧੂਰੀ (ਰਾਜੇਸ਼ਵਰ ਪਿੰਟੂ, ਬਿਨੀ ਗਰਗ) : ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਹਲਕੇ ਵਿੱਚ ਕਰਾਏ ਗਏ ਵੱਖ ਵੱਖ ਸਮਾਗਮਾਂ ਵਿੱਚ ਮੁੱਖ ਮੰਤਰੀ ਪੰਜਾਬ ਦੇ ਓ.ਐਸ.ਡੀ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਸ਼ਿਰਕਤ ਕੀਤੀ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਰਵਿਦਾਸ ਜੀ ਦੀ ਬਾਣੀ ਵਿਤਕਰੇ ਦੇ ਪਾੜੇ ਨੂੰ ਖ਼ਤਮ ਕਰਕੇ ਬਰਾਬਰਤਾ ਦਾ ਸੁਨੇਹਾ ਦਿੰਦੀ ਹੈ ਤੇ ਸੱਚੀ-ਸੁੱਚੀ ਕਿਰਤ ਕਰਨ ਦੇ ਧਾਰਨੀ ਹੋਣ ਲਈ ਪ੍ਰੇਰਦੀ ਹੈ। ਇਸ ਮੌਕੇ ਪਿੰਡ ਕਲੇਰਾਂ ਦੇ ਗੁਰਦੁਆਰਾ ਸਾਹਿਬ ਵਿਖੇ ਪ੍ਰੋ. ਉਂਕਾਰ ਸਿੰਘ ਸਿੱਧੂ ਤੇ ਅਮੀਰ ਸਿੰਘ ਨੇ ਪਹੁੰਚਦਿਆਂ ਨਤਮਸਤਕ ਹੋਏ ਤੇ ਸਮੂਹ ਸੰਗਤ ਤੇ ਦੇਸ਼-ਵਿਦੇਸ਼ 'ਚ ਵਸਦੇ ਪੰਜਾਬੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਮੂਹ ਕਮੇਟੀ ਵੱਲੋਂ ਸਿਰੋਪਾਓ ਬਖ਼ਸ਼ਿਸ਼ ਕਰਕੇ ਸਨਮਾਨ ਕੀਤਾ ਗਿਆ।

ਸੰਗਰੂਰ (ਪ੍ਰਵੀਨ ਸਿੰਘ) : ਪਿੰਡ ਫ਼ਤਿਹਗੜ੍ਹ ਛੰਨਾ ਵਿਖੇ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਕਮੇਟੀ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਫ਼ਤਿਹਗੜ੍ਹ ਛੰਨਾ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ 647ਵਾਂ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਪਰਮਜੀਤ ਸਿੰਘ ਰੱਗੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਜਨਮ ਦਿਹਾੜਾ ਮਨਾਇਆ ਗਿਆ। ਉਨ੍ਹਾਂ ਦੱਸਿਆ ਕਿ ਗਿਆਨੀ ਪਰਮਜੀਤ ਸਿੰਘ ਨਰਣੈਗੜ੍ਹ ਵਾਲਿਆ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਦੇ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਗੁਰੂ ਕੇ ਲੰਗਰ ਅਟੁੱਟ ਵਰਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਪੂਨੀਆ, ਅਵਤਾਰ ਸਿੰਘ ਤਾਰੀ, ਸਾਬਕਾ ਫੌਜੀ ਕਰਨੈਲ ਸਿੰਘ, ਨਿਰਭੈ ਸਿੰਘ ਸਾਬਕਾ ਫੌਜੀ, ਸਾਬਕਾ ਸਰਪੰਚ ਹਰਦਮ ਸਿੰਘ, ਮਲਕੀਤ ਸਿੰਘ ਸਾਬਕਾ ਮੈਂਬਰ, ਜਸਵੰਤ ਸਿੰਘ, ਮੁਲਾਜ਼ਮ ਆਗੂ ਜਸਮੇਲ ਸਿੰਘ ਜੱਸੀ, ਪੰਚਾਇਤ ਸੈਕਟਰੀ ਗੁਰਜੀਤ ਸਿੰਘ, ਚੇਅਰਮੈਨ ਸਾਮ ਸਿੰਘ ਮਿਸਰਾ, ਮਾਸਟਰ ਸ਼ਮਸ਼ੇਰ ਸਿੰਘ, ਸੰਦੀਪ ਸਿੰਘ, ਗੁਰਵਿੰਦਰ ਸਿੰਘ ਸੋਨਾ, ਸੁਰਿੰਦਰ ਸਿੰਘ ਸੋਨੀ, ਚਮਕੌਰ ਸਿੰਘ, ਜਗਸੀਰ ਸਿੰਘ ਜੱਗਾ, ਭਗਵਾਨ ਸਿੰਘ

page-6-26 February.-2024.qxd 2/25/2024 10:06 PM Page 1

ਸ੍ਰੀ ਅਖੰਡ ਪਾਠ ਸਾਹਿਬ ਦੀ 13ਵੀਂ ਲੜੀ ਆਰੰਭ

ਮੱਖੂ (ਰਛਪਾਲ ਸਿੰਘ ਸੰਧੂ): ਸ਼੍ਰੋਮਣੀ ਭਗਤ ਬਾਬਾ ਮਸਤ ਕਰਮ ਚੰਦ ਬਾਠਾਂ ਵਾਲੇ ਦੀ 6 ਮਾਰਚ ਨੂੰ ਮਨਾਈ ਜਾ ਰਹੀ 39ਵੀਂ ਬਰਸੀ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਜਾ ਰਹੇ ਸ੍ਰੀ ਅਖੰਡ ਪਾਠ ਦੀ ਬਾਰਵੀਂ ਲੜੀ ਦੇ ਸ੍ਰੀ ਅਖੰਡ ਪਾਠਾਂ ਦੇ ਭੋਗ ਸੰਪੂਰਨ ਉਪਰੰਤ 13ਵੀਂ ਲੜੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਬਾਬਾ ਮਸਤ ਕਰਮ ਚੰਦ ਬਾਠਾਂ ਵਾਲਾ ਮਖੂ ਦੇ ਮੈਨੇਜਰ ਇਕਬਾਲ ਸਿੰਘ ਚੱਬਾ, ਸੇਵਾਦਾਰ ਗੁਰਦੇਵ ਸਿੰਘ ਮਹਿਤਾ, ਗ੍ਰੰਥੀ ਗੁਰਲਾਲ ਸਿੰਘ, ਗ੍ਰੰਥੀ ਮਨਜੀਤ ਸਿੰਘ, ਭਾਈ ਜਗਸੀਰ ਸਿੰਘ ਕਥਾ ਵਾਚਕ, ਕਰਨਦੀਪ ਸਿੰਘ ਰਾਗੀ, ਸੁਖਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਬਾ ਜੀ ਦੀ ਬਰਸੀ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਵੱਲੋਂ ਬਾਰ੍ਹਵੀਂ ਲੜੀ 'ਚ ਕਰਵਾਏ 25 ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸੰਪੂਰਨ ਉਪਰੰਤ ਤੇਰਵੀਂ ਲੜੀ 'ਚ ਸੰਗਤਾਂ ਵੱਲੋਂ 25 ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ। ਸ੍ਰੀ ਅਖੰਡ ਪਾਠਾਂ ਸਾਹਿਬ ਜੀ ਦੇ ਭੋਗ ਸੰਪੂਰਨ ਉਪਰੰਤ ਰਾਗੀ ਢਾਡੀ ਜਥੇ ਵੱਲੋਂ ਸੰਗਤ ਨੂੰ ਗੁਰੂ ਘਰ ਦਾ ਜੱਸ ਸੁਣਾ ਕੇ ਨਿਹਾਲ ਕੀਤਾ ਜਾ ਰਿਹਾ ਹੈ। ਬਾਬਾ ਜੀ ਦੀ ਬਰਸੀ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੇ ਸ਼ਰਧਾਲੂਆਂ ਨੂੰ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਬਾਠਾਂ ਵਾਲਾ ਦੇ ਮੈਨੇਜਰ ਇਕਬਾਲ ਸਿੰਘ ਚੱਬਾ, ਸੇਵਾਦਾਰ ਗੁਰਦੇਵ ਸਿੰਘ ਮਹਿਤਾ, ਗ੍ਰੰਥੀ ਗੁਰਲਾਲ ਸਿੰਘ, ਗ੍ਰੰਥੀ ਮਨਜੀਤ ਸਿੰਘ, ਭਾਈ ਜਗਸੀਰ ਸਿੰਘ ਕਥਾ ਵਾਚਕ, ਕਰਨਦੀਪ ਸਿੰਘ ਰਾਗੀ, ਸੁਖਵਿੰਦਰ ਸਿੰਘ ਵੱਲੋਂ ਸਿਰਪਾਓ ਭੇਂਟ ਕੀਤੇ ਗਏ। ਇਸ ਮੌਕੇ ਸਤਨਾਮ ਸਿੰਘ, ਸਰੂਪ ਸਿੰਘ, ਨਰਿੰਦਰ ਸਿੰਘ ਮੁਮਾਰੇਵਾਲਾ, ਅਜੈਬ ਸਿੰਘ ਨੰਬਰਦਾਰ, ਕੇਵਲ ਕ੍ਰਿਸ਼ਨ ਸਚਦੇਵਾ, ਸੰਤੋਖ ਸਿੰਘ ਫੌਜੀ, ਸਤਵਿੰਦਰ ਸਿੰਘ ਮਖੂ, ਸੁਸ਼ੀਲ ਚਾਵਲਾ, ਰਾਹੁਲ ਅਹੂਜਾ, ਜਗਦੇਵ ਸਿੰਘ ਔਲਖ, ਤਰਲੋਚਨ ਸਿੰਘ, ਜਗਜੀਤ ਸਿੰਘ ਘਈ, ਅਮਰਜੀਤ ਸਿੰਘ ਪੋਪੀ, ਕਾਰਜ ਸਿੰਘ, ਸੁਖਦੇਵ ਸਿੰਘ, ਜਿਉਣ ਸਿੰਘ, ਪਰਮਜੀਤ ਸਿੰਘ ਪੰਮਾ ਆਦਿ ਵੱਲੋਂ ਹਾਜ਼ਰੀ ਲਵਾਈ ਗਈ।

ਰੋਟਰੀ ਕਲੱਬ ਨਾਭਾ ਵੱਲੋਂ ਗੋਡੇ ਤੇ ਚੂਲੇ ਦੇ ਦਰਦਾਂ ਦਾ ਫਰੀ ਚੈੱਕਅੱਪ ਕੈਂਪ

ਨਾਭਾ (ਵਰਿੰਦਰ ਵਰਮਾ) ਰੋਟਰੀ ਕਲੱਬ ਨਾਭਾ ਪ੍ਰਧਾਨ ਦਰਸ਼ਨ ਸਿੰਘ ਬੁੱਟਰ, ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ ਅਤੇ ਐਡਵੋਕੇਟ ਭਾਰਤ ਭੂਸ਼ਣ ਜੈਨ (ਨਿਤਿਨ) ਦੀ ਅਗਵਾਈ ਹੇਠ ਰੋਟਰੀ ਭਵਨ ਪਟਿਆਲਾ ਗੇਟ ਵਿਖੇ ਗੋਡੇ ਅਤੇ ਚੂਲੇ ਦੇ ਦਰਦਾਂ ਦਾ ਫਰੀ ਚੈਕਅੱਪ ਕੈਂਪ ਲਗਾਇਆ ਗਿਆ। ਕੈਂਪ 'ਚ ਜਲੰਧਰ ਤੋਂ ਜੋੜ ਬਦਲਣ ਦੇ ਮਾਹਿਰ ਡਾਕਟਰ ਦਿਲਬੰਸ ਸਿੰਘ ਪੰਧੇਰ ਐਮ ਐਸ ਐਮ ਸੀ ਐਚ ਆਰਥੋ ਜੁਆਇੰਟ ਰਿਪਲੇਸਮੈਂਟ ਅਤੇ ਆਰਥਰੋਸਕੋਪੀ ਸਪੈਸਲਿਸਟ ਆਪਣੀ ਟੀਮ ਨਾਲ 270 ਦੇ ਕਰੀਬ ਮਰੀਜਾਂ ਦਾ ਚੈੱਕਅੱਪ ਕੀਤਾ ਗਿਆ। ਕੈਂਪ ਵਿੱਚ ਕਲੱਬ ਵੱਲੋਂ ਨਿਓਰੋਪੈਥੀ ਤੇ ਬੀ ਐਮ ਡੀ ਟੈਸਟ ਮੁਫਤ ਅਤੇ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਕਲੱਬ ਪ੍ਰਧਾਨ ਦਰਸ਼ਨ ਬੁੱਟਰ ਅਤੇ ਸਮੂਹ ਮੈਂਬਰਾਂ ਵੱਲੋਂ ਡਾਕਟਰ ਦਿਲਬੰਸ ਸਿੰਘ ਪੰਧੇਰ ਅਤੇ ਉਨ੍ਹਾਂ ਦੀ ਟੀਮ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨ ਦਰਸ਼ਨ ਸਿੰਘ ਬੁੱਟਰ ਅਤੇ ਪ੍ਰੋਜੈਕਟ ਚੇਅਰਮੈਨ ਜੀਵਨ ਪ੍ਰਕਾਸ਼ ਬਾਂਸਲ ਅਤੇ ਐਡਵੋਕੇਟ ਨਿਤਿਨ ਜੈਨ ਨੇ ਕਿਹਾ ਕਿ ਕਲੱਬ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਹਰ ਸੰਸਥਾਵਾਂ ਨੂੰ ਅਜਿਹੇ ਕੈਂਪ ਜਰੂਰ ਲਗਾਉਣੇ ਚਾਹੀਦੇ ਹਨ ਤਾਂ ਕਿ ਲੋੜਵੰਦ ਇਨਸਾਨ ਦੀ ਮਦਦ ਕੀਤੀ ਜਾ ਸਕੇ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਕਲੱਬ ਵੱਲੋਂ ਅਜਿਹੇ ਕੈਂਪ ਹੋਰ ਲਗਾਏ ਜਾਣਗੇ। ਇਸ ਮੌਕੇ ਕੋ-ਪ੍ਰਜੈਕਟ ਚੇਅਰਮੈਨ ਰੋ. ਵੇਦ ਪ੍ਰਕਾਸ਼ ਡੱਲਾ, ਕੋ-ਪ੍ਰਜੈਕਟ ਚੇਅਰਮੈਨ ਰੋ. ਚਰਨ ਸਿੰਘ, ਕੋ-ਪ੍ਰਜੈਕਟ ਚੇਅਰਮੈਨ ਰੋ. ਡਾ.ਆਈਡੀ.ਗੋਇਲ, ਦਲਜੀਤ ਸਿੰਘ ਸੰਧੂ, ਅਸ਼ੋਕ ਕਿੰਗਰ, ਦਰਸ਼ਨ ਅਰੋੜਾ, ਵਿਕਾਸ ਮਿੱਤਲ, ਰਵਨੀਸ਼ ਗੋਇਲ, ਰਾਜ ਕੁਮਾਰ ਜੇਟਵਾਨੀ, ਮਨਦੀਪ ਭਾਟੀਆ, ਰਾਜੇਸ਼ ਕੁਮਾਰ ਅਰੋੜਾ, ਹਰਪ੍ਰੀਤ ਸਿੰਘ ਢੀਂਡਸਾ, ਸਿਕੰਦਰ ਪ੍ਰਤਾਪ ਸਿੰਘ, ਕ੍ਰਿਸਨ ਗੋਇਲ, ਕਰਮਜੀਤ ਸਿੰਘ ਮਹਿਰਮ, ਪ੍ਰੀਤਮ ਬਤਰਾ, ਡਾਕਟਰ ਰਾਜਿੰਦਰ ਗੈਰਾ ਆਦਿ ਮੈਂਬਰ ਹਾਜਰ ਸਨ।

ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ ਵਿਆਪਕ ਟੀਕਾਕਰਨ ਮੁਹਿੰਮ ਦੀ ਹੋਈ ਸ਼ੁਰੂਆਤ

ਮੁਕਤਸਰ ਸਾਹਿਬ (ਸਮਿੰਦਰ ਪਾਲ/ ਪੂਜਾ/ ਪਰਮਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲੰਪੀ ਸਕਿੱਨ ਬਿਮਾਰੀ ਤੋਂ ਬਚਾਓ ਦੀ ਵੱਡੀ ਟੀਕਾਕਰਨ ਮੁਹਿੰਮ ਦਾ ਆਗਾਜ਼ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਥੋਂ ਰਾਜ ਪੱਧਰੀ ਸਮਾਗਮ ਦੌਰਾਨ ਕੀਤਾ। ਇਥੋਂ ਦੀ ਮਹਾਂਵੀਰ ਗਊਸ਼ਾਲਾ ਵਿਖੇ ਇਸ ਰਾਜ ਪੱਧਰੀ ਮੁਹਿੰਮ ਦੀ ਸ਼ੁਰੂਆਤ ਕਰਨ ਮੌਕੇ ਕਰਵਾਈ ਸਮਾਗਮ ਸੰਬੋਧਨ ਕਰਦਿਆਂ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬੇ ਵੱਲੋਂ ਤੇਲੰਗਾਨਾ ਸਟੇਟ ਵੈਟਰਨਰੀ ਬਾਇਓਲਾਜੀਕਲ ਐਂਡ ਰਿਸਰਚ ਇੰਸਟੀਚਿਊਟ, ਹੈਦਰਾਬਾਦ ਤੋਂ 78.75 ਲੱਖ ਰੁਪਏ ਦੀ ਲਾਗਤ ਨਾਲ ਗੋਟ ਪੌਕਸ ਵੈਕਸੀਨ ਦੀਆਂ 25 ਲੱਖ ਖੁਰਾਕਾਂ ਖਰੀਦੀਆਂ ਗਈਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਟੇਟ ਵੈਟਰਨਰੀ ਵੈਕਸੀਨ ਇੰਸਟੀਚਿਊਟ, ਲੁਧਿਆਣਾ ਵੱਲੋਂ ਸਾਰੇ ਜਿਲ੍ਹਿਆਂ 'ਚ ਵੈਕਸੀਨ ਭੇਜ ਦਿੱਤੀ ਗਈ ਹੈ। ਇਸ ਮੁਹਿੰਮ ਤਹਿਤ ਸੂਬਾ ਸਰਕਾਰ ਵੱਲੋਂ ਚਲਾਏ ਜਾ ਰਹੇ ਕੈਟਲ ਪੌਂਡਸ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਸਮੇਤ ਸੂਬੇ ਦੇ ਸਾਰੇ ਗਊਧਨ ਨੂੰ ਇਹ ਵੈਕਸੀਨ ਮੁਫਤ ਲਗਾਈ ਜਾਵੇਗੀ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਟੀਕਾਕਰਨ ਮੁਹਿੰਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਜੁਆਇੰਟ ਡਾਇਰੈਕਟਰ ਆਰ ਡੀ ਡੀ ਐਲ, ਜਲੰਧਰ ਨੂੰ ਨੋਡਲ ਅਫ਼ਸਰ ਵਜੋਂ ਤਾਇਨਾਤ ਕੀਤਾ ਗਿਆ ਹੈ। ਪੰਜਾਬ ਪਸ਼ੂ ਪਾਲਣ ਵਿਭਾਗ ਵੱਲੋਂ ਸੂਬਾ ਪੱਧਰ 'ਤੇ ਇਕ ਕੰਟਰੋਲ ਰੂਮ ਸਥਾਪਤ ਕਰਨ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰਾਂ ਦੇ ਦਫਤਰਾਂ ਵਿਖੇ ਜਿਲ੍ਹਾ ਪੱਧਰੀ ਕੰਟਰੋਲ ਰੂਮ ਵੀ ਸਥਾਪਤ ਕੀਤੇ ਗਏ ਹਨ। ਵਿਭਾਗ ਨੇ ਪਸ਼ੂ ਪਾਲਕਾਂ ਦੀ ਮਦਦ ਲਈ ਹੈਲਪਲਾਈਨ ਨੰਬਰ 0172-2217084 ਵੀ ਜਾਰੀ ਕੀਤਾ ਹੈ। ਇਸ ਮੌਕੇ ਕੈਬਨਟ ਮੰਤਰੀ ਨੇ ਕਿਹਾ ਕਿ ਪਸ਼ੂ ਧਨ ਪੰਜਾਬ ਦੇ ਲੋਕਾਂ ਲਈ ਆਰਥਿਕਤਾ ਦਾ ਇੱਕ ਪ੍ਰਮੁੱਖ ਸਰੋਤ ਹੈ। ਉਹਨਾਂ ਨੇ ਇਸ ਮੌਕੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀ ਦੇ ਨਾਲ ਨਾਲ ਪਸ਼ੂ ਪਾਲਣ ਨੂੰ ਵੀ ਅਪਣਾਉਣ। ਉਹਨਾਂ ਨੇ ਕਿਹਾ ਕਿ ਪਸ਼ੂ ਪਾਲਣ ਪੰਜਾਬੀਆਂ ਦਾ ਵਿਰਾਸਤੀ ਕਿੱਤਾ ਰਿਹਾ ਹੈ ਅਤੇ ਸਾਡੀ ਨਵੀਂ ਪੀੜੀ ਨੂੰ ਵੀ ਇਸ ਨੂੰ ਭੁਲਾਉਣਾ ਨਹੀਂ ਚਾਹੀਦਾ ਸਗੋਂ ਰਵਾਇਤੀ ਖੇਤੀ ਦੇ ਨਾਲ ਨਾਲ ਜੇਕਰ ਪਸ਼ੂ ਪਾਲਣ ਕੀਤਾ ਜਾਵੇ ਤਾਂ ਇਹ ਕਿਸਾਨ ਪਰਵਾਰਾਂ ਦੀ ਆਮਦਨ ਵਧੇਤ ਦਾ ਕਾਰਨ ਬਣ ਸਕਦਾ ਹੈ। ਇਸ ਮੌਕੇ ਪਸ਼ੂ ਪਾਲਣ ਵਿਭਾਗ ਦੇ ਡਾ ਗੁਰਸ਼ਰਨਜੀਤ ਸਿੰਘ ਬੇਦੀ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ, ਜਿਲ੍ਹੇ ਦੇ ਡਿਪਟੀ ਡਾਇਰੈਕਟਰ ਡਾ ਗੁਰਦਿੱਤ ਸਿੰਘ ਤੋਂ ਇਲਾਵਾ ਤਜਿੰਦਰ ਸਿੰਘ ਤੋਜੀ, ਗੁਰਬਾਜ ਸਿੰਘ, ਹਰਦੀਪ ਸਿੰਘ ਅਤੇ ਡਾ ਗੁਰਦਾਸ ਸਿੰਘ, ਡਾ ਵਿਪਨ, ਡਾ ਵਿਨੀਤ ਜੋਸ਼ੀ, ,ਡਾ ਕੇਵਲ ਸਿੰਘ, ਡਾ ਪੁਰਸ਼ੋਤਮ ਮਾਂਝੀ, ਡਾ ਅਮਿਤ ਨੈਨ, ਮਨਵਿੰਦਰ ਸਿੰਘ ਐਸ ਵੀ ਆਈ, ਮਨਪ੍ਰੀਤ ਸਿੰਘ ਹਾਜ਼ਰ ਸਨ।

ਬੂਟਾ ਮੰਡੀ 'ਚ ਸਤਿਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਉਤਸ਼ਾਹ ਨਾਲ ਮਨਾਇਆ

ਕਾਲਾ ਸੰਘਿਆਂ (ਮਨਜੀਤ ਮਾਨ)-ਸਤਿਗੁਰੂ ਰਵਿਦਾਸ ਧਾਮ ਬੂਟਾ ਮੰਡੀ ਜਲੰਧਰ ਵਿਖੇ ਟਰੱਸਟ ਦੇ ਜਨਰਲ ਸੈਕਟਰੀ ਵਿਨੋਦ ਕੌਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ 647 ਵੇਂ ਆਗਮਨ ਨੂੰ ਮੁੱਖ ਰੱਖਦਿਆਂ ਸਤਿਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਪਿਛਲੇ ਕਈ ਦਿਨਾਂ ਤੋਂ ਸਤਿਗੁਰੂ ਰਵਿਦਾਸ ਧਾਮ ਜੀ ਦੇ ਨਾਮ 'ਤੇ ਅਟੂੱਟ ਲੰਗਰ ਵਰਤਾਏ ਗਏ ਤੇ ਸ੍ਰੀ ਅਖੰਡ ਪਾਠ ਕਰਵਾਏ ਗਏ। ਉਪਰੰਤ ਗਾਇਕ ਕੇ ਐੱਸ ਮੱਖਣ, ਬਲਰਾਜ ਬਿਲਗਾ, ਪੰਜਾਬੀ ਦੀ ਸੁਪਰਹਿਟ ਦੋਗਾਣਾ ਗਾਇਕ ਜੋੜੀ ਅਮਰੀਕ ਮਾਇਕਲ ਤੇ ਮਮਤਾ ਮਹਿਰਾ, ਕੁਲਵੰਤ ਬਾਵਾ, ਬੰਟੀ ਸੰਧੂ ਅਤੇ ਬਲਵਿੰਦਰ ਦਿਲਦਾਰ ਨੇ ਸਾਹਿਬ ਸਤਿਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕੀਤਾ। ਅੱਜ ਮੁੱਖ ਮਹਿਮਾਨ ਤੌਰ 'ਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਮੌਜੂਦਾ ਸਰਕਾਰ ਐਮ ਪੀ ਸੁਸ਼ੀਲ ਕੁਮਾਰ ਰਿੰਕੂ , ਵਿਧਾਇਕ ਸੀਤਲ ਅੰਗੁਰਾਲ ਪਹੁੰਚੇ। ਪੰਜਾਬੀ ਦੋਗਾਣਾ ਗਾਇਕ ਜੋੜੀ ਅਮਰੀਕ ਮਾਇਕਲ ਤੇ ਮਮਤਾ ਮਹਿਰਾ ਨੇ ਮਹਾਰਾਜ ਦੇ ਕ੍ਰਾਂਤੀਕਾਰੀ ਸ਼ਬਦ ਨਾਲ ਸੰਗਤਾਂ ਨੂੰ ਮਹਾਰਾਜ ਦੇ ਨਾਮ ਨਾਲ ਜੋੜਿਆ। ਟਰੱਸਟ ਦੇ ਚੇਅਰਮੈਨ ਸੇਠ ਸਤਪਾਲ ਮੱਲ, ਪ੍ਰਧਾਨ ਹਰਦਿਆਲ ਬੰਗੜ, ਕੈਸ਼ੀਅਰ ਗੌਰਵ ਮਹੇ ਅਤੇ ਸਾਰੇ ਟਰੱਸਟ ਦੇ ਮੈਂਬਰਾਂ ਨੇ ਮੁੱਖ ਮਹਿਮਾਨਾਂ, ਪੱਤਰਕਾਰਾਂ ਨੂੰ ਜੀ ਆਇਆਂ ਆਖਿਆ।

ਆਸਰਾ ਫਾਊਂਡੇਸ਼ਨ ਬਰੇਟਾ ਨੇ ਅੱਖਾਂ ਦਾ ਫ੍ਰੀ ਕੈਂਪ ਲਗਾਇਆ

ਬਰੇਟਾ (ਗੋਬਿੰਦ ਸ਼ਰਮਾ) ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਜਿਉਣਾ ਮੱਲ ਕਪੂਰ ਚੰਦ ਦੀ ਯਾਦ ਨੂੰ ਸਮਰਪਿਤ ਹਰ ਮਹੀਨੇ ਦੇ ਆਖਰੀ ਐਤਵਾਰ ਨੂੰ ਲੱਗਣ ਵਾਲਾ ਅੱਖਾਂ ਦਾ ਕੈਂਪ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਵਿਖੇ ਸੰਤ ਤਿਰਵੈਣੀ ਗਿਰੀ ਪੁਨਰਜੋਤੀ ਆਈ ਡੋਨੇਸ਼ਨ ਹਸਪਤਾਲ ਰਾਮਪੁਰਾ ਫੂਲ ਵੱਲੋਂ ਲਗਾਇਆ ਗਿਆ, ਜਿਸ ਵਿੱਚ 538 ਲੋੜਵੰਦ ਚੈੱਕ ਕਰਕੇ 134 ਮਰੀਜ ਫਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ। ਟੀਮ ਆਸਰਾ ਦੇ ਪ੍ਰਧਾਨ ਡਾਕਟਰ ਗਿਆਨ ਚੰਦ ਅਜ਼ਾਦ, ਵਾਈਸ ਪ੍ਰਧਾਨ ਡਾਕਟਰ ਅਵਤਾਰ ਸਿੰਘ ਖੱਤਰੀਵਾਲਾ, ਡਾਕਟਰ ਕੁਲਜੀਤ ਸਿੰਘ ਬਰੇਟਾ, ਵੱਲੋਂ ਆਏ ਹੋਏ ਮਰੀਜਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਅਤੇ ਸਾਂਭ ਸੰਭਾਲ ਵਾਰੇ ਵਿਸਤਾਰ ਪੂਰਵਕ ਦੱਸਿਆ ਗਿਆ ਹਰ ਕੈਂਪ ਵਿੱਚ ਦਵਾਈਆਂ ਦੀ ਸੇਵਾ ਮਹਿੰਦਰ ਸਿੰਘ ਕਟੋਦੀਆ ਸੰਸਥਾਪਕ ਸਾਵਨ ਐਜੂਕੇਸ਼ਨਨਲ ਟਰੱਸਟ ਚੰਡੀਗੜ੍ਹ ਵੱਲੋਂ ਕੀਤੀ ਗਈ। ਇਸ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਦੀ ਟੀਮ ਵੱਲੋਂ ਕੀਤੀ ਜਾਂਦੀ ਹੈ। ਇਸ ਮੌਕੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਦੀ ਟੀਮ ਮਾਸਟਰ ਕੁਲਵੰਤ ਸਿੰਘ ਦੀ ਅਗਵਾਈ ਹੇਠ ਸਟੇਟ ਅਵਾਰਡੀ ਰਜਿੰਦਰ ਕੁਮਾਰ ਵੱਲੋਂ ਟੀਮ ਆਸਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰ ਮਹੀਨੇ ਦੇ ਆਖਰੀ ਐਤਵਾਰ ਲਗਾਏ ਜਾ ਰਹੇ ਕੈਂਪ ਬਹੁਤ ਹੀ ਨੇਕ ਉਪਰਾਲਾ ਹੈ ਹਰ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਪ੍ਰਬੰਧਕ ਗੁਰਦੁਆਰਾ ਸਾਹਿਬ ਭਾਈ ਘਨੱਈਆ ਜੀ ਵੱਲੋਂ ਕੀਤੀ ਜਾਂਦੀ ਹੈ। ਇਸ ਮੌਕੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਸੰਜੀਵਨੀ ਵੈਲਫੇਅਰ ਸੁਸਾਇਟੀ ਬੁਢਲਾਡਾ, ਜਿਲ੍ਹਾ ਰੂਰਲ ਯੂਥ ਐਸੋਸੀਏਸ਼ਨ ਮਾਨਸਾ, ਸਿੱਖਿਆ ਵਿਕਾਸ ਮੰਚ ਮਾਨਸਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਿਹੰਤ ਕਾਲਜ ਆਫ ਐਜੂਕੇਸ਼ਨ, ਗਿਆਨ ਸਾਗਰ ਕਾਨਵੈਂਟ ਸਕੂਲ ਕਾਹਨਗੜ, ਸਤਿਕਾਰ ਕਮੇਟੀ ਵਰੇ ਸਾਹਿਬ, ਐਨੀਮਲ ਏਡ ਟੀਮ ਚੋਟੀਆਂ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਬਰੇਟਾ, ਸਲੱਮ ਫਾਊਂਡੇਸ਼ਨ ਮਾਨਸਾ, ਏਕ ਨੂਰ ਵੈਲਫੇਅਰ ਐਸੋਸੀਏਸ਼ਨ ਮਾਨਸਾ, ਇਲਾਕੇ ਅਤੇ ਸ਼ਹਿਰ ਨਿਵਾਸੀਆਂ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ। ਉਨ੍ਹਾ ਦੱਸਿਆ ਕਿ ਅਗਲਾ ਕੈਂਪ 31 ਮਾਰਚ ਦਿਨ ਐਤਵਾਰ ਨੂੰ ਇਸੇ ਥਾਂ ਉਤੇ ਲਗੇਗਾ।

48ਵਾਂ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪਰੇਸ਼ਨ ਕੈਂਪ ਲਗਾਇਆ

ਜਗਰਾਉਂ, (ਅਮਿਤ ਖੰਨਾ) ਲੋਕ ਸੇਵਾ ਸੁਸਾਇਟੀ ਵੱਲੋਂ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਸਵਰਗਵਾਸੀ ਕਸ਼ਮੀਰੀ ਲਾਲ ਚਾਵਲਾ ਦੀ 22ਵੀਂ ਬਰਸੀ ਨੂੰ ਸਮਰਪਿਤ 48ਵਾਂ ਅੱਖਾਂ ਦਾ ਮੁਫ਼ਤ ਚੈੱਕਅੱਪ ਤੇ ਅਪਰੇਸ਼ਨ ਕੈਂਪ ਲਾਜਪਤ ਰਾਏ ਡੀ ਏ ਵੀ ਕਾਲਜ ਜਗਰਾਓਂ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ

26-FEB-PAGE-7.qxd 2/25/2024 9:35 PM Page 1

ਬਿਜਲੀ ਦੀ ਮਾੜੀ ਸਪਲਾਈ ਸੰਬੰਧੀ ਐਕਸੀਅਨ ਘੁਲਾਲ ਨੂੰ ਦਿੱਤਾ ਮੰਗ ਪੱਤਰ

ਸਮਰਾਲਾ (ਸੁਰਜੀਤ ਸਿੰਘ) ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਦਾ ਇੱਕ ਵਫ਼ਦ ਬਿਜਲੀ ਦੀ ਮਾੜੀ ਸਪਲਾਈ ਸਬੰਧੀ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਡਵੀਜ਼ਨ ਘੁਲਾਲ ਦੇ ਐਕਸੀਅਨ ਨੂੰ ਮਿਲਿਆ। ਹਾਜ਼ਰ ਕਿਸਾਨ ਆਗੂਆਂ ਨੇ ਆਪਣੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਵੀ ਦਿੱਤਾ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਇਸ ਮੌਕੇ ਕਣਕ ਦੀ ਖੜੀ ਫ਼ਸਲ ਨੂੰ ਪਾਣੀ ਦੀ ਅਤਿਅੰਤ ਜ਼ਰੂਰਤ ਹੈ, ਪ੍ਰੰਤੂ ਟਿਊਬਵੈੱਲਾਂ ਨੂੰ ਬਿਜਲੀ ਸਪਲਾਈ ਪੂਰੀ ਤਰ੍ਹਾਂ ਨਹੀਂ ਦਿੱਤੀ ਜਾ ਰਹੀ। ਪਾਣੀ ਦੀ ਘਾਟ ਕਾਰਨ ਕਣਕ ਨੂੰ ਜੋ ਸਿੱਟੇ ਨਿਕਲ ਰਹੇ ਹਨ, ਉਨ੍ਹਾਂ ਅੰਦਰ ਦਾਣਾ ਮਰ ਜਾਵੇਗਾ ਤੇ ਝਾੜ ਉੱਤੇ ਕਾਫੀ ਅਸਰ ਪਵੇਗਾ। ਮੰਗ ਕੀਤੀ ਗਈ ਕਿ ਕਣਕ ਦੀ ਫਸਲ ਨੂੰ ਮੁੱਖ ਰੱਖਦੇ ਹੋਏ ਟਿਊਬਵੈਲਾਂ ਲਈ ਘੱਟੋ-ਘੱਟ ਰੋਜ਼ਾਨਾ ਅੱਠ ਘੰਟੇ ਬਿਜਲੀ ਸਪਲਾਈ ਦਿੱਤੀ ਜਾਵੇ। ਇਸ ਤੋਂ ਇਲਾਵਾ ਪੇਂਡੂ ਖੇਤਰਾਂ ਵਿੱਚ ਬਿਜਲੀ ਸਪਲਾਈ ਨਾ ਬਰਾਬਰ ਆਉਂਦੀ ਹੈ, ਲੰਬੇ ਲੰਬੇ ਕੱਟਾਂ ਕਾਰਨ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦੀ ਸਾਹਮਣਾ ਕਰਨਾ ਪੈ ਰਿਹਾ ਹੈ। ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਸਮਰਾਲਾ ਤੇ ਮਾਛੀਵਾੜਾ ਬਲਾਕ ਜੋ ਸਬਜ਼ੀ ਦੀ ਬੈਲਟ ਹਨ, ਇੱਥੇ ਕਿਸਾਨਾਂ ਵੱਲੋਂ ਵੱਡੀ ਗਿਣਤੀ ਵਿੱਚ ਸਬਜ਼ੀ ਬੀਜੀ ਜਾਂਦੀ ਹੈ, ਪ੍ਰੰਤੂ ਬਿਜਲੀ ਦੀ ਸਪਲਾਈ ਸਹੀ ਨਾ ਆਉਣ ਕਾਰਨ ਖੇਤਾਂ ਵਿੱਚ ਖੜੀਆਂ ਸਬਜ਼ੀਆਂ ਸੁੱਕ ਰਹੀਆਂ ਹਨ। ਇਨ੍ਹਾਂ ਮੰਗਾਂ ਸਬੰਧੀ ਐਕਸੀਅਨ ਪੀ.ਐਸ.ਪੀ.ਸੀ. ਐਲ. ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਇਨ੍ਹਾਂ ਜਾਇਜ਼ ਮੰਗਾਂ ਉਪਰ ਗੌਰ ਕਰਕੇ ਬਿਜਲੀ ਸਪਲਾਈ ਵਿੱਚ ਸੁਧਾਰ ਕੀਤਾ ਜਾਵੇਗਾ ਤਾਂ ਕਿਸਾਨਾਂ ਅਤੇ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਮੰਗ ਪੱਤਰ ਦੇਣ ਮੌਕੇ ਵਫ਼ਦ ਵਿੱਚ ਸੁਖਵਿੰਦਰ ਸਿੰਘ ਭੱਟੀਆਂ ਮੀਤ ਪ੍ਰਧਾਨ ਪੰਜਾਬ ਬੀ.ਕੇ.ਯੂ. (ਰਾਜੇਵਾਲ), ਹਰਦੀਪ ਸਿੰਘ ਗਿਆਸਪੁਰਾ ਜ਼ਿਲ੍ਹਾ ਪ੍ਰਧਾਨ ਬੀ.ਕੇ.ਯੂ. (ਕਾਦੀਆਂ), ਮਨਜੀਤ ਸਿੰਘ ਢੀਂਡਸਾ ਬੀ.ਕੇ.ਯੂ. (ਲੱਖੋਵਾਲ), ਮੋਹਣ ਸਿੰਘ ਬਾਲਿਓਂ ਬਲਾਕ ਪ੍ਰਧਾਨ ਭਾਕਿਯੂ (ਕਾਦੀਆਂ), ਕੁਲਵਿੰਦਰ ਸਿੰਘ ਪੂਰਬਾ ਬਲਾਕ ਪ੍ਰਧਾਨ (ਰਾਜੇਵਾਲ), ਕਲਦੀਪ ਸਿੰਘ ਪਵਾਤ, ਮਨਜੀਤ ਸਿੰਘ ਪਵਾਤ, ਹਰਦੀਪ ਸਿੰਘ ਭਰਥਲਾ, ਪਰਮਿੰਦਰ ਸਿੰਘ, ਗੋਨਾ ਮੁਤਿਓਂ, ਬੂਟਾ ਸਿੰਘ ਬਗਲੀ ਤੇ ਚੰਨੀ ਭਲਵਾਨ ਆਦਿ ਹਾਜ਼ਰ ਸਨ।

ਕਾਂਗਰਸ ਨੇ ਸ਼ੁਭਕਰਨ ਸਿੰਘ ਦੀ ਯਾਦ 'ਚ ਕੱਢਿਆ ਕੈਂਡਲ ਮਾਰਚ

ਜਲਾਲਾਬਾਦ (ਜੀਤ ਕੁਮਾਰ)-ਪੰਜਾਬ ਕਾਂਗਰਸ ਕਮੇਟੀ ਦੇ ਆਦੇਸ਼ਾਂ ਅਨੁਸਾਰ ਬਲਾਕ ਜਲਾਲਾਬਾਦ ਕਾਂਗਰਸ ਦੇ ਵਰਕਰਾਂ ਵੱਲੋਂ ਸ਼ੁੱਕਰਵਾਰ ਦੇਰ ਸ਼ਾਮ ਨੂੰ ਜਲਾਲਾਬਾਦ ਸ਼ਹਿਰ ਵਿੱਚ ਕੈਂਡਲ ਮਾਰਚ ਕਿਸਾਨੀ ਅੰਦੋਲਨ-2 ਦੇ ਦੌਰਾਨ ਖਨੌਰੀ ਸਰਹੱਦ ਤੇ ਸ਼ਹੀਦ ਹੋਏ ਨੌਜਵਾਨ ਸ਼ੁੱਭਕਰਨ ਸਿੰਘ ਦੀ ਯਾਦ 'ਚ ਕੈਂਡਲ ਮਾਰਚ ਕੱਢਿਆ ਗਿਆ। ਇਹ ਕੈਂਡਲ ਮਾਰਚ ਸਥਾਨਕ ਦੇਵੀ ਦੁਆਰਾ ਮੰਦਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਬਾਜ਼ਾਰਾਂ ਵਿੱਚ ਪਹੁੰਚਿਆ। ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਰਾਜ ਬਖਸ਼ ਕੰਬੋਜ ਨੇ ਮੋਦੀ ਤੇ ਹਰਿਆਣਾ ਸਰਕਾਰ ਦੇ ਕਿਸਾਨ ਵਿਰੋਧੀ ਰਵੱਈਏ ਦੀ ਆਲੋਚਨਾ ਕਰਦਿਆਂ ਕਿਹਾ ਕਿ ਆਪਣੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਦਿੱਲੀ ਵੱਲ ਜਾ ਰਹੇ ਕਿਸਾਨਾਂ 'ਤੇ ਹੋ ਰਹੇ ਅਣਮਨੁੱਖੀ ਅੱਤਿਆਚਾਰ ਦੇ ਵਿਰੁੱਧ ਇੱਥੇ ਕੈਂਡਲ ਮਾਰਚ ਕੱਢਿਆ ਗਿਆ। ਕਾਂਗਰਸੀ ਆਗੂਆਂ ਨੇ ਮੰਗ ਕੀਤੀ ਕਿ ਸ਼ਹੀਦ ਨੌਜਵਾਨ ਸ਼ੁਭਕਰਨ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ ਤੇ ਗੋਲੀ ਚਲਾਉਣ ਵਾਲੇ ਪੁਲਸ ਅਫਸਰ ਤੇ ਮੁਲਾਜ਼ਮਾਂ ਖਿਲਾਫ ਧਾਰਾ 302 ਤਹਿਤ ਕੇਸ ਦਰਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਕਿਸਾਨਾਂ ਦੇ ਨਾਲ ਖੜੀ ਹੈ ਤੇ ਆਪਣੇ ਹੱਕ ਮੰਗਣ ਵਾਲੇ ਕਿਸਾਨਾਂ ਦਾ ਸਮਰਥਨ ਕਰਦੀ ਹੈ। ਰਾਜ ਬਖਸ਼ ਕੰਬੋਜ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਤੇ ਹਰਿਆਣਾ ਸੂਬੇ ਦੀ ਖੱਟਰ ਸਰਕਾਰ ਕਿਸਾਨਾਂ 'ਤੇ ਅੱਤਿਆਚਾਰ ਕਰ ਰਹੀ ਹੈ, ਜਿਸ ਨੂੰ ਨਾ ਤਾਂ ਦੇਸ਼ ਦਾ ਕਿਸਾਨ ਬਰਦਾਸ਼ਤ ਕਰੇਗਾ ਤੇ ਨਾ ਹੀ ਕਾਂਗਰਸ ਪਾਰਟੀ ਬਰਦਾਸ਼ਤ ਕਰੇਗੀ, ਜਿਸ ਦਾ ਉਹ ਸਖਤ ਵਿਰੋਧ ਕਰਦੇ ਹਨ। ਇਸ ਮੌਕੇ ਕਾਂਗਰਸ ਪਾਰਟੀ ਦੇ ਓ.ਬੀ.ਸੀ. ਵਿਭਾਗ ਪੰਜਾਬ ਦੇ ਚੇਅਰਮੈਨ ਰਾਜ ਬਖਸ਼ ਕੰਬੋਜ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਅਸੀਸ ਡੂਮੜਾ, ਬਲਾਕ ਕਾਂਗਰਸ ਜਲਾਲਾਬਾਦ ਸ਼ਹਿਰੀ ਪ੍ਰਧਾਨ ਬੰਟੀ ਵਾਟਸ, ਅੰਮ੍ਰਿਤਪਾਲ ਸਿੰਘ ਨੀਲਾ ਮਦਾਨ, ਬਲਤੇਜ ਬਰਾੜ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

11ਵੀਂ ਸਾਲਾਨਾ ਅਥਲੈਟਿਕ ਮੀਟ ਦਾ ਆਯੋਜਨ

ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)-ਸ਼ਹੀਦ ਊਧਮ ਸਿੰਘ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਂਟ ਕਾਲਜ ਮੋਹਨ ਕੇ ਹਿਠਾੜ੍ਹ ਵਿਖੇ ਗਿਆਰ੍ਹਵੀਂ ਸਾਲਾਨਾ ਅਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਖੋਸਲਾ ਦੀ ਅਗਵਾਈ ਹੇਠ ਇਸ ਐਥਲੈਟਿਕ ਮੀਟ ਦੀ ਸ਼ੁਰੂਆਤ ਕੀਤੀ ਗਈ। ਇਸ ਸਮਾਰੋਹ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਸੁਖਵਿੰਦਰ ਸਿੰਘ ਕਾਕਾ ਕੰਬੋਜ ਬੀ.ਜੇ.ਪੀ. ਜ਼ਿਲ੍ਹਾ ਪ੍ਰਧਾਨ ਫ਼ਾਜ਼ਿਲਕਾ, ਡਾ. ਇਕਬਾਲ ਸਿੰਘ ਸੰਧੂ ਪ੍ਰਿੰਸੀਪਲ ਨਿਹਾਲ ਸਿੰਘ ਵਾਲਾ, ਸਰਦਾਰ ਗੁਰਿੰਦਰਪਾਲ ਸਿੰਘ ਸ਼ਿਵ ਤਰਪਾਲ ਕੇ (ਵਾਇਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ), ਇਕਬਾਲ ਸਿੰਘ ਤਰਪਾਲ ਕੇ, ਸੰਦੀਪ ਜੁਨੇਜਾ ਪ੍ਰਧਾਨ ਬੀਜੇਪੀ, ਰਮਨੀਕ ਕੌਰ, ਅਮਰਜੀਤ ਕੌਰ ਬਰਾੜ, ਗੁਰਸੰਗੀਤ ਕੌਰ ਬਰਾੜ, ਸੁਖਬੀਰ ਕੌਰ ਬਰਾੜ ਹਾਜ਼ਰ ਹੋਏ। ਕਾਲਜ ਦੇ ਪ੍ਰਿੰਸੀਪਲ ਡਾ ਸੁਨੀਲ ਖੋਸਲਾ ਨੇ ਉਨ੍ਹਾਂ ਦਾ ਹਾਰਦਿਕ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਨਾਲ ਜਾਣ-ਪਛਾਣ ਕਰਾਈ। ਇਸ ਤੋਂ ਇਲਾਵਾ ਇਸ ਕਾਲਜ ਦੀ ਸਥਾਪਨਾ ਲਈ ਜਿਨ੍ਹਾਂ ਗ੍ਰਾਮ ਪੰਚਾਇਤਾਂ ਅਤੇ ਮਹਾਨ ਸ਼ਖ਼ਸੀਅਤਾਂ ਨੇ ਆਪਣਾ ਯੋਗਦਾਨ ਦਿੱਤਾ ਸੀ। ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ ਅਤੇ ਕਾਲਜ ਆਉਣ ਤੇ ਸਨਮਾਨਤ ਵੀ ਕੀਤਾ ਗਿਆ।

ਅਥਲੈਟਿਕ ਮੀਟ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਦੁਆਰਾ ਮਾਰਚ ਪਾਸਟ ਕੱਢਦੇ ਹੋਏ ਮੁੱਖ ਮਹਿਮਾਨਾਂ ਨੂੰ ਸਲਾਮੀ ਭੇਟ ਕੀਤੀ ਗਈ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋਫੈਸਰ ਡਾ. ਹਰਨਾਮ ਸਿੰਘ ਤੇ ਡਾ. ਅਜੇ ਕੁਮਾਰ ਦੁਆਰਾ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਖੇਡਣ ਲਈ ਸਹੁੰ ਚੁਕਾਈ ਗਈ ਅਤੇ ਬਾਅਦ ਵਿੱਚ ਖੇਲ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ ਗਈ। ਇਸ ਅਥਲੈਟਿਕ ਮੀਟ ਵਿੱਚ ਕੁੱਲ 25 ਖੇਡ ਮੁਕਾਬਲੇ ਕਰਾਏ ਗਏ, ਜਿਨ੍ਹਾਂ ਵਿੱਚ ਆਕਰਸ਼ਣ ਦਾ ਕੇਂਦਰ 100 ਮੀ. ਰੇਸ, ਥ੍ਰੀ ਲੈਗ ਰੇਸ, ਮਟਕਾ ਰੇਸ, ਸੇਕ ਰੇਸ ਆਦਿ ਰਹੇ। ਇਨ੍ਹਾਂ ਪ੍ਰਤਿਯੋਗਤਾਵਾਂ ਨੂੰ ਲੈ ਕੇ ਕਾਲਜ ਦੇ ਪੂਰੇ ਸਟਾਫ ਅਤੇ ਵਿਦਿਆਰਥੀਆਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਅਥਲੈਟਿਕ ਮੀਟ ਵਿੱਚ ਲੜਕਿਆਂ ਵਿਚੋਂ ਬੈਸਟ ਅਥਲੀਟ ਸੌਰਵ ਬੀ ਏ ਭਾਗ ਪਹਿਲਾ ਤੇ ਲੜਕੀਆਂ ਵਿਚੋਂ ਮਮਤਾ ਬੀਏ ਭਾਗ ਦੂਜਾ ਨੂੰ ਬੈਸਟ ਅਥਲੀਟ ਚੁਣਿਆ ਗਿਆ।

ਖੇਡ ਮੁਕਾਬਲੇ ਸਮਾਪਤ ਹੋਣ ਤੋਂ ਬਾਅਦ ਕਾਲਜ ਦੇ ਪ੍ਰਿੰਸੀਪਲ ਡਾ ਸੁਨੀਲ ਖੋਸਲਾ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਉਨ੍ਹਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕੀਤਾ ਅਤੇ ਨਾਲ ਹੀ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

ਕਾਤਰਾਂ

ਦੋ ਮਹੀਨੇ ਤੋਂ ਨਿਰੰਤਰ ਚੱਲ ਰਿਹਾ ਚਾਹ ਦਾ ਲੰਗਰ

ਕੋਟਕਪੂਰਾ (ਰਛਪਾਲ ਭੁੱਲਰ)-ਪਿੰਡ ਲਾਲੇਆਣਾ ਵਿਖੇ ਗੁਰਦੁਆਰਾ ਗੋਬਿੰਦਸਰ ਸਾਹਿਬ ਵਿਖੇ ਅੰਮ੍ਰਿਤ ਵੇਲੇ ਦੋ ਮਹੀਨਿਆਂ ਤੋਂ ਲਗਾਤਾਰ ਚਾਹ ਦਾ ਲੰਗਰ ਲਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਕਰਨੈਲ ਸਿੰਘ ਜੀ ਨੇ ਦੱਸਿਆ ਕਿ ਇਹ ਸੇਵਾ ਪਿੰਡ ਦੇ ਸਹਿਯੋਗ ਨਾਲ 'ਤੇ ਰਾਹਗੀਰਾਂ ਦੀ ਦਿੱਤੀ ਸੇਵਾ ਨਾਲ ਚੱਲ ਰਹੀ ਹੈ। ਉਨ੍ਹਾਂ ਦੱਸਿਆ ਇਸ ਸੇਵਾ ਦਾ ਮੁੱਖ ਮੰਤਵ ਠੰਢ ਵਿੱਚ ਆਉਣ ਜਾਣ ਵਾਲੇ ਯਾਤਰੀਆਂ ਖਾਸ ਕਰਕੇ ਸਾਈਕਲ ਉੱਪਰ ਜਾਂਦੇ ਲੋਕਾਂ ਨੂੰ ਠੰਡ ਤੋਂ ਨਿਜ਼ਾਤ ਦਿਵਾਉਣਾ ਹੈ, ਜੋ ਠੰਢ ਵਿੱਚ ਇਸ ਸੇਵਾ ਦਾ ਸਭ ਤੋਂ ਵੱਧ ਲਾਹਾ ਲੈਂਦੇ ਹਨ। ਮੁੱਖ ਸੇਵਾਦਾਰ ਮਲਕੀਤ ਸਿੰਘ ਫੌਜੀ ਤੇ ਕਾਕਾ ਗੁਰਪਾਲ ਸਿੰਘ ਜੋ ਤਨ, ਮਨ ,ਧਨ ਨਾਲ ਇਹ ਸੇਵਾ ਕਮਾ ਰਹੇ ਹਨ। ਬਾਬਾ ਜੀ ਨੇ ਦੱਸਿਆ ਕਿ ਇਸ ਸੇਵਾ ਨਾਲ ਪਿੰਡ ਲਾਲੇਆਣਾ ਨੂੰ ਨੇੜਲੇ ਪਿੰਡਾਂ ਵਿੱਚ ਸਲਾਹਿਆ ਜਾ ਰਿਹਾ ਹੈ।

ਚੇਅਰਮੈਨ ਅਨਿਲ ਠਾਕੁਰ ਵੱਲੋਂ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਮੀਟਿੰਗ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਮੰਤਰੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਆਪ ਦੀ ਸਰਕਾਰ ਆਪਦੇ ਦੁਆਰ' ਮੁਹਿਮ ਤਹਿਤ ਰਾਜ ਵਪਾਰੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਨਿਲ ਠਾਕੁਰ ਨੇ ਜ਼ਿਲ੍ਹੇ ਦੇ ਵਪਾਰੀਆਂ, ਉਦੋਗਪਤੀਆਂ ਤੇ ਉੱਦਮੀਆਂ ਨਾਲ ਇੱਕ ਬੈਠਕ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਮੌਕੇ ਪੰਜਾਬ ਐਗਰੋ ਦੇ ਚੇਅਰਮੈਨ ਸ੍ਰੀ ਸਮਿੰਦਰ ਸਿੰਘ ਖਿੰਡਾ ਵੀ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨਾਲ ਹਾਜ਼ਰ ਸਨ।ਇਸ ਮੌਕੇ ਵਪਾਰੀਆਂ ਤੇ ਉਦੋਗਪਤੀਆਂ ਨੂੰ ਸੰਬੋਧਨ ਹੁੰਦਿਆਂ ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯਕਮੁਸ਼ਤ ਨਿਪਟਾਰਾ ਸਕੀਮ ਤਹਿਤ 1 ਲੱਖ ਤੋਂ ਘੱਟ ਦੇ ਪੁਰਾਣੇ ਬਕਾਇਆ ਨੂੰ ਪੂਰਨ ਤੌਰ 'ਤੇ ਮਾਫ ਕਰ ਦਿੱਤਾ ਗਿਆ ਹੈ, ਜਦਕਿ ਇਕ ਲੱਖ ਤੋਂ ਇਕ ਕਰੋੜ ਤੱਕ ਦੇ ਬਕਾਇਆਂ ਸਬੰਧੀ ਵੀ ਛੂਟ ਦਿੱਤੀ ਗਈ ਹੈ।ਇਸ ਸਕੀਮ ਦਾ ਲਾਭ ਲੈਣ ਲਈ 15 ਮਾਰਚ ਤੋਂ ਪਹਿਲਾਂ ਪਹਿਲਾਂ ਸੰਬੰਧਤ ਬਕਾਏਦਾਰ ਵਿਭਾਗ ਨਾਲ ਸੰਪਰਕ ਕਰ ਸਕਦੇ ਹਨ।ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਉਣ ਵਾਲੇ ਦਿਨਾਂ ਵਿੱਚ ਵਪਾਰੀਆਂ ਤੇ ਸੰਨਤਕਾਰਾਂ ਨਾਲ ਹੋਰ ਵੀ ਮੀਟਿੰਗਾਂ ਕਰੇਗੀ।ਉਨ੍ਹਾਂ ਕਿਹਾ ਕਿ ਵਪਾਰੀ ਅਤੇ ਵਿਭਾਗ ਦਾ ਸਬੰਧ ਦੋਸਤਾਨਾ ਹੋਵੇਗਾ ਤਾਂ ਵੱਧ ਟੈਕਸ ਆਵੇਗਾ।

ਵੋਟਰ ਜਾਗਰੂਕਤਾ ਰੈਲੀ

ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀ ਪਰਮਵੀਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ ਵੋਟਰਾਂ ਨੂੰ ਵੋਟਾਂ ਦੀ ਮਹੱਤਤਾ ਬਾਰੇ ਜਾਣੂ ਕਰਾਉਣ ਲਈ ਜ਼ਿਲ੍ਹੇ ਅੰਦਰ ਵੱਖ-ਵੱਖ ਗਤੀਵਿਧੀਆਂ ਕਰਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਪਿੰਡ ਘਰਾਂਗਣਾ ਵਿਖੇ ਸਰਕਾਰੀ ਹਾਈ ਸਕੂਲ ਘਰਾਂਗਣਾ ਦੇ ਸਹਿਯੋਗ ਨਾਲ ਪਿੰਡ ਵਿੱਚ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਨੋਡਲ ਅਫ਼ਸਰ ਜਗਜੀਵਨ ਆਲੀਕੇ ਨੇ ਦੱਸਿਆ ਕਿ ਵੋਟਰਾਂ ਵਿੱਚ ਵੋਟਾਂ ਪ੍ਰਤੀ ਉਤਸ਼ਾਹ ਪੈਦਾ ਕਰਨ ਲਈ ਵਿਦਿਆਰਥੀਆਂ ਵੱਲੋਂ ਪ੍ਰੇਰਣਾ ਮਈ ਸਲੋਗਨਾਂ ਦੀਆਂ ਤਖ਼ਤੀਆਂ ਹੱਥਾਂ ਵਿੱਚ ਫੜ ਕੇ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਜਾਗਰੂਕਤਾ ਰੈਲੀ ਦਾ ਮੰਤਵ ਵੋਟਰਾਂ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਨ ਲਈ ਜਾਗਰੂਕ ਕਰਨਾ ਹੈ। ਇਸ ਮੌਕੇ ਸ਼ਮਸ਼ੇਰ ਸਿੰਘ ਤੇ ਮੈਡਮ ਸੀਮਾ ਗਰਗ ਤੋਂ ਇਲਾਵਾ ਸਕੂਲੀ ਵਿਦਿਆਰਥੀ ਮੌਜੂਦ ਸਨ।

ਪੰਜਾਬੀ ਸਾਹਿਤ ਅਕਾਦਮੀ ਦੀ ਚੋਣ 3 ਨੂੰ

ਲੁਧਿਆਣਾ (ਪੱਤਰ ਪ੍ਰੇਰਕ)-ਪੰਜਾਬੀ ਸਾਹਿਤ ਅਕਾਦਮੀ ਦੀ 2 ਸਾਲਾ (2024-2026) ਚੋਣ 3 ਮਾਰਚ ਨੂੰ ਪੰਜਾਬੀ ਭਵਨ ਵਿਖੇ ਹੋ ਰਹੀ ਹੈ। ਚੋਣ ਅਧਿਕਾਰੀ ਕੁਲਦੀਪ ਸਿੰਘ ਬੇਦੀ ਨੇ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਵਾਪਸੀ ਉਪਰੰਤ ਚੋਣ ਮੈਦਾਨ 'ਚ ਰਹਿ ਗਏ ਉਮੀਦਵਾਰਾਂ 'ਚ ਪ੍ਰਧਾਨ ਦੇ ਅਹੁਦੇ ਲਈ ਡਾ. ਸਰਬਜੀਤ ਸਿੰਘ, ਡਾ. ਲਖਵਿੰਦਰ ਸਿੰਘ ਜੌਹਲ, ਸ੍ਰੀਮਤੀ ਬੇਅੰਤ ਕੌਰ ਗਿੱਲ, ਸੀਨੀਅਰ ਮੀਤ ਪ੍ਰਧਾਨ ਲਈ ਡਾ. ਸ਼ਿੰਦਰ ਪਾਲ ਸਿੰਘ ਤੇ ਡਾ. ਪਾਲ ਕੌਰ, ਜਨਰਲ ਸਕੱਤਰ ਲਈ ਡਾ. ਗੁਰਇਕਬਾਲ ਸਿੰਘ ਤੇ ਡਾ. ਗੁਲਜ਼ਾਰ ਸਿੰਘ ਪੰਧੇਰ। ਮੀਤ ਪ੍ਰਧਾਨ ਦੇ ਅਹੁਦੇ ਲਈ ਮਦਨ ਵੀਰਾ, ਤ੍ਰੈਲੋਚਨ ਲੋਚੀ, ਡਾ. ਭਗਵੰਤ ਸਿੰਘ, ਇਕਬਾਲ ਸਿੰਘ ਗੋਦਾਰਾ (ਪੰਜਾਬੋਂ ਬਾਹਰ), ਡਾ. ਗੁਰਚਰਨ ਕੌਰ ਕੋਚਰ, ਤੇਜਿੰਦਰ ਚੰਡਿਹੋਕ, ਡਾ. ਅਰਵਿੰਦਰ ਕੌਰ ਕਾਕੜਾ, ਹਰਜਿੰਦਰ ਸਿੰਘ ਸੂਰੇਵਾਲੀਆ, ਜਸਪਾਲ ਮਾਨਖੇੜਾ, ਭੁਪਿੰਦਰ ਸੰਧੂ ਤੇ ਡਾ. ਹਰਵਿੰਦਰ ਸਿੰਘ (ਪੰਜਾਬੋਂ ਬਾਹਰ) ਦੇ ਨਾਂਅ ਸ਼ਾਮਲ ਹਨ। ਪ੍ਰਬੰਧਕੀ ਬੋਰਡ ਦੇ ਮੈਂਬਰਾਂ ਦੀ ਚੋਣ ਲਈ

26-FEB-PAGE-8.qxd 2/25/2024 9:57 PM Page 1

ਪ੍ਰਕਾਸ਼ ਦਿਵਸ 'ਤੇ ਸਿੱਖ ਇਤਿਹਾਸ ਬਾਰੇ ਮੁਕਾਬਲੇ ਕਰਵਾਏ

ਮੋਰਿੰਡਾ (ਜੈਜੀ ਸਰਦਾਰ)-ਪਿੰਡ ਓਇੰਦ ਵਿਖੇ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਵਸ ਸਮਾਰੋਹ ਮਨਾਇਆ ਗਿਆ ਜਿਸ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਪ੍ਰਸਿੱਧ ਕੀਰਤਨੀਏ ਸੁਖਵਿੰਦਰ ਸਿੰਘ ਮਾਣੇਮਾਜਰਾ ਦੇ ਜਥੇ ਵਲੋਂ ਕੀਰਤਨੀ ਦੀਵਾਨ ਸਜਾਏ ਗਏ। ਇਸ ਸਮਾਗਮ ਦੌਰਾਨ ਸਤਿਗੁਰ ਰਵਿਦਾਸ ਜੀ ਦੀ ਜੀਵਨ ਬਾਰੇ ਅਤੇ ਸਿੱਖ ਇਤਿਹਾਸ ਬਾਰੇ ਮੁਕਾਬਲੇ ਕਰਵਾਏ ਗਏ। ਜੇਤੂ ਬੱਚਿਆਂ ਅਤੇ ਸੰਗਤਾਂ ਨੂੰ ਜਿਨ੍ਹਾ ਨੇ ਸਤਿਗੁਰ ਰਵਿਦਾਸ ਜੀ ਬਾਰੇ ਦੱਸਿਆ ਉਨ੍ਹਾ ਨੂੰ ਪੰਜਾਬ ਕਲਾ ਮੰਚ ਸ੍ਰੀ ਚਮਕੌਰ ਸਾਹਿਬ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਅਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਕੱਢੀਆਂ ਗਈਆਂ। ਇਸ ਸਮਾਗਮ ਵਿੱਚ ਹੋਰਨਾਂ ਤੋ ਇਲਾਵਾ ਕਰਨੈਲ ਸਿੰਘ ਪ੍ਰਧਾਨ, ਕੁਲਦੀਪ ਸਿੰਘ ਓਇੰਦ, ਰਤਨ ਸਿੰਘ ਫੌਜੀ, ਜਗਤਾਰ ਸਿੰਘ ਪੰਚ, ਗੁਰਦੀਪ ਸਿੰਘ ਸੂਬੇਦਾਰ, ਗੁਰਮੀਤ ਸਿੰਘ ਸੂਬੇਦਾਰ, ਗੁਰਪਾਲ ਸਿੰਘ, ਰਮਨਜੋਤ ਸਿੰਘ, ਜਸਕਰਨ ਸਿੰਘ ਆਰਕੀਟੈਕਟ, ਸਰਦੂਲ ਸਿੰਘ ਐਸ ਆਈ, ਮੇਜਰ ਸਿੰਘ ਨੰਬਰਦਾਰ, ਬਹਾਦਰ ਸਿੰਘ ਨੰਬਰਦਾਰ, ਪ੍ਰਿਤਪਾਲ ਸਿੰਘ ਸਰਪੰਚ, ਮਨਦੀਪ ਕੌਰ, ਗੁਰਜੀਤ ਕੌਰ, ਸਰਬਜੀਤ ਕੌਰ, ਕੁਲਵੰਤ ਕੌਰ, ਭਰਪੂਰ ਕੌਰ, ਨਛੱਤਰ ਕੌਰ, ਨਸੀਬ ਕੌਰ, ਸਵਰਨਜੀਤ ਕੌਰ ਆਦਿ ਤੋਂ ਇਲਾਵਾ ਵੱਡੀ ਤਾਦਾਦ ਵਿੱਚ ਸੰਗਤਾਂ ਹਾਜ਼ਰ ਸਨ।

ਸਮੂਹ ਜਨਤਕ ਜੱਥੇਬੰਦੀਆਂ ਵੱਲੋਂ ਧਾਰਾ 295 ਏ ਖਿਲਾਫ ਜਨਤਕ ਸਾਂਝੀ ਕਨਵੈਨਸ਼ਨ ਤੇ ਰੋਸ ਮਾਰਚ ਭਲਕੇ ਜਲੰਧਰ ਵਿਖੇ

ਜਲੰਧਰ : ਪਿਛਲੇ ਮਹੀਨੇ ਪੰਜਾਬ ਪੁਲਸ ਵਲੋਂ ਭਾਜਪਾ ਸੰਘ ਪੱਖੀ ਫਿਰਕੂ ਸੰਗਠਨਾਂ ਦੇ ਦਬਾਅ ਹੇਠ ਤਰਕਸ਼ੀਲ ਆਗੂਆਂ ਸੁਰਜੀਤ ਦੌਧਰ ਅਤੇ ਭੁਪਿੰਦਰ ਫੌਜੀ ਸਮੇਤ ਦੂਜੇ ਸਮਾਜਕ ਕਾਰਕੁਨਾਂ ਇਕਬਾਲ ਧਨੌਲਾ, ਸਾਇਨਾ ਰਾਮਾ ਮੰਡੀ ਅਤੇ ਦਵਿੰਦਰ ਮਹਿੰਦਵਾਣੀ ਗੜ੍ਹਸ਼ੰਕਰ ਦੇ ਖਿਲਾਫ 295 ਅਤੇ 295 ਏ ਦੇ ਝੂਠੇ ਅਤੇ ਨਜਾਇਜ਼ ਦਰਜ ਕੀਤੇ ਕੇਸ ਰੱਦ ਕਰਵਾਉਣ ਲਈ ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਅਗਵਾਈ ਹੇਠ ਪੰਜਾਬ ਦੀਆਂ 40 ਤੋਂ ਵੱਧ ਲੋਕ ਪੱਖੀ ਜਨਤਕ ਜਥੇਬੰਦੀਆਂ ਵਲੋਂ 27 ਫਰਵਰੀ ਨੂੰ ਸਵੇਰੇ 11 ਵਜੇ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਇਕ ਵਿਸ਼ਾਲ ਜਨਤਕ ਸਾਂਝੀ ਕਨਵੈਨਸ਼ਨ ਕੀਤੀ ਜਾਵੇਗੀ ਅਤੇ ਉਸ ਤੋਂ ਬਾਅਦ ਵੱਡਾ ਰੋਸ ਮਾਰਚ ਵੀ ਕੀਤਾ ਜਾਵੇਗਾ। ਇਸ ਸਬੰਧੀ ਸਮੂਹ ਜਨਤਕ ਜਥੇਬੰਦੀਆਂ 'ਤੇ ਅਧਾਰਤ 295 ਏ ਅਤੇ ਹੋਰ ਕਾਲੇ ਕਾਨੂੰਨਾਂ ਵਿਰੋਧੀ ਸੰਘਰਸ਼ ਕਮੇਟੀ ਦੇ ਕਨਵੀਨਰ ਆਗੂਆਂ ਪ੍ਰੋ. ਜਗਮੋਹਨ ਸਿੰਘ ਅਤੇ ਮਾਸਟਰ ਰਾਜਿੰਦਰ ਭਦੌੜ ਵਲੋਂ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ 'ਤੇ ਦੋਸ਼ ਲਾਇਆ ਕਿ ਉਨ੍ਹਾਂ ਵਲੋਂ ਉਪਰੋਕਤ ਕਾਰਕੁਨਾਂ ਉਤੇ ਨਜਾਇਜ਼ ਕੇਸ ਰੱਦ ਕਰਵਾਉਣ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਕਰਨ ਲਈ ਸਮਾਂ ਮੰਗਿਆ ਗਿਆ ਸੀ ਪਰ ਮੁੱਖ ਮੰਤਰੀ ਦਫਤਰ ਵਲੋਂ ਪਿਛਲੇ 20 ਦਿਨ ਤੋਂ ਆਗੂਆਂ ਨੂੰ ਮੁਲਾਕਾਤ ਦਾ ਸਮਾਂ ਨਹੀਂ ਦਿੱਤਾ ਜਾ ਰਿਹਾ ਜਿਸ ਦਾ ਸਮੂਹ ਜਨਤਕ ਜਥੇਬੰਦੀਆਂ ਵਲੋਂ ਡਾਢਾ ਰੋਸ ਪ੍ਰਗਟ ਕੀਤਾ ਗਿਆ ਹੈ। ਸਾਂਝੀ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਤੱਥਾਂ ਦੀ ਜਾਂਚ ਪੜਤਾਲ ਕੀਤੇ ਬਗੈਰ ਹੀ ਫਿਰਕੂ ਸੰਗਠਨਾਂ ਦੇ ਦਬਾਅ ਹੇਠ ਅਗਾਂਹਵਧੂ ਲੇਖਕਾਂ, ਤਰਕਸ਼ੀਲ ਚਿੰਤਕਾਂ, ਪੱਤਰਕਾਰਾਂ ਅਤੇ ਸਮਾਜਕ ਕਾਰਕੁਨਾਂ ਖਿਲਾਫ ਧਾਰਾ 295 ਏ ਤਹਿਤ ਕੇਸ ਦਰਜ ਕਰਕੇ ਗ੍ਰਿਫਤਾਰ ਕਰਨਾ ਸੁਪਰੀਮ ਕੋਰਟ ਦੇ ਉਸ ਫੈਸਲੇ ਦੀ ਸਿੱਧੀ ਉਲੰਘਣਾ ਹੈ ਜਿਸ ਤਹਿਤ ਸੱਤ ਸਾਲ ਦੀ ਸਜ਼ਾ ਤੋਂ ਘੱਟ ਜੁਰਮ ਦੇ ਮੁਲਜ਼ਮ ਨੂੰ ਪੁਲਸ ਵਲੋਂ ਗ੍ਰਿਫਤਾਰ ਨਹੀਂ ਕੀਤਾ ਜਾ ਸਕਦਾ ਅਤੇ ਪੁਲਸ ਦੀ ਅਜਿਹੀ ਕਾਰਵਾਈ ਭਾਰਤੀ ਸੰਵਿਧਾਨ ਦੀ ਧਾਰਾ 19 ਤਹਿਤ ਮਿਲੇ ਨਾਗਰਿਕਾਂ ਦੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਦੇ ਸੰਵਿਧਾਨਕ ਹੱਕ ਦੀ ਵੀ ਸਿੱਧੀ ਉਲੰਘਣਾ ਹੈ। ਆਗੂਆਂ ਨੇ ਸਪੱਸ਼ਟ ਕੀਤਾ ਕਿ ਭਾਰਤੀ ਸੰਵਿਧਾਨ ਦੀ ਧਾਰਾ 51- ਏ (ਐੱਚ) ਤਹਿਤ ਹਰੇਕ ਨਾਗਰਿਕ ਨੂੰ ਵਿਗਿਆਨਕ ਸੋਚ ਅਤੇ ਇਨਸਾਨੀਅਤ ਦੀ ਭਾਵਨਾ ਦੇ ਪ੍ਰਚਾਰ ਪ੍ਰਸਾਰ ਦਾ ਮੌਲਿਕ ਫਰਜ਼ ਨਿਭਾਉਣ ਲਈ ਕਿਹਾ ਗਿਆ ਹੈ ਪਰ ਅੰਧ ਵਿਸ਼ਵਾਸ ਅਤੇ ਫਿਰਕਾਪ੍ਰਸਤੀ ਫੈਲਾਉਣ ਵਾਲੀਆਂ ਫਿਰਕੂ ਤਾਕਤਾਂ ਅਤੇ ਹਕੂਮਤਾਂ ਇਕ ਯੋਜਨਾਬੱਧ ਸਾਜਿਸ਼ ਹੇਠ ਇਸ ਦੇ ਵਿਰੋਧ ਵਿਚ ਭੁਗਤ ਰਹੀਆਂ ਹਨ। ਉਨ੍ਹਾਂ ਦੋਸ਼ ਲਾਇਆ ਕਿ ਉਪਰੋਕਤ ਸਮਾਜਕ ਕਾਰਕੁਨਾਂ ਖਿਲਾਫ ਦਰਜ ਨਜਾਇਜ਼ ਕੇਸ ਵੀ ਕੌਮੀ ਪੱਧਰ 'ਤੇ ਸੱਤਾਧਾਰੀ ਜਮਾਤਾਂ ਵਲੋਂ ਫਿਰਕੂ ਲਾਮਬੰਦੀ ਹੇਠ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ, ਵਕੀਲਾਂ ਅਤੇ ਤਰਕਸ਼ੀਲ ਸਮਾਜਕ ਕਾਰਕੁਨਾਂ ਦੀ ਕੀਤੀ ਜਾ ਰਹੀ ਜ਼ਬਾਨਬੰਦੀ ਦਾ ਹੀ ਹਿੱਸਾ ਹੈ ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਉਪਰੋਕਤ ਨਜਾਇਜ਼ ਕੇਸ ਰੱਦ ਕਰਵਾਉਣ ਤੱਕ ਸਮੂਹ ਜਥੇਬੰਦੀਆਂ ਵਲੋਂ ਫੈਸਲਾਕੁੰਨ ਜਨਤਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਹਕੂਮਤੀ ਜਬਰ ਦੇ ਖਿਲਾਫ ਸਮੂਹ ਜਨਤਕ ਜਥੇਬੰਦੀਆਂ ਇਸ ਸਾਂਝੀ ਕਨਵੈਨਸ਼ਨ ਅਤੇ ਰੋਸ ਮਾਰਚ ਨੂੰ ਸਫਲ ਬਣਾਉਣ ਲਈ ਵੱਡੀ ਗਿਣਤੀ ਵਿਚ ਸ਼ਾਮਲ ਹੋ ਰਹੀਆਂ ਹਨ।

ਤਰਕਸ਼ੀਲ ਆਗੂ ਸਰੀਰਦਾਨੀ ਤੇ ਨੇਤਰਦਾਨੀ ਜਸਵੀਰ ਕੌਰ ਦੀ ਨਿੱਘੀ ਯਾਦ 'ਚ ਸਮਾਗਮ

ਬਹਿਰਾਮ (ਅਵਤਾਰ ਕਲੇਰ)-ਤਰਕਸ਼ੀਲ ਆਗੂ ਮੈਡਮ ਜਸਵੀਰ ਕੌਰ ਪਤਨੀ ਮਾਸਟਰ ਜਗਦੀਸ਼ ਰਾਏਪੁਰ ਡੱਬਾ ਦੀ ਨਿੱਘੀ ਯਾਦ ਵਿੱਚ ਉਨ੍ਹਾਂ ਦੇ ਪਰਵਾਰ ਵੱਲੋਂ ਤਰਕਸ਼ੀਲ ਸੁਸਾਇਟੀ ਪੰਜਾਬ ਰਜਿ ਜ਼ੋਨ ਨਵਾਂਸ਼ਹਿਰ ਦੇ ਸਹਿਯੋਗ ਨਾਲ ਖੂਨਦਾਨ, ਅੰਗਦਾਨ ਅਤੇ ਮਰਨ ਉਪਰੰਤ ਸਰੀਰਦਾਨ ਕਰਨ ਬਾਰੇ ਜਾਗਰੂਕ ਕਰਨ ਲਈ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਡਾ. ਸਤਵਿੰਦਰ ਪਾਲ ਸਿੰਘ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ ਨਵਾਂਸ਼ਹਿਰ, ਜਸਪਾਲ ਗਿੱਦਾ ਬੀ.ਡੀ.ਸੀ. ਨਵਾਂਸ਼ਹਿਰ, ਦਿਲਬਾਗ ਸਿੰਘ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ ਨਵਾਂਸ਼ਹਿਰ, ਜ਼ੋਨ ਮੁਖੀ ਸੱਤਪਾਲ ਸਲੋਹ, ਜੋਗਿੰਦਰ ਕੁੱਲੇਵਾਲ ਮੁਖੀ ਸੱਭਿਆਚਾਰਕ ਵਿਭਾਗ ਤਰਕਸ਼ੀਲ ਸੁਸਾਇਟੀ ਪੰਜਾਬ, ਸੁਮੀਤ ਸਿੰਘ ਮੁਖੀ ਮੀਡੀਆ ਵਿਭਾਗ ਪੰਜਾਬ, ਲੈਕ.ਬਲਵੀਰ ਸਿੰਘ, ਸਟੇਟ ਐਵਾਰਡੀ ਮਾਸਟਰ ਅਵਤਾਰ ਲੰਗੇਰੀ, ਬਲਵੀਰ ਦੁਸਾਂਝ, ਕਾਮਰੇਡ ਮੁਕੰਦ ਲਾਲ ਨੇ ਜਿਉਂਦੇ ਜੀਅ ਖੂਨਦਾਨ ਅਤੇ ਮਰਨ ਉਪਰੰਤ ਸਰੀਰਦਾਨ ਅਤੇ ਅੰਗਦਾਨ ਕਰਨ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਗਿਆ। ਸਮੂਹ ਬੁਲਾਰਿਆਂ ਨੇ ਅਰੋਗ ਅਤੇ ਲੰਬਾ ਜੀਵਨ ਜਿਊਣ ਲਈ ਨੁਕਤੇ ਸਾਂਝੇ ਕੀਤੇ ਅਤੇ ਕਿਹਾ ਕਿ ਜਸਵੀਰ ਕੌਰ ਦੇ ਪਰਵਾਰ ਵੱਲੋਂ ਸਰੀਰਦਾਨ ਅਤੇ ਅੱਖਾਂ ਦਾਨ ਕਰਕੇ ਮਨੁੱਖਤਾ ਦੇ ਭਲੇ ਲਈ ਬਹੁਤ ਵੱਡਾ ਕਾਰਜ ਕੀਤਾ ਅਤੇ ਲੋਕਾਂ ਲਈ ਪ੍ਰੇਰਨਾ ਸਰੋਤ ਬਣਿਆ। ਇਸ ਮੌਕੇ ਤਰਕਸ਼ੀਲ ਮੈਗਜੀਨ ਮੁਫਤ ਵੰਡਿਆ ਗਿਆ ਅਤੇ ਤਰਕਸ਼ੀਲ ਸਾਹਿਤ ਦਾ ਸਟਾਲ ਲਗਾਇਆ ਗਿਆ। ਨਿੰਦਰ ਮਾਈਦਿੱਤਾ ਨੇ ਵਿਗਿਆਨਕ ਪ੍ਰਦਰਸ਼ਨੀ ਲਗਾਈ ਅਤੇ 'ਵਸੀਅਤ' ਕਵਿਤਾ ਨਾਲ ਹਾਜ਼ਰੀ ਲਗਵਾਈ। ਮੈਡਮ ਰਜਨੀ ਸ਼ਰਮਾ ਅਤੇ ਕੁਲਵਿੰਦਰ ਕੁੱਲਾ ਲੇਖਕਾਂ ਨੇ ਅਗਾਂਹਵਧੂ ਇਨਕਲਾਬੀ ਕਵਿਤਾਵਾਂ ਰਾਹੀਂ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਇਸ ਮੌਕੇ ਸੁਰਿੰਦਰ ਲਾਖਾ, ਅਸ਼ੋਕ ਕੁਮਾਰ ਐਸ ਡੀ ਓ, ਸੁਖਵਿੰਦਰ ਗੋਗਾ, ਮਾ. ਰਾਜ ਕੁਮਾਰ ਗੜ੍ਹਸ਼ੰਕਰ, ਮਾ. ਰਾਜਪਾਲ ਲੋਧੀਪੁਰ, ਮਾ. ਰਾਮਪਾਲ ਰਾਹੋਂ, ਕੁਲਵਿੰਦਰ ਖਟਕੜ, ਮਾ ਟੋਡਰ ਮੱਲ, ਮਾ. ਸੁਖਵਿੰਦਰ ਸੁੱਖੀ, ਬਲਜੀਤ ਖਟਕੜ, ਹਰਜਿੰਦਰ ਸੂੰਨੀ, ਮਾਸਟਰ ਪਰਮਜੀਤ ਖਮਾਚੋਂ, ਮਾ. ਭਾਗ ਸਿੰਘ ਫਤਿਹਪੁਰ, ਵਿਨੈ ਸ਼ਰਮਾ, ਮੈਡਮ ਕਮਲਜੀਤ ਕੌਰ, ਬਲਵਿੰਦਰ ਸਲੋਹ, ਤਜਿੰਦਰ ਕੌਰ, ਬਿਮਲਾ ਰਾਣੀ, ਮਨਜੀਤ ਕੌਰ, ਗੁਰਬਚਨ ਕੌਰ, ਸੁਰਿੰਦਰ ਕੌਰ, ਨੀਤੂ , ਬਲਵਿੰਦਰ ਕੌਰ, ਜਰਨੈਲ ਸੌਂਧੀ, ਅਸੋਕ ਕੁਮਾਰ,ਭੰਮਾ, ਸਤਨਾਮ,ਡਾ ਰਮੇਸ ਕੁਮਾਰ, ਗੁਰਨਾਮ ਪੱਲੀ ਝਿੱਕੀ, ਗੁਰਦਿਆਲ ਪੇਂਟਰ ਰਣਜੀਤ ਸਿੰਘ ਨਵਾਂਸਹਿਰ,ਭੀਰਾ, ਕਸਮੀਰ ਕੌਰ, ਰੂਬੀ ਬੰਗਾ, ਸੁਖਵਿੰਦਰ ਤੂਰ, ਸੁਮਿਤ, ਬਲਵੀਰ, ਜਰਨੈਲ, ਰਤਨ ਛਿੰਦਾ ਅਤੇ ਘੋਲੀ ਆਦਿ ਹਾਜਰ ਸਨ। ਮਾਸਟਰ ਜਗਦੀਸ ਰਾਏਪੁਰ ਡੱਬਾ, ਰਣਜੀਤ ਸਿੰਘ ਰਾਣਾ, ਹਰਮਨਜੀਤ ਨੇ ਧੰਨਵਾਦ ਕੀਤਾ। ਮੰਚ ਸੰਚਾਲਨ ਜੋਗਿੰਦਰ ਕੁੱਲੇਵਾਲ ਦੁਆਰਾ ਕੀਤਾ ਗਿਆ।

ਸ਼ਰਧਾ ਨਾਲ ਮਨਾਇਆ ਸ੍ਰੀ ਗੁਰੂ ਰਵਿਦਾਸ ਦਾ 647ਵਾਂ ਗੁਰਪੁਰਬ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਨਜਦੀਕੀ ਪਿੰਡ ਬੰਬੇਲੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 647ਵਾਂ ਪ੍ਰਕਾਸ਼ ਪੁਰਬ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਗਿਆਨੀ ਜਰਨੈਲ ਸਿੰਘ ਬੈਂਸ ਪਿੰਡ ਲੱਲੀਆਂ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾ ਕੇ ਇਕੱਤਰ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਪਤਵੰਤਿਆਂ, ਸੇਵਾਦਾਰਾਂ ਅਤੇ ਸਹਿਯੋਗੀਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਰਾਤ ਸਮੇਂ ਗੁਰਦੁਆਰਾ ਸਾਹਿਬ ਨੂੰ ਰੰਗ ਬਿਰੰਗੀ ਰੋਸ਼ਨੀ ਨਾਲ ਸਜਾਇਆ ਗਿਆ ਸੀ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਸ੍ਰੀ ਗੁਰੂ ਰਵਿਦਾਸ ਗੁਰਦੁਆਰੇ 'ਚ ਮੁੱਖ ਮੰਤਰੀ ਹੋਏ ਨਤਮਸਤਕ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਸ਼ਨੀਵਾਰ ਅਸੰਧ 'ਚ ਗੁਰੂ ਰਵਿਦਾਸ ਗੁਰਪੁਰਬ ਮੌਕੇ ਆਯੋਜਿਤ ਪ੍ਰੋਗਰਾਮ ਵਿੱਚ ਪੁੱਜੇ। ਇਸ ਮੌਕੇ ਉਨ੍ਹਾਂ ਨੇ ਗੁਰੂ ਰਵਿਦਾਸ ਮੰਦਰ 'ਚ ਮੱਥਾ ਟੇਕਿਆ ਅਤੇ ਫੁੱਲ ਚੜ੍ਹਾਏ ਤੇ ਸੂਬੇ ਦੀ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਸਾਨੂੰ ਗੁਰੂ ਰਵਿਦਾਸ ਜੀ ਦੀ ਸਿੱਖਿਆਵਾਂ ਦੀ ਪਾਲਣ ਆਪਣੇ ਜੀਵਨ ਵਿੱਚ ਕਰਨੀ ਚਾਹੀਦੀ ਹੈ। ਮੁੱਖ ਮੰਤਰੀ ਨੇ ਅਸੰਧ ਦੇ ਗੁਰੂ ਰਵਿਦਾਸ ਮੰਦਰ ਵਿਚ ਲੰਗਰ ਹਾਲ ਲਈ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾ ਕੁਰੂਕਸ਼ੇਤਰ ਦੇ ਪਿਪਲੀ ਵਿੱਚ 5 ਏਕੜ ਜਮੀਨ 'ਤੇ ਗੁਰੂ ਰਵਿਦਾਸ ਦੇ ਨਾਂਅ 'ਤੇ ਇੱਕ ਵੱਡਾ ਸਮਾਰਕ ਬਣਾਉਣ ਦਾ ਐਲਾਨ ਕੀਤਾ। ਇਸ ਸਮਾਰਕ ਲਈ ਜ਼ਮੀਨ ਹਰਿਆਣਾ ਸ਼ਹਿਰੀ ਵਿਕਾਸ ਅਥਾਰਿਟੀ ਵੱਲੋਂ ਦਿੱਤੀ ਗਈ ਹੈ। ਇਸ ਸਮਾਰਕ ਦਾ ਜਲਦ ਹੀ ਨੀਂਹ ਪੱਥਰ ਰੱਖਿਆ ਜਾਵੇਗਾ।

ਸ੍ਰੀ ਗੁਰੂ ਰਵਿਦਾਸ ਜੀ ਦਾ 647ਵਾਂ ਪ੍ਰਕਾਸ਼ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਸੁਭਾਸ਼ ਨਗਰ ਹੁਸ਼ਿਆਰਪੁਰ ਵਿਖੇ ਮੁਹੱਲਾ ਸੁਭਾਸ਼ ਨਗਰ ਲਾਭ ਨਗਰ, ਆਦਰਸ਼ ਨਗਰ, ਟਿੱਬਾ ਸਾਹਿਬ ਤੇ ਦਸਮੇਸ਼ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਪ੍ਰਕਾਸ਼ ਪੁਰਬ ਸੰਬੰਧੀ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਉਪਰੰਤ ਕੀਰਤਨ ਦੀਵਾਨ ਸਜਾਏ ਗਏ। ਇਸ ਮੌਕੇ ਮਲਾਵਾ ਰਾਮ ਪ੍ਰਧਾਨ, ਜਨਰਲ ਸਕੱਤਰ ਸਲਿੰਦਰ ਸਿੰਘ, ਕੈਸ਼ੀਅਰ ਮੋਹਨ ਲਾਲ, ਸੀਨੀਅਰ ਮੀਤ ਪ੍ਰਧਾਨ ਕਸ਼ਮੀਰੀ ਲਾਲ, ਮੀਤ ਪ੍ਰਧਾਨ ਮਦਨ ਸਿੰਘ, ਮੀਤ ਪ੍ਰਧਾਨ ਤੇ ਐਮ ਸੀ ਬਲਵਿੰਦਰ ਕੌਰ, ਮੀਤ ਪ੍ਰਧਾਨ ਪਰਮਜੀਤ ਕੌਰ, ਗੁਰਬਖਸ਼ ਕੌਰ, ਬਲਵਿੰਦਰ ਕੌਰ ਐਮ ਸੀ, ਹੰਸ ਰਾਜ ਸਵਰਨ ਸਿੰਘ ਪਲਵਿੰਦਰ ਸਿੰਘ ਐਡਵੋਕੇਟ ਆਦਿ ਹਾਜ਼ਰ ਸਨ।

ਕਾਮਰੇਡ ਜਸਵੰਤ ਸਿੰਘ ਸਮਰਾ ਦੀ ਸਲਾਨਾ ਬਰਸੀ ਭਲਕੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਕ੍ਰਿਪਾਲ ਜੌਹਲ ਐਨ ਆਰ ਆਈ, ਅਵਤਾਰ ਸਿੰਘ ਤਾਰੀ ਅਤੇ ਪੰਜਾਬ ਪੈਨਸ਼ਨ ਯੂਨੀਅਨ ਦੇ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਅਤੇ ਪੰਜਾਬ ਗੌਰ. ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹਾ ਰੋਡਵੇਜ਼ ਦੇ ਸਮੂਹ ਡਿਪੂਆਂ, ਸੈਂਟਰ ਬਾਡੀ ਦੇ ਆਗੂਆਂ ਨੇ ਦੱਸਿਆ ਕਿ 27 ਫਰਵਰੀ ਨੂੰ ਕਾ. ਜਸਵੰਤ ਸਿੰਘ ਸਮਰਾ ਬਾਨੀ ਪੰਜਾਬ ਗੌ. ਟਰਾਂਸਪੋਰਟ ਵਰਕਰਜ਼ ਯੂਨੀਅਨ ਦੀ ਸਲਾਨਾ ਬਰਸੀ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਨਜ਼ਦੀਕ ਜਨ. ਬੱਸ ਸਟੈਂਡ ਜਲੰਧਰ ਵਿਖੇ

26-FEB-PAGE-9.qxd 2/25/2024 9:57 PM Page 1

ਪਿਛਲੇ ਮਹੀਨੇ ਤੋਂ ਮਾਣੇਮਾਜਰਾ ਚੌਕ 'ਚ ਪਾਣੀ ਦੀ ਪਾਈਪ ਲੀਕ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ) ਚਮਕੌਰ ਸਾਹਿਬ ਵਿਖੇ ਮਾਣੇਮਾਜਰਾ ਚੌਕ 'ਚ ਮੇਨ ਸੜਕ 'ਤੇ ਪਿਛਲੇ ਇੱਕ ਮਹੀਨੇ ਤੋਂ ਪਾਣੀ ਦੀ ਪਾਇਪ ਲੀਕੇਜ ਹੋਣ ਕਾਰਨ, ਜਿੱਥੇ ਪਾਣੀ ਦੀ ਬਰਬਾਦੀ ਹੋ ਰਹੀ ਹੈ, ਉੱਥੇ ਹੀ ਲੋਕਾਂ ਗੰਦਾ ਪਾਣੀ ਪੀਣ ਲਈ ਮਜ਼ਬੂਰ ਹੋ ਰਹੇ ਹਨ, ਪਰ ਸਬੰਧਤ ਵਿਭਾਗ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਪਾਣੀ ਦੀ ਲੀਕੇਜ ਹੋਣ ਕਾਰਨ ਸੜਕ ਵੀ ਟੁੱਟਣੀ ਸ਼ੁਰੂ ਹੋ ਗਈ ਹੈ ਅਤੇ ਆਉਂਦੇ ਜਾਂਦੇ ਲੋਕ ਵੀ ਪ੍ਰੇਸ਼ਾਨ ਹੋ ਰਹੇ ਹਨ। ਨੇੜਲੇ ਦੁਕਾਨਦਾਰਾਂ ਨੇ ਦੱਸਿਆ ਕਿ ਇਹ ਪਾਣੀ ਦੀ ਲੀਕੇਜ ਪਿਛਲੇ ਇਕ ਮਹੀਨੇ ਤੋਂ ਹੋ ਰਹੀ ਹੈ, ਜਿਸ ਸੰਬੰਧੀ ਉਨ੍ਹਾਂ ਵੱਲੋਂ ਜਲ ਸਪਲਾਈ ਵਿਭਾਗ ਨੂੰ ਕਈ ਵਾਰ ਦੱਸਿਆ ਗਿਆ, ਪਰ ਇਸ ਨੂੰ ਠੀਕ ਨਹੀਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਲੀਕੇਜ ਹੋਣ ਕਾਰਨ ਨੇੜਲੇ ਘਰਾਂ 'ਚ ਗੰਦਾ ਪਾਣੀ ਪਹੁੰਚ ਰਿਹਾ ਹੈ, ਜਿਸ ਨੂੰ ਉਹ ਪੀਣ ਲਈ ਮਜ਼ਬੂਰ ਹੋ ਰਹੇ ਹਨ। ਜ਼ਿਕਰਯੋਗ ਹੈ ਕਿ ਇਸ ਚੌਕ 'ਚੋਂ ਰੋਜ਼ਾਨਾ ਹੀ ਸਰਕਾਰੀ ਅਧਿਕਾਰੀ ਆਪਣੇ ਦਫਤਰ ਲਈ ਆਉਂਦੇ ਜਾਂਦੇ ਹਨ, ਪਰ ਕੀ ਇਹ ਪਾਣੀ ਦੀ ਲੀਕੇਜ ਉਨ੍ਹਾਂ ਦੇ ਧਿਆਨ 'ਚ ਹਾਲੇ ਤੱਕ ਨਹੀਂ ਆਈ? ਜਦੋਂ ਇਸ ਸੰਬੰਧੀ ਜਲ ਸਪਲਾਈ ਵਿਭਾਗ ਦੇ ਐਸ ਡੀ ਓ ਸੰਦੀਪ ਸ਼ਰਮਾ ਨਾਲ ਗੱਲ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਇਹ ਲੀਕੇਜ ਵਾਲਾ ਮਸਲਾ ਉਨ੍ਹਾਂ ਦੇ ਧਿਆਨ 'ਚ ਹੈ, ਪਰ ਉਨ੍ਹਾਂ ਵੱਲੋਂ ਲੋਕ ਨਿਰਮਾਣ ਵਿਭਾਗ ਨੂੰ ਸੜਕ ਪੁੱਟਣ ਦੀ ਮਨਜੂਰੀ ਲਈ ਪੱਤਰ ਲਿਖਿਆ ਸੀ, ਜਿਸ ਦੇ ਜਵਾਬ 'ਚ ਉਨ੍ਹਾਂ ਪਹਿਲਾਂ 49 ਹਜ਼ਾਰ ਰੁਪਏ ਜਮ੍ਹਾ ਕਰਵਾਉਣ ਲਈ ਕਿਹਾ ਹੈ ਪ੍ਰੰਤੂ ਜਲ ਸਪਲਾਈ ਵਿਭਾਗ ਕੋਲ ਐਨਾ ਫੰਡ ਨਹੀਂ ਹੈ। ਉਨ੍ਹਾਂ ਦੱਸਿਆ ਕਿ ਜਦੋਂ ਸਰਕਾਰ ਵੱਲੋਂ ਉਨ੍ਹਾਂ ਨੂੰ ਫੰਡ ਜਾਰੀ ਕੀਤੇ ਜਾਣਗੇ ਤਾਂ ਹੀਂ ਇਹ ਲੀਕੇਜ ਠੀਕ ਕੀਤੀ ਜਾ ਸਕੇਗੀ। ਦੂਜੇ ਪਾਸੇ ਸਰਕਾਰ ਵੱਲੋਂ ਰੋਜ਼ਾਨਾ ਪਾਣੀ ਦੀ ਬੱਚਤ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਪਰ ਇੱਥੇ ਤਾਂ ਰੋਜ਼ਾਨਾ ਹੀ ਸੈਂਕੜੇ ਲੀਟਰ ਪਾਣੀ ਦੀ ਬਰਬਾਦੀ ਹੋ ਰਹੀ ਹੈ, ਇਸ ਦਾ ਜਿੰਮੇਵਾਰ ਕੌਣ? ਅਕਾਲੀ ਆਗੂ ਅਮਨਦੀਪ ਸਿੰਘ ਮਾਂਗਟ, ਬਲਦੇਵ ਸਿੰਘ ਹਾਫਿਜਾਬਾਦ ਅਤੇ ਕਿਸਾਨ ਆਗੂ ਬਾਈ ਪਰਮਿੰਦਰ ਸਿੰਘ ਸੇਖੋਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਮੰਤਰੀ ਤੋਂ ਇਸ ਮਸਲੇ ਨੂੰ ਹੱਲ ਕਰਨ ਦੀ ਅਪੀਲ ਕੀਤੀ।

'ਕਾਫਲਾ ਰਾਗਾ' ਵੱਲੋਂ ਮਾਂ-ਬੋਲੀ ਨੂੰ ਸਮਰਪਿਤ ਸ਼ਖਸ਼ੀਅਤਾਂ ਦਾ ਸਨਮਾਨ

ਮੋਹਾਲੀ (ਗੁਰਜੀਤ ਬਿੱਲਾ) ਇੰਦਰਜੀਤ ਸਿੰਘ ਪੁਰੇਵਾਲ ਅਤੇ ਕਾਫਲਾ ਰਾਗ ਵੱਲੋਂ ਜਿਲ੍ਹਾ ਭਾਸ਼ਾ ਅਫਸਰ ਸਾਹਿਬਜਾਦਾ ਅਜੀਤ ਸਿੰਘ ਨਗਰ ਦੇ ਵਿਹੜੇ ਮਾਂ-ਬੋਲੀ ਪੰਜਾਬੀ ਦੀ ਸੇਵਾ 'ਚ ਜੁੱਟੀਆਂ ਪੰਜ ਉੱਘੀਆਂ ਸਖਸੀਅਤਾਂ ਦਾ 'ਰਾਗ ਸਾਹਿਤ ਪੁਰਸਕਾਰ' ਭੇਟ ਕਰਕੇ ਸਨਮਾਨ ਕੀਤਾ ਗਿਆ। ਇਨ੍ਹਾਂ ਸਨਮਾਨਿਤ ਸਖਸੀਅਤਾਂ 'ਚ ਡਾ. ਦਵਿੰਦਰ ਸਿੰਘ ਬੋਹਾ (ਜ਼ਿਲ੍ਹਾ ਭਾਸ਼ਾ ਅਫ਼ਸਰ, ਐੱਸ ਏ ਐੱਸਨਗਰ), ਡਾ. ਸੰਦੀਪ ਸ਼ਰਮਾ (ਜ਼ਿਲ੍ਹਾ ਭਾਸ਼ਾ ਅਫ਼ਸਰ, ਲੁਧਿਆਣਾ), ਕੀਰਤੀ ਕਿਰਪਾਲ (ਜ਼ਿਲ੍ਹਾ ਭਾਸ਼ਾ ਅਫ਼ਸਰ, ਬਠਿੰਡਾ), ਡਾ.ਜਸਵੰਤ ਰਾਏ (ਖੋਜ ਅਫ਼ਸਰ, ਹੁਸ਼ਿਆਰਪੁਰ), ਗੁਰਪ੍ਰੀਤ (ਖੋਜ ਅਫ਼ਸਰ, ਮਾਨਸਾ) ਨੂੰ ਗਿਆਰਾਂ ਹਜ਼ਾਰ ਰੁਪਏ ਅਤੇ ਇਕ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਉੱਘੇ ਲੇਖਕ ਤੇ ਅਨੁਵਾਦਕ ਜੰਗ ਬਹਾਦੁਰ ਗੋਇਲ ਵੱਲੋਂ ਕੀਤੀ ਗਈ। ਮੁੱਖ ਮਹਿਮਾਨ ਵਜੋਂ ਉੱਘੇ ਕਵੀ ਜਸਵੰਤ ਸਿੰਘ ਜ਼ਫ਼ਰ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸਾਹਿਤ ਅਕਾਦਮੀ ਪੁਰਸਕ੍ਰਿਤ ਸਵਰਨਜੀਤ ਸਵੀ ਵੱਲੋਂ ਸ਼ਿਰਕਤ ਕੀਤੀ ਗਈ। ਸਮਾਗਮ ਦੇ ਆਰੰਭ ਵਿਚ 'ਕਾਫਲਾ ਰਾਗਾ' ਦੇ ਸਰਪ੍ਰਸਤ ਹਰਵਿੰਦਰ ਸਿੰਘ ਵੱਲੋਂ ਮਹਿਮਾਨਾਂ ਨੂੰ 'ਜੀ ਆਇਆਂ ਨੂੰ' ਕਹਿ ਕੇ ਸੁਆਗਤ ਕੀਤਾ ਗਿਆ।

ਰੈੱਡ ਕਰਾਸ ਸੁਸਾਇਟੀ ਨੇ ਤਿੰਨ ਰੋਜ਼ਾ ਪੇਂਟਿੰਗ, ਸਿਲਾਈ-ਕਢਾਈ ਦੀ ਵਰਕਸ਼ਾਪ ਲਗਾਈ

ਹੁਸ਼ਿਆਰਪੁਰ, (ਓ ਪੀ ਰਾਣਾ)-ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਮੰਗੇਸ਼ ਸੂਦ ਨੇ ਦੱਸਿਆ ਗਿਆ ਕਿ ਰੈੱਡ ਕਰਾਸ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ, ਫਲਾਹੀ ਵਿਖੇ 21 ਤੋਂ 23 ਫਰਵਰੀ ਤੱਕ ਤਿੰਨ ਰੋਜ਼ਾ ਵਰਕਸ਼ੋਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਵਿਚ ਇੰਸਟਰਕਟਰ ਫੈਸ਼ਨ ਡਿਜਾਇਨਿੰਗ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨਿਸ਼ਾ ਸ਼ਰਮਾ ਵੱਲੋਂ ਵਿਦਿਆਲਿਆ ਵਿਚ ਪੜ੍ਹਨ ਵਾਲੀਆਂ ਵਿਦਿਆਰਥਣਾਂ ਨੂੰ ਫੈਸ਼ਨ ਡਿਜਾਇਨਿੰਗ ਦੇ ਵੱਖ-ਵੱਖ ਮਡਿਊਲਾਂ ਬਾਰੇ ਗਾਈਡ ਕੀਤਾ ਗਿਆ। ਮੰਗੇਸ਼ ਸੂਦ ਨੇ ਦੱਸਿਆ ਕਿ ਵਿਦਿਆਲਿਆ ਵਿਚ ਪੜ੍ਹਨ ਵਾਲੀਆਂ ਸੱਤਵੀਂ, ਅੱਠਵੀਂ ਅਤੇ ਨੌਵੀਂ ਕਲਾਸ ਦੀਆਂ ਵਿਦਿਆਰਥਣਾਂ ਵਿਚ ਪੇਂਟਿੰਗ, ਸਿਲਾਈ ਅਤੇ ਕਢਾਈ ਵਰਗੇ ਵਿਸ਼ਿਆਂ ਵਿਚ ਦਿਲਚਸਪੀ ਵਧਾਉਣ ਲਈ ਇਸ ਤਿੰਨ ਰੋਜ਼ਾ ਵਰਕਸ਼ਾਪ ਦਾ ਆਯੋਜਨ ਕਰਵਾਇਆ ਗਿਆ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਦਾ ਆਯੋਜਨ ਕਰਵਾਉਣ ਨਾਲ ਵਿਦਿਆਰਥੀਆਂ ਨੂੰ ਸਕੂਲੀ ਕਿਤਾਬੀ ਗਿਆਨ ਤੋਂ ਇਲਾਵਾ ਹੋਰ ਪ੍ਰੈਕਟੀਕਲ ਗਿਆਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਮੇਂ -ਸਮੇਂ 'ਤੇ ਸਕੂਲਾਂ ਵਿਚ ਅਜਿਹੀਆਂ ਗਤੀਵੀਧਿਆਂ ਦਾ ਆਯੋਜਨ ਕਰਵਾਇਆ ਜਾਣਾ ਚਾਹੀਦਾ ਹੈ, ਤਾਂ ਜੋ ਵਿਦਿਆਰਥੀ ਦਸਵੀਂ ਤੱਕ ਦੀ ਸਕੂਲੀ ਵਿਦਿਆ ਪ੍ਰਾਪਤ ਕਰਨ ਤੋਂ ਬਾਅਦ ਕਾਲਜ ਵਿਚ ਆਪਣੇ ਮਨਚਾਹੇ ਵਿਸ਼ਿਆਂ ਦੀ ਚੋਣ ਕਰਕੇ ਆਪਣੇ ਕਰੀਅਰ ਦੀ ਚੋਣ ਕਰ ਸਕਣ। ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ, ਹੁਸ਼ਿਆਰਪੁਰ ਵਿਚ ਖੋਲ੍ਹੇ ਗਏ 'ਰੈਡ ਕਰਾਸ ਸਕੂਲ ਆਫ ਵੋਕੇਸ਼ਨਲ ਲਰਨਿੰਗ' ਵਿਚ ਵੱਖ-ਵੱਖ ਵੋਕੇਸ਼ਨਲ ਕੋਰਸਾਂ ਜਿਵੇਂ ਕਿ ਫੈਸ਼ਨ ਡਿਜਾਇਨਿੰਗ, ਬਿਊਟੀ ਐਂਡ ਵੈਲਨੈਸ, ਕੰਪਿਊਟਰ, ਟੈਲੀ, ਅਕਾਊਂਟਿੰਗ, ਟਾਇਪ ਐਂਡ ਸ਼ਾਰਟਹੈਂਡ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੇ ਕਿੱਤਾ-ਮੁੱਖੀ ਕੋਰਸ ਕਰਵਾ ਕੇ ਰੋਜ਼ਗਾਰ ਦੇ ਮੌਕੇ ਵੀ ਮੁਹੱਈਆ ਕਰਵਾਏ ਜਾਂਦੇ ਹਨ, ਤਾਂ ਜੋ ਵਿਦਿਆਰਥੀ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ। ਸ਼੍ਰੀਮਤੀ ਰੰਜੂ ਦੁੱਗਲ, ਪ੍ਰਿੰਸਿਪਲ ,ਜਵਾਹਰ ਨਵੋਦਿਆ ਵਿਦਿਆਲਿਆ ਨੇ ਦੱਸਿਆ ਕਿ ਸਕੂਲ ਵਿਚ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੁਆਰਾ ਕਰਵਾਈ ਗਈ ਇਸ ਵਰਕਸ਼ਾਪ ਵਿਚ ਵਿਦਿਆਰਥਣਾਂ ਦੁਆਰਾ ਬਹੁਤ ਹੀ ਦਿਲਚਸਪੀ ਦਿਖਾਈ ਗਈ।

ਡਿਪਟੀ ਕਮਿਸ਼ਨਰ ਗੁਰੂ ਰਵਿਦਾਸ ਭਵਨ ਵਿਖੇ ਹੋਏ ਨਤਮਸਤਕ

ਜਲੰਧਰ (ਸ਼ੈਲੀ ਐਲਬਰਟ)-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਥਾਨਕ ਸ੍ਰੀ ਗੁਰੂ ਰਵਿਦਾਸ ਭਵਨ, ਅਰਬਨ ਅਸਟੇਟ ਫੇਜ਼-2 ਵਿਖੇ ਨਤਮਸਤਕ ਹੁੰਦਿਆਂ ਜ਼ਿਲ੍ਹਾ ਵਾਸੀਆਂ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਡਿਪਟੀ ਕਮਿਸਨਰ ਨਾਲ ਉਨਾਂ ਦੇ ਪਿਤਾ ਜੇ ਆਰ ਸਾਰੰਗਲ ਵੀ ਸਨ । ਡਿਪਟੀ ਕਮਿਸ਼ਨਰ ਨੇ ਇਸ ਮੌਕੇ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਗੁਰੂ ਜੀ ਦਾ ਸਮੁੱਚਾ ਜੀਵਨ ਪ੍ਰੇਰਨਾ ਸਰੋਤ ਹੈ, ਜਿਸ ਤੋਂ ਸੇਧ ਲੈ ਕੇ ਅਸੀਂ ਆਪਣੇ ਅਤੇ ਹੋਰਨਾਂ ਲਈ ਜ਼ਿੰਦਗੀ ਵਿੱਚ ਅੱਗੇ ਵਧਣ ਦੇ ਰਾਹ ਖੋਲ੍ਹ ਸਕਦੇ ਹਾਂ। ਪ੍ਰਬੰਧਕਾਂ ਵੱਲੋਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਦਾ ਸਨਮਾਨ ਕੀਤਾ ਗਿਆ।

ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)-ਰਿਆਤ ਬਾਹਰਾ ਐਜੂਕੇਸ਼ਨ ਸਿਟੀ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਗੁਰੂ ਸਾਹਿਬ ਦੀ ਪਵਿੱਤਰ ਗੁਰਬਾਣੀ ਦਾ ਸਿਮਰਨ ਕੀਤਾ ਗਿਆ। ਇਸ ਮੌਕੇ ਕੈਂਪਸ ਡਾਇਰੈਕਟਰ ਡਾ: ਚੰਦਰ ਮੋਹਨ ਨੇ ਗੁਰੂ ਸਾਹਿਬ ਦੀ ਤਸਵੀਰ ਨੂੰ ਮੱਥਾ ਟੇਕਿਆ ਅਤੇ ਸੰਗਤ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਸਲਾਹ ਦਿੱਤੀ। ਉਨ੍ਹਾ ਸਾਰਿਆਂ ਨੂੰ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ। ਇਸ ਮੌਕੇ ਅਤੂੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਡਾ: ਕੁਲਦੀਪ ਵਾਲੀਆ, ਹਰਿੰਦਰ ਜਸਵਾਲ, ਗੁਰਪ੍ਰੀਤ ਬੇਦੀ, ਸੀ ਵੀ ਜੋਸ਼ੀ, ਨਿਸ਼ਾ ਠਾਕੁਰ, ਰਿਤੂ ਸ਼ਰਮਾ, ਚਰਨਪ੍ਰੀਤ ਚੰਨੀ, ਕਿਸ਼ੋਰ ਕੁਮਾਰ, ਨਰੇਸ਼ ਕੁਮਾਰ, ਚਿਰਾਗ ਅਤੇ ਸ਼ਾਮ ਲਾਲ ਸਮੇਤ ਵਿਦਿਆਰਥੀਆਂ, ਅਧਿਆਪਕਾਂ ਅਤੇ ਨਾਨ-ਟੀਚਿੰਗ ਸਟਾਫ ਨੇ ਗੁਰੂ ਸਾਹਿਬ ਦੀ ਤਸਵੀਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਮੁੱਖਲਿਆਣਾ ਵਿਖੇ ਪੁਰਬ ਤੇ ਭੰਡਾਰਾ 18 ਨੂੰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਮੁੱਖਲਿਆਣਾ ਵਿਖੇ ਰਾਜਪੁਰ ਭਾਈਆਂ ਰੋਡ 'ਤੇ ਭਗਵਾਨ ਸ਼੍ਰੀ ਚੰਦ ਮਹਾਰਾਜ ਦਾ 529ਵਾਂ ਪਾਵਨ ਪ੍ਰਕਾਸ਼ ਪੁਰਬ ਅਤੇ ਭੰਡਾਰਾ 18 ਮਾਰਚ ਨੂੰ 108 ਸੰਤ ਬਾਪੂ ਕਰਮ ਦਾਸ ਉਦਾਸੀਨ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਸੰਗਤਾਂ ਵੱਲੋਂ ਝੰਡੇ ਦੀ ਰਸਮ ਉਪਰੰਤ ਧੂਣੇ ਦੀ ਰਸਮ ਅਦਾ ਕੀਤੀ ਜਾਵੇਗੀ।ਸਮਾਗਮ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ, ਸੰਤ ਮਹਾਂਪੁਰਸ਼, ਗੁਣੀਗਿਆਨੀ ਸੰਗਤਾਂ ਨੂੰ ਨਿਹਾਲ ਕਰਨਗੇ।

ਪ੍ਰਭਾਤ ਫੇਰੀਆਂ ਕੱਢੀਆਂ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਗੁਰਪੁਰਬ ਸੰਬੰਧੀ, ਜੋ ਪ੍ਰਭਾਤ ਫੇਰੀਆਂ ਪਿਛਲੇ 9 ਦਿਨ ਤੋਂ ਸ਼ੁਰੂ ਸਨ, ਆਖਰੀ ਪ੍ਰਭਾਤ ਫੇਰੀ ਬੜੀ ਧੂਮ ਧਾਮ ਨਾਲ ਕੱਢੀ ਗਈ। ਇਹ ਪ੍ਰਭਾਤ ਫੇਰੀ ਪੂਰੇ ਸ਼ਹਿਰ ਦੇ ਵੱਖ ਵੱਖ ਹਿੱਸਿਆ 'ਚ ਕੱਢੀ ਗਈ ਪ੍ਰਭਾਤ ਫੇਰੀ ਸ੍ਰੀ ਗੁਰੂ ਰਵਿਦਾਸ ਨਗਰ ਤੋਂ ਸ਼ੁਰੂ ਹੋ ਕੇ ਜਿੱਥੇ ਸ਼ਰਧਾਲੂਆਂ ਵੱਲੋਂ ਇਸ ਦਾ ਭਰਵਾਂ ਸਵਾਗਤ ਕੀਤਾ ਗਿਆ। ਪ੍ਰਭਾਤ ਫੇਰੀ ਦੌਰਾਨ, ਨੌਜਵਾਨ ਸਭਾ ਮੁਹੱਲਾ ਸਿੱਧ ਵੱਲੋ ਗੁਰੂ ਜੀ ਦੇ ਸ਼ਬਦਾਂ ਦਾ ਗੁਣਗਾਨ ਕੀਤਾ ਗਿਆ। ਇਸ ਭਜਨ ਮੰਡਲੀ 'ਚ ਡਾ. ਮਨਸਿੰਦਰ ਬੰਗਾ, ਮਾਸਟਰ ਰਾਕੇਸ਼, ਦਨੇਸ਼, ਦੀਪਾ, ਰਿੰਕੀ, ਜੋਪੀ, ਚਰਨਜੀਤ ਸਾਜਨ, ਗਗਨ, ਅਕਾਸ਼, ਗੰਗੀ, ਰਜਤ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ ਮਨਾਇਆ

ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ) ਚਮਕੌਰ ਸਾਹਿਬ ਸਮੇਤ ਇਲਾਕੇ ਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਸ਼ਹਿਰ ਅਤੇ ਪਿੰਡਾਂ ਦੇ ਗੁਰਧਾਮਾਂ ਸਮੇਤ ਧਰਮਸ਼ਾਲਾਵਾਂ 'ਚ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਲੰਗਰ ਵੀ ਵਰਤਾਏ ਗਏ। ਇਲਾਕੇ ਵਿੱਚ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਅਤੇ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀ ਟੀ ਓ ਵੀ ਇਸ ਮੌਕੇ ਨਤਮਸਤਕ ਹੋਣ ਲਈ ਪਹੁੰਚੇ ਅਤੇ ਡੀ ਟੀ ਓ ਵੱਲੋਂ ਗੁਰਦੁਆਰਾ ਬਾਬਾ ਸੰਗਤ ਸਿੰਘ ਵਿਖੇ ਭਾਂਡੇ ਭੇਟ ਕੀਤੇ, ਉਥੇ ਹੀ ਪਿੰਡ ਬੂਰਮਾਜਰਾ ਵਿਖੇ ਧਰਮਸ਼ਾਲਾ ਵਿਖੇ ਪ੍ਰਕਾਸ਼ ਪੁਰਬ ਤੇ ਪਹੁੰਚੇ ਸਮਾਜਸੇਵੀ ਨਰਿੰਦਰ ਸਿੰਘ ਕੰਗ ਵੱਲੋਂ ਕਮੇਟੀ ਮੈਂਬਰਾਂ ਨੂੰ 31 ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ।

ਤਾਨਾਸ਼ਾਹ ਸਰਕਾਰ ਦਾ ਪੁਤਲਾ ਫੂਕਿਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਇਥੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਵੱਖ ਵੱਖ ਜਥੇਬੰਦੀਆਂ ਵੱਲੋਂ - ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਕਾਰਕੁਨਾਂ ਵੱਲੋਂ ਕਿਸਾਨਾਂ ਤੇ ਤਸ਼ੱਦਦ ਢਾਹਣ ਵਾਲੀ ਕੇਂਦਰ ਅਤੇ ਹਰਿਆਣਾ ਦੀ ਭਾਜਪਾ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਨ ਉਪਰੰਤ ਅਨੰਦਪੁਰ ਸਾਹਿਬ ਚੌਕ ਗੜਸ਼ੰਕਰ ਵਿਖੇ ਤਾਨਾਸ਼ਾਹ ਸਰਕਾਰ ਦਾ ਪੁੱਤਲਾ ਫੂਕਿਆ ਅਤੇ ਮੰਗ ਕੀਤੀ ਕਿ ਕਿਸਾਨਾਂ ਤੇ ਤਸ਼ੱਦਦ ਢਾਹੁਣਾ ਤਰੁੰਤ ਬੰਦ ਕਰੇ। ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਹੀਦ ਕਰਨ ਵਾਲੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ, ਗ੍ਰਹਿ ਮੰਤਰੀ ਅਨਿਲ ਵਿਜ ਨੂੰ ਬਰਖਾਸਤ ਕੀਤਾ ਜਾਵੇ।

ਅੱਜ ਦੇ ਇਸ ਪੁੱਤਲਾ ਫੂਕ ਪ੍ਰਦਰਸ਼ਨ ਵਿਚ ਕੁਲਭੂਸ਼ਨ ਕੁਮਾਰ, ਕੈਪਟਨ ਕਰਨੈਲ ਸਿੰਘ, ਕੁਲਵਿੰਦਰ ਸਿੰਘ ਚਾਹਲ, ਰਾਮਜੀ ਦਾਸ ਚੌਹਾਨ, ਪ੍ਰੇਮ ਸਿੰਘ ਰਾਣਾ, ਬਲਬੀਰ ਸਿੰਘ ਖਾਨਪੁਰੀ,ਮਾਸਟਰ ਬਲਵੰਤ ਰਾਮ, ਸ਼ਿੰਗਾਰਾ ਰਾਮ

26-FEB-PAGE-10.qxd 2/25/2024 9:34 PM Page 1

ਭਾਜਪਾ ਸਰਕਾਰ ਵੱਲੋਂ ਕਿਸਾਨਾਂ 'ਤੇ ਕੀਤਾ ਜਾ ਰਿਹਾ ਤਸ਼ੱਦਦ ਬਰਦਾਸਤਯੋਗ ਨਹੀਂ : ਜਗਬੀਰ ਸਲਾਣਾ

ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)

ਰਣਦੀਪ ਸਿੰਘ ਨਾਭਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਕਾਂਗਰਸ ਕਮੇਟੀ ਅਮਲੋਹ ਦੇ ਪ੍ਰਧਾਨ ਜਗਵੀਰ ਸਿੰਘ ਸਲਾਣਾ ਦੀ ਅਗਵਾਈ ਵਿੱਚ ਮਾਰਚ ਕੱਢਿਆ ਗਿਆ ਤੇ ਮੋਦੀ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਬਲਾਕ ਪ੍ਰਧਾਨ ਸਲਾਣਾ ਨੇ ਕਿਹਾ ਕਿ ਕਿਸਾਨਾਂ ਨਾਲ ਹੋ ਰਹੇ ਧੱਕੇ ਨੂੰ ਦੇਖਦਿਆਂ ਭਾਜਪਾ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਹੈ ਤੇ ਕਿਸਾਨਾਂ ਉਪਰ ਹੋ ਰਹੇ ਤਸ਼ੱਦਦਦ ਦੀ ਨਿੰਦਾ ਕਰਦੇ ਹਾਂ, ਜਿਸਦਾ ਖਮਿਆਜਾ ਭੁਗਤਣਾ ਪਵੇਗਾ ਅਤੇ ਮੋਦੀ ਸਰਕਾਰ ਕਿਸਾਨਾਂ ਨਾਲ ਮੰਨੀਆਂ ਮੰਗਾਂ ਨੂੰ ਪੂਰਾ ਕਰਨ ਤੋਂ ਭੱਜ ਰਹੀ ਹੈ, ਪਰ ਅਸੀਂ ਕਿਸਾਨਾਂ ਨਾਲ ਹਾਂ ਕੇਂਦਰ ਸਰਕਾਰ ਨੂੰ ਕਿਸਾਨਾਂ ਅੱਗੇ ਝੁਕਣ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਕੋਆਰਡੀਨੇਟਰ ਸਿਤਾਰ ਮੁਹੰਮਦ, ਬਲਵੀਰ ਸਿੰਘ ਮਿੱਠੂ, ਗੁਰਪ੍ਰੀਤ ਗਰੇਵਾਲ, ਸ਼ਮਸ਼ੇਰ ਸਿੰਘ ਅੰਨੀਆਂ, ਰਾਕੇਸ਼ ਕੁਮਾਰ ਗੋਗੀ, ਸ਼ਸ਼ੀ ਸ਼ਰਮਾ, ਜਗਤਾਰ ਸਿੰਘ ਮਾਨਗੜ੍ਹ, ਗੁਰਬਚਨ ਕਾਹਨਪੁਰਾ, ਲਵਪ੍ਰੀਤ ਸਿੰਘ ਕਾਹਨਪੁਰਾ ਪ੍ਰਧਾਨ ਯੂਥ ਕਾਂਗਰਸ, ਸੁੱਖ ਰਾਏਪੁਰ, ਭੂਸ਼ਣ ਸ਼ਰਮਾ, ਸ਼ਿਵ ਕੁਮਾਰ ਗਰਗ, ਜਗਦੇਵ ਸਿੰਘ ਖੁੰਮਣਾ, ਸੋਨੀ ਰਤਨਪਾਲੋ, ਰਿਸ਼ਵ ਪਜਨੀ ਭੱਦਲਥੂਹਾ, ਸਿਮਰਨ ਕੌਰ ਬਰੌਗਾ, ਪਰਮਜੀਤ ਕੌਰ ਬਰੌਗਾ, ਜਤਿੰਦਰ ਸਲਾਣਾ, ਰੁਪਿੰਦਰ ਸਲਾਣਾ, ਨਿਰਮਲਜੀਤ ਸਿੰਘ ਸਲਾਣਾ, ਗਮਦੂਰ ਸਿੰਘ, ਗੁਰਚਰਨ ਸਿੰਘ, ਡਾ ਹਰਵਿੰਦਰ ਸਿੰਘ, ਅਮਨ ਰਾਜਗੜ੍ਹ, ਸਾਦੀ ਖਾਂ, ਬੂਟੇ ਸ਼ਾਹ, ਰਣਜੀਤ ਸਾਹਪੁਰ, ਜੰਗ ਸ਼ੇਰਗੜ੍ਹ, ਪਿੰਸ ਭੱਦਲਥੂਹਾ, ਦਫਤਰ ਇੰਚਾਰਜ ਮਨਪ੍ਰੀਤ ਸਿੰਘ ਮਿੰਟਾ ਆਦਿ ਮੌਜੂਦ ਸਨ।

ਬੀ ਐੱਸ ਐੱਫ ਨੇ ਵਿਦਿਆਰਥੀਆਂ ਨੂੰ ਸਾਮਾਨ ਵੰਡਿਆ

ਫਾਜ਼ਿਲਕਾ (ਕ੍ਰਿਸ਼ਨ ਸਿੰਘ)-ਸਰਹੱਦੀ ਪਿੰਡ ਮੁਹਾਰਸੋਨਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੀ ਐੱਸ ਐੱਫ ਵੱਲੋਂ ਸਿਵਿਕ ਐਕਸ਼ਨ ਪ੍ਰੋਗਰਾਮ ਤਹਿਤ ਸਮਾਗਮ ਕਰਵਾਇਆ ਗਿਆ। ਇਸ ਪ੍ਰੋਗਰਾਮ 'ਚ ਭਾਗ ਲੈਣ ਲਈ ਬੀ.ਐੱਸ.ਐੱਫ. ਦੀ 66 ਬਟਾਲੀਅਨ ਦੇ ਕਮਾਂਡੈਂਟ ਸ੍ਰੀ ਅਰੁਣ ਕੁਮਾਰ ਵਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਇਸ ਦੌਰਾਨ ਕਮਾਂਡੈਂਟ ਵਰਮਾ ਨੇ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਵੀ ਚੁਕਾਈ। ਇਸ ਤੋਂ ਇਲਾਵਾ ਵੱਖ-ਵੱਖ ਗਤੀਵਿਧੀਆਂ 'ਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਤੋਂ ਇਲਾਵਾ ਪ੍ਰਿੰਸੀਪਲ ਤੇ ਅਧਿਆਪਕ ਹਾਜ਼ਰ ਸਨ। ਇਸ ਮੌਕੇ ਬੀ.ਐੱਸ.ਐੱਫ ਦੀ 66ਵੀਂ ਬਟਾਲੀਅਨ ਦੇ ਕਮਾਂਡੈਂਟ ਅਰੁਣ ਕੁਮਾਰ ਵਰਮਾ ਨੇ ਦੱਸਿਆ ਕਿ ਸਕੂਲੀ ਬੱਚਿਆਂ ਨੂੰ ਮੁੱਢਲੀਆਂ ਸਹੂਲਤਾਂ ਦੇਣ ਦੇ ਮੰਤਵ ਨਾਲ ਇਹ ਕੈਂਪ ਲਗਾਇਆ ਗਿਆ ਹੈ। ਇਸ ਦੌਰਾਨ ਬੱਚਿਆਂ ਦੀਆਂ ਲੋੜਾਂ ਨੂੰ ਧਿਆਨ 'ਚ ਰੱਖਦਿਆਂ 1,87,380 ਰੁਪਏ ਦਾ ਸਾਮਾਨ ਦਿੱਤਾ ਗਿਆ ਹੈ, ਜਿਸ ਵਿੱਚ ਬੱਚਿਆਂ ਦੇ ਬੈਠਣ ਲਈ ਬੈਂਚ ਤੇ ਟੇਬਲ ਦਿੱਤੇ ਗਏ ਹਨ ਤਾਂ ਜੋ ਬੱਚੇ ਸਕੂਲ 'ਚ ਬੈਂਚ ਟੇਬਲ ਦੀ ਵਰਤੋਂ ਕਰਕੇ ਚੰਗੀ ਤਰ੍ਹਾਂ ਪੜ੍ਹ ਸਕਣ। ਇਸ ਤੋਂ ਇਲਾਵਾ ਸਿਵਿਕ ਐਕਸ਼ਨ ਪ੍ਰੋਗਰਾਮ ਤਹਿਤ ਮੈਰਾਥਨ 'ਚ ਭਾਗ ਲੈਣ ਵਾਲੇ 20 ਬੱਚਿਆਂ ਨੂੰ ਸਪੋਰਟਸ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ। ਇਸ ਦੌਰਾਨ ਬੀ.ਐੱਸ.ਐੱਫ. 66 ਬਟਾਲੀਅਨ ਨੇ ਵੱਡੀ ਟੀ ਵੀ ਸਕਰੀਨ 'ਤੇ ਨਸ਼ਾ ਛੁਡਾਊ ਫਿਲਮ ਦਿਖਾ ਕੇ ਹਾਜ਼ਰ ਪ੍ਰਿੰਸੀਪਲ, ਅਧਿਆਪਕਾਂ ਤੇ ਪਿੰਡ ਦੇ ਪਤਵੰਤਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਮਝਾਉਣ ਦਾ ਯਤਨ ਵੀ ਕੀਤਾ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੂੰ ਲਿਖਿਆ ਪੱਤਰ

ਕੋਟਕਪੂਰਾ (ਰਛਪਾਲ ਭੁੱਲਰ)-ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਦਰਸਨ ਸਿੰਘ ਲੁਬਾਣਾ ਅਤੇ ਜਨਰਲ ਸਕੱਤਰ ਰਣਜੀਤ ਸਿੰਘ ਰਾਣਵਾ ਨੇ ਮੁਲਾਜ਼ਮਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਨਾਂਅ ਇੱਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਪੰਜਾਬ ਮੰਡੀ ਬੋਰਡ ਦੇ ਸਿਵਲ, ਬਿਜਲੀ ਅਤੇ ਜਨ ਸਿਹਤ ਵਿੰਗਾ ਵਿੱਚ ਕੰਮ ਕਰਦੇ ਮਾਲੀ ਕਮ ਚੌਕੀਦਾਰ, ਸੀਵਰਮੈਨ, ਪੰਪ ਅਪ੍ਰੇਟਰ, ਇਲੈਕਟ੍ਰੀਸ਼ਨ ਆਦਿ, ਜੋ ਪਿਛਲੇ 15-20 ਸਾਲਾਂ ਤੋਂ ਠੇਕੇਦਾਰਾਂ ਤੇ ਏਜੰਸੀਆਂ ਦੇ ਅਧੀਨ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ, ਪ੍ਰੰਤੂ ਇਨ੍ਹਾਂ ਨੂੰ ਤਨਖਾਹਾਂ ਬਹੁਤ ਹੀ ਨਿਗੂਣੀਆਂ ਦਿੱਤੀਆਂ ਜਾਂ ਰਹੀਆਂ ਹਨ। ਇਸ ਤੋਂ ਇਲਾਵਾ ਈ ਪੀ ਐਫ ਅਤੇ ਈ ਐਸ ਆਈ ਤੇ ਹੋਰ ਕਈ ਫੰਡ ਇਨ੍ਹਾਂ ਕੱਚੇ ਮੁਲਾਜ਼ਮਾਂ ਦੇ ਕੱਟੇ ਜਾਂਦੇ ਹਨ, ਪ੍ਰੰਤੂ ਇਨ੍ਹਾਂ ਫੰਡਾਂ ਅਨੁਸਾਰ ਕੱਚੇ ਮੁਲਾਜ਼ਮਾਂ ਨੂੰ ਕੋਈ ਲਾਭ ਨਹੀਂ ਮਿਲ ਰਿਹਾ। ਇਨ੍ਹਾਂ ਮੰਗਾਂ ਨੂੰ ਲੈ ਕੇ 28 ਜੂਨ 2023 ਨੂੰ ਮੁੱਖ ਦਫ਼ਤਰ ਮੁਹਾਲੀ ਵਿਖੇ ਮੰਡੀ ਬੋਰਡ ਦੇ ਚੇਅਰਮੈਨ ਅਤੇ ਕਲਾਸ ਫੋਰ ਜਥੇਬੰਦੀ ਦੇ ਆਗੂਆਂ ਦਰਮਿਆਨ ਮੀਟਿੰਗ ਵੀ ਹੋਈ ਸੀ। ਆਗੂਆਂ ਨੇ ਕਿਹਾ ਕਿ ਇਸ ਮੀਟਿੰਗ ਦੇ ਕਈ ਫ਼ੈਸਲੇ ਅਜੇ ਤੱਕ ਲਾਗੂ ਨਾ ਹੋਣ ਕਰਕੇ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। ਆਗੂਆਂ ਨੇ ਪੱਤਰ ਰਾਹੀਂ ਮੁੜ ਮੰਗ ਕੀਤੀ ਹੈ ਕਿ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕੀਤੇ ਜਾਣ, ਜੇਕਰ ਇਹ ਮਸਲੇ ਤੁਰੰਤ ਹੱਲ ਨਾ ਕੀਤੇ ਗਏ ਤਾਂ ਜਥੇਬੰਦੀ ਬੋਰਡ ਮੈਨੇਜਮੈਂਟ ਦੇ ਖਿਲਾਫ਼ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਵੇਗੀ।

ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਇਆ

ਜਲਾਲਾਬਾਦ (ਜੀਤ ਕੁਮਾਰ)-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਪਿੰਡ ਬੱਲੂਆਣਾ ਵਿਖੇ ਸਥਿਤ ਗੁਰੂ ਰਵਿਦਾਸ ਮੰਦਰ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਸ਼ੁੱਕਰਵਾਰ ਨੂੰ ਜਲਾਲਾਬਾਦ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ, ਜੋ ਪਿੰਡ ਬੱਲੂਆਣਾ ਦੇ ਗੁਰੂ ਰਵਿਦਾਸ ਮੰਦਰ ਤੋਂ ਅਰੰਭ ਹੋਇਆ ਤੇ ਇਸ ਦੇ ਬਾਅਦ ਇਹ ਨਗਰ ਕੀਰਤਨ ਦੇਵੀ ਦੁਆਰਾ ਮੰਦਰ ਤੋਂ ਵੱਖ ਵੱਖ ਬਜ਼ਾਰਾਂ ਵਿੱਚ ਪਹੁੰਚਾ। ਇਸ ਨਗਰ ਕੀਰਤਨ ਵਿੱਚ ਸੰਗਤਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ ਤੇ ਸੰਗਤਾਂ ਨੇ ਨੱਤ ਮਸਤਕ ਹੋ ਕੇ ਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਅੱਜ ਪਿੰਡ ਬੱਲੂਆਣਾ ਦੇ ਗੁਰੂ ਰਵਿਦਾਸ ਮੰਦਰ ਵਿਚ ਰੱਖੇ ਪਾਠਾਂ ਦੇ ਭੋਗ ਪਾਏ ਗਏ ਤੇ ਇਸ ਦੇ ਬਾਅਦ ਸੰਗਤਾਂ ਵਿਚ ਗੁਰੂ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਤੇ ਸਰਪੰਚ ਤਿਲਕ ਰਾਜ, ਖਜ਼ਾਨਚੀ ਜਸ ਰਾਜ, ਸੈਕਟਰੀ ਰਾਜੇਸ਼ ਕੁਮਾਰ, ਉਮ ਪ੍ਰਕਾਸ਼ ਸਮੇਤ ਵੱਡੀ ਗਿਣਤੀ ਵਿੱਚ ਪੱਤਵੰਤੇ ਮੌਜੂਦ ਸਨ।

ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਧਰਮਕੋਟ (ਗੁਰਦੀਪ ਸਿੰਘ ਭੁੱਲਰ)-ਸ੍ਰੀ ਗੁਰੂ ਰਵਿਦਾਸ ਸੋਸ਼ਲ ਐਂਡ ਵੈੱਲਫੇਅਰ ਸੁਸਾਇਟੀ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 647ਵੇਂ ਪ੍ਰਕਾਸ਼ ਦਿਹਾੜੇ ਮੌਕੇ ਗੁਰਦੁਆਰਾ ਦਸ਼ਮੇਸ਼ ਨਗਰ ਧਰਮਕੋਟ ਵਿੱਚ ਧਾਰਮਿਕ ਸਮਾਗਮ ਕਰਵਾਏ ਗਏ।ਇਸ ਮੌਕੇ

ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਕੀਰਤਨੀ ਜਥੇ ਕਾਕਾ ਨੂਰ ਵੱਲੋਂ ਗੁਰੂ ਜੀ ਦੀ ਮਹਿਮਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਸਮੂਹ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਮੁੱਖ ਸ਼ਖਸੀਅਤਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵੀ ਲਗਾਇਆ ਗਿਆ।ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਪਹੁੰਚ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੀਸ ਨਿਵਾ ਕੇ ਅਸ਼ੀਰਵਾਦ ਪ੍ਰਾਪਤ ਕੀਤਾ।

18,500 ਰੁਪਏ ਜਾਲ੍ਹੀ ਕਰੰਸੀ ਸਮੇਤ ਕਾਬੂ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਹਲਕਾ ਗੁਰੂ ਹਰਸਹਾਏ ਦੇ ਅਧੀਨ ਪੈਂਦੇ ਥਾਣਾ ਲੱਖੋ ਕੇ ਬਹਿਰਾਮ ਦੀ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹੱਥ ਲੱਗੀ, ਜਦ ਇੱਕ ਵਿਅਕਤੀ ਨੂੰ ਭਾਰਤੀ ਜਾਲ੍ਹੀ ਕਰੰਸੀ 18,500 ਦੇ ਨਾਲ ਕਾਬੂ ਕੀਤਾ ਗਿਆ ਹੈ। ਡੀ ਐੱਸ ਪੀ ਗੁਰੂ ਹਰਸਹਾਏ ਅਤੁਲ ਸੋਨੀ ਵੱਲੋਂ ਪ੍ਰੈੱਸ ਨਾਲ ਜਾਣਕਾਰੀ ਸਾਂਝਾ ਕਰਦੇ ਹੋਏ ਦੱਸਿਆ ਕਿ ਮਾਨਯੋਗ ਸੀਨੀਅਰ ਕਪਤਾਨ ਪੁਲਸ ਫਿਰੋਜ਼ਪੁਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਐੱਸ ਆਈ ਅਮਰੀਕ ਸਿੰਘ ਮੁੱਖ ਅਫਸਰ ਥਾਣਾ ਲੱਖੋ ਕੇ ਬਹਿਰਾਮ ਦੀ ਨਿਗਰਾਨੀ ਹੇਠ ਜ਼ਿਲ੍ਹਾ ਪੁਲਸ ਵੱਲੋਂ ਮਾੜੇ ਅਨਸਰਾਂ ਤੇ ਨਸ਼ਾ ਵੇਚਣ ਵਾਲੇ ਖਿਲਾਫ ਵਿੱਢੀ ਗਈ ਸਪੈਸ਼ਲ ਮੁਹਿੰਮ ਤਹਿਤ ਜ਼ਿਲ੍ਹਾ ਪੁਲਸ ਫਿਰੋਜ਼ਪੁਰ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਲ ਹੋਈ, ਜਦ ਐੱਸ ਆਈ ਅਮਰੀਕ ਸਿੰਘ ਮੁੱਖ ਅਫਸਰ ਥਾਣਾ ਲੱਖੋ ਕੇ ਬਹਿਰਾਮ 23 ਫਰਵਰੀ ਰਾਤ 9:30 ਵਜੇ ਦੇ ਕਰੀਬ ਪੁਲਸ ਪਾਰਟੀ ਦੇ ਨਾਲ ਗਸ਼ਤ ਵਾਂ ਚੈਕਿੰਗ ਤੇ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਲੱਖੋ ਕੇ ਬਹਿਰਾਮ ਮੌਜੂਦ ਸੀ ਤਾਂ ਪੁਲਸ ਪਾਰਟੀ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਬੇਗ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਸਰੀਹ ਵਾਲਾ ਸੈਦਾ, ਜੋ ਕਿ ਭੋਲੇ ਭਾਲੇ ਲੋਕਾਂ ਪਾਸਾਂ ਤੁਰ ਫਿਰ ਕੇ ਜਾਲ੍ਹੀ ਕਰੰਸੀ ਦੇ ਕੇ ਉਨ੍ਹਾਂ ਕੋਲੋਂ ਅਸਲ ਕਰੰਸੀ ਵਸੂਲ ਕੇ ਠੱਗੀ ਮਾਰਦਾ ਹੈ। ਅੱਜ ਵੀ ਆਪਣੇ ਮੋਟਰਸਾਈਕਲ ਸਪਲੈਂਡਰ ਨੰਬਰੀ ਪੀ ਬੀ 05 ਏ.ਪੀ 071 'ਤੇ ਸਵਾਰ ਹੋ ਕੇ ਪਿੰਡ ਸਰੀਹ ਵਾਲਾ ਤੋਂ ਲੱਖੋ ਕੇ ਬਹਿਰਾਮ ਨੂੰ ਆ ਰਿਹਾ ਹੈ, ਜਿਸ 'ਤੇ ਕਾਰਵਾਈ ਕਰਦਿਆਂ ਮੁਖਬਰੀ ਦੇ ਅਧਾਰ 'ਤੇ ਕਾਬੂ ਕਰਕੇ ਤਲਾਸ਼ੀ ਕਰਨ 'ਤੇ ਇਸ ਕੋਲੋਂ ਗਏ 18,500 ਰੁਪਏ ਜਾਲ੍ਹੀ ਕਰੰਸੀ ਭਾਰਤੀ ਨੋਟ ਬਰਾਮਦ ਹੋਏ ਹਨ। ਆਰੋਪੀ ਸੁਬੇਗ ਸਿੰਘ ਸਿੰਘ ਉਕਤ ਨੂੰ ਅੱਜ ਪੇਸ਼ ਅਦਾਲਤ ਕਰਕੇ ਪੁਲਸ ਰਿਮਾਂਡ ਹਾਸਲ ਕਰਦੇ ਹੋਏ, ਇਸ ਦੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ, ਜਿਸ ਤੋਂ ਹੋਰ ਸੁਰਾਗ ਲੱਗਣ ਦੇ ਆਸਾਰ ਹਨ।

ਸ਼ਹੀਦ ਊਧਮ ਸਿੰਘ ਕਾਂਸਟੀਚਿਊਟ ਕਾਲਜ 'ਚ ਸਾਲਾਨਾ ਐਥਲੈਟਿਕ ਮੀਟ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸ਼ਹੀਦ ਊਧਮ ਸਿੰਘ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਟ ਕਾਲਜ ਮੋਹਨ ਕੇ ਹਿਠਾੜ ਵਿਖੇ ਗਿਆਰਵੀਂ ਸਾਲਾਨਾ ਐਥਲੈਟਿਕ ਮੀਟ ਕਰਵਾਈ ਗਈ।ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਖੋਸਲਾ ਦੀ ਅਗਵਾਈ ਹੇਠ ਇਸ ਐਥਲੈਟਿਕ ਮੀਟ ਦੀ ਸ਼ੁਰੂਆਤ ਕੀਤੀ ਗਈ। ਇਸ ਸਮਾਰੋਹ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਸੁਖਵਿੰਦਰ ਸਿੰਘ ਕਾਕਾ ਕੰਬੋਜ ਬੀ ਜੇ ਪੀ ਜ਼ਿਲ੍ਹਾ ਪ੍ਰਧਾਨ ਫਾਜ਼ਿਲਕਾ, ਡਾ. ਇਕਬਾਲ ਸਿੰਘ ਸੰਧੂ ਪ੍ਰਿੰਸੀਪਲ ਨਿਹਾਲ ਸਿੰਘ ਵਾਲਾ, ਗੁਰਿੰਦਰਪਾਲ ਸਿੰਘ ਸ਼ਿਵ ਤਰਪਾਲ ਕੇ (ਵਾਇਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ), ਇਕਬਾਲ ਸਿੰਘ ਤਰਪਾਲ ਕੇ, ਸੰਦੀਪ ਜੁਨੇਜਾ ਪ੍ਰਧਾਨ ਬੀਜੇਪੀ, ਰਮਨੀਕ ਕੌਰ, ਅਮਰਜੀਤ ਕੌਰ ਬਰਾੜ, ਗੁਰਸੰਗੀਤ ਕੌਰ ਬਰਾੜ, ਸੁਖਬੀਰ ਕੌਰ ਬਰਾੜ ਹਾਜ਼ਰ ਹੋਏ।ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਖੋਸਲਾ ਨੇ ਉਨ੍ਹਾਂ ਦਾ ਹਾਰਦਿਕ ਸਵਾਗਤ ਕਰਦੇ ਹੋਏ ਵਿਦਿਆਰਥੀਆਂ ਨਾਲ ਜਾਣ-ਪਹਿਚਾਣ ਕਰਵਾਈ।ਇਸ ਤੋਂ ਇਲਾਵਾ ਇਸ ਕਾਲਜ ਦੀ ਸਥਾਪਨਾ ਲਈ ਜਿਨ੍ਹਾਂ ਗ੍ਰਾਮ ਪੰਚਾਇਤਾਂ ਤੇ ਮਹਾਨ ਸ਼ਖ਼ਸੀਅਤਾਂ ਨੇ ਆਪਣਾ ਯੋਗਦਾਨ ਦਿੱਤਾ ਸੀ, ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਬੁਲਾਇਆ ਗਿਆ ਤੇ ਕਾਲਜ ਆਉਣ 'ਤੇ ਸਨਮਾਨਤ ਵੀ ਕੀਤਾ ਗਿਆ।ਐਥਲੈਟਿਕ ਮੀਟ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਦੁਆਰਾ ਮਾਰਚ ਪਾਸਟ ਕੱਢਦੇ ਹੋਏ ਮੁੱਖ ਮਹਿਮਾਨਾਂ ਨੂੰ ਸਲਾਮੀ ਭੇਟ ਕੀਤੀ ਗਈ।ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋਫੈਸਰ ਡਾ. ਹਰਨਾਮ ਸਿੰਘ ਤੇ ਡਾ. ਅਜੇ ਕੁਮਾਰ ਵੱਲੋਂ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿ ਕੇ ਖੇਡਣ ਲਈ ਸਹੁੰ ਚੁਕਾਈ ਗਈ ਤੇ ਬਾਅਦ ਵਿੱਚ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ ਗਈ।ਇਸ ਐਥਲੈਟਿਕ ਮੀਟ ਵਿੱਚ ਲੜਕਿਆਂ 'ਚੋਂ ਬੈਸਟ ਐਥਲੀਟ ਸੌਰਵ ਬੀ ਏ ਭਾਗ ਪਹਿਲਾ ਤੇ ਲੜਕੀਆਂ 'ਚੋਂ ਮਮਤਾ ਬੀ ਏ ਭਾਗ ਦੂਜਾ ਨੂੰ ਬੈਸਟ ਐਥਲੀਟ ਚੁਣਿਆ ਗਿਆ। ਖੇਡ ਮੁਕਾਬਲੇ ਸਮਾਪਤ ਹੋਣ ਤੋਂ ਬਾਅਦ ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਖੋਸਲਾ ਨੇ ਵਿਦਿਆਰਥੀਆਂ ਨੂੰ ਸੰਬੋਧਤ ਕਰਦੇ ਹੋਏ ਉਨ੍ਹਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕੀਤ

26-FEB-PAGE-11-Majha-24.qxd 2/25/2024 10:06 PM Page 1

ਬਿਜਲੀ ਕਾਮੇ ਅੱਜ ਫੂਕਣਗੇ ਪਾਵਰ ਮੈਨੇਜਮੈਂਟ ਦੀ ਅਰਥੀ

ਤਰਨ ਤਾਰਨ (ਨਜ਼ਸ)—ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਪ੍ਰਤੀ ਅਪਣਾਏ ਅੱਖੜ ਰਵੱਈਏ ਖਿਲਾਫ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸਾਂਝੇ ਸੂਬਾ ਪੱਧਰੀ ਸੱਦੇ ਤੇ ਅੱਜ ਸਥਾਨਿਕ ਸਰਕਲ ਦੇ ਬਿਜਲੀ ਕਾਮੇ ਸਰਕਲ ਦਫਤਰ ਦੇ ਗੇਟ ਤੇ ਪਾਵਰ ਮੈਨੇਜਮੈਂਟ ਦੀ ਅਰਥੀ ਫੂਕਣ ਉਪਰੰਤ ਸ਼ਹਿਰ ਵਿੱਚ ਰੋਸ ਮਾਰਚ ਕਰਕੇ ਐੱਸਡੀਐੱਮ ਰਾਹੀਂ ਪਾਵਰ ਮੈਨੇਜਮੈਂਟ ਨੂੰ ਮੰਗ ਪੱਤਰ ਭੇਜ ਕੇ ਮੰਨੀਆਂ ਮੰਗਾਂ ਲਾਗੂ ਕਰਨ ਅਤੇ ਰਹਿੰਦੀਆਂ ਮੰਗਾਂ ਦੇ ਨਿਪਟਾਰੇ ਦੀ ਮੰਗ ਕਰਨਗੇ। ਇਸ ਸਬੰਧੀ ਸਾਂਝੇ ਤੌਰ 'ਤੇ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਸਾਂਝਾ ਫੋਰਮ ਅਤੇ ਏਕਤਾ ਮੰਚ ਦੇ ਆਗੂਆਂ ਪੂਰਨ ਦਾਸ, ਮੇਜਰ ਸਿੰਘ ਮੱਲੀਆਂ, ਅਵਤਾਰ ਸਿੰਘ ਕੈਰੋਂ, ਦਿਲਬਾਗ ਸਿੰਘ, ਗੁਰਭੇਜ ਸਿੰਘ ਨਾਗੋਕੇ, ਕੁਲਵੰਤ ਸਿੰਘ ਮੱਲੀਆਂ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਦਾ ਦਿਨ-ਰਾਤ ਕੰਮ ਕਰਨ ਵਾਲੇ ਕਰਮਚਾਰੀਆਂ ਪ੍ਰਤੀ ਰਵੱਈਆ ਬੇਹੱਦ ਰੁੱਖਾ ਹੈ ਕਿਉਂਕਿ ਵਿਭਾਗ ਵਿੱਚ ਹਜ਼ਾਰਾਂ ਅਸਾਮੀਆਂ ਖਾਲੀ ਹੋਣ ਦੇ ਬਾਵਜੂਦ ਨਵੀਂ ਭਰਤੀ ਨਾ ਮਾਤਰ ਕੀਤੀ ਜਾ ਰਹੀ ਹੈ ਜਿਸ ਦੀ ਵਜ੍ਹਾ ਕਰਕੇ ਮੌਜੂਦਾ ਕਾਮਿਆਂ ਤੇ ਕੰਮ ਦਾ ਭਾਰ ਲਗਾਤਾਰ ਵੱਧਦਾ ਜਾ ਰਿਹਾ ਹੈ। ਇਸ ਅਣਮਨੁੱਖੀ ਵਰਤਾਰੇ ਦੇ ਚਲਦਿਆਂ ਕਰਮਚਾਰੀ ਸਵੇਇੱਛਤ ਰਿਟਾਇਰਮੈਂਟ ਲੈ ਕੇ ਘਰਾਂ ਨੂੰ ਜਾ ਰਹੇ ਹਨ। ਇਸੇ ਤਰ੍ਹਾਂ ਮੰਨੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ, 295/19 ਰਾਹੀਂ ਭਰਤੀ ਕੀਤੇ ਸਹਾਇਕ ਲਾਈਨਮੈਨਾਂ ਦਾ ਮਾਣਯੋਗ ਹਾਈਕੋਰਟ ਵਿੱਚ ਚਲ ਰਹੇ ਕੋਰਟ ਕੇਸ ਦੀ ਆੜ ਹੇਠ ਲਗਾਤਾਰ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੈਨੇਜਮੈਂਟ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਅੱਜ ਦੇ ਰੋਸ ਪ੍ਰਦਰਸ਼ਨ ਵਿੱਚ ਬਿਜਲੀ ਕਾਮੇ ਆਪਣੀ ਆਵਾਜ਼ ਬੁਲੰਦ ਕਰਨਗੇ। ਆਗੂਆਂ ਨੇ ਕਿਹਾ ਕਿ ਅੱਜ ਦੇ ਰੋਸ ਪ੍ਰਦਰਸ਼ਨ ਨੂੰ ਵੱਖ ਵੱਖ ਜਥੇਬੰਦੀਆਂ ਦੇ ਸੂਬਾਈ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਭੇਜ ਸਿੰਘ ਢਿੱਲੋਂ, ਲਖਵੰਤ ਸਿੰਘ ਦਿਉਲ, ਬਲਜਿੰਦਰ ਕੌਰ, ਮਨਜੀਤ ਸਿੰਘ ਬਾਹਮਣੀ ਵਾਲਾ ਆਦਿ ਵੀ ਸੰਬੋਧਨ ਕਰਨਗੇ।

ਪੁਲਸ ਵਿਭਾਗ ਨੇ ਖੇਡ ਟੂਰਨਾਮੈਂਟ ਕਰਵਾ ਕੇ ਨੌਜਵਾਨਾਂ ਨੂੰ ਰੰਗਲਾ ਪੰਜਾਬ ਸਿਰਜਣ ਦਾ ਦਿੱਤਾ ਸੁਨੇਹਾ

* ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਮਾਗਮ ਦੀ ਕੀਤੀ ਪ੍ਰਧਾਨਗੀ

ਗੁਰਦਾਸਪੁਰ (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਅਤੇ ਸਪੈਸ਼ਲ ਡਾਇਰੈਕਟਰ ਜਨਰਲ ਪੁਲਸ, ਐੱਸਟੀਐੱਫ., ਪੰਜਾਬ ਵੱਲੋਂ ਪ੍ਰਾਪਤ ਹਦਾਇਤਾਂ ਅਤੇ ਨਸ਼ਿਆਂ ਦੇ ਖਿਲਾਫ ਆਮ ਜਨਤਾ ਅਤੇ ਨੌਜਵਾਨਾਂ ਨੂੰ ਜਾਗਰੂਕ ਕਰਨ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਬਾਹਰ ਕੱਢਣ ਲਈ ਜਾਰੀ 'ਨਿਸਚੇ ਅਭਿਆਨ' ਤਹਿਤ ਜ਼ਿਲ੍ਹਾ ਪੁਲਸ ਗੁਰਦਾਸਪੁਰ ਵੱਲੋਂ ਸੀਨੀਅਰ ਪੁਲਸ ਕਪਤਾਨ ਗੁਰਦਾਸਪੁਰ ਹਰੀਸ਼ ਦਾਯਮਾ ਦੀ ਚੇਅਰਮੈਨਸ਼ਿਪ ਵਿੱਚ ਇੱਕ ਟੂਰਨਾਮੈਂਟ ਪ੍ਰੋਗਰਾਮ ਦਾ ਆਯੋਜਨ ਸਰਕਾਰੀ ਕਾਲਜ, ਗੁਰਦਾਸਪੁਰ ਦੀ ਹਾਕੀ ਗਰਾਊਂਡ ਵਿੱਚ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਸੂਬੇ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਤੋਂ ਇਲਾਵਾ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੰਜਾਬ ਹੈਲਥ ਸਿਸਟਮਜ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਸ਼ਮਸ਼ੇਰ ਸਿੰਘ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਪਬਲਿਕ ਨੁਮਾਇੰਦਿਆਂ, ਨੌਜਵਾਨਾਂ, ਵੱਖ-ਵੱਖ ਸਕੂਲਾਂ-ਕਾਲਜਾਂ ਦੇ ਵਿਦਿਆਰਥੀਆਂ ਨੇ ਵੀ ਭਾਗ ਲਿਆ। ਕਬੱਡੀ, ਜਮਨਾਸਟਿਕ, ਫੁੱਟਬਾਲ ਮੈਚ, ਜੂਡੋ, ਰੱਸਾ-ਕੱਸੀ, ਗਿੱਧਾ, ਭੰਗੜਾ, ਕਲਚਰ ਅਤੇ ਫਨ ਐਕਟੀਵਿਟੀ ਆਦਿ ਪ੍ਰੋਗਰਾਮ ਕਰਵਾਏ ਗਏ। ਇਸ ਮੌਕੇ ਅਨਮੋਲ ਕਲਿਆਣ ਨੇ ਸਰੋਤਿਆਂ ਦਾ ਮਨੋਰੰਜਨ ਕੀਤਾ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਲੋਕਾਂ ਦੇ ਸਹਿਯੋਗ ਨਾਲ ਵਿਸ਼ੇਸ਼ ਮੁਹਿੰਮ ਚਲਾ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲਸ ਵਿਭਾਗ ਵੱਲੋਂ ਵੀ ਇਨ੍ਹਾਂ ਯਤਨਾਂ ਤਹਿਤ ਇਹ ਪ੍ਰੋਗਰਾਮ ਕਰਵਾਇਆ ਗਿਆ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ਿਆਂ ਦੀ ਬੁਰਾਈ ਤੋਂ ਦੂਰ ਰਹਿ ਕੇ 'ਰੰਗਲਾ ਪੰਜਾਬ' ਬਣਾਉਣ ਦੀ ਮੁਹਿੰਮ ਵਿੱਚ ਆਪਣਾ ਸਾਥ ਦੇਣ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਵੀ ਪੁਲਸ ਵਿਭਾਗ ਵੱਲੋਂ ਚਲਾਈ ਜਾ ਰਹੇ ਮਿਸ਼ਨ ਨਿਸਚੇ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਚਲਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ ਅਤੇ ਕਿਹਾ ਕਿ ਨੌਜਵਾਨਾਂ ਨੂੰ ਆਪਣਾ ਰੋਜ਼ਗਾਰ ਸ਼ੁਰੂ ਕਰਨ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਤਰ੍ਹਾਂ ਦੀ ਸਹਾਇਤਾ ਕੀਤੀ ਜਾਵੇਗੀ। ਚੇਅਰਮੈਨ ਬਹਿਲ ਅਤੇ ਆਪ ਆਗੂ ਸ਼ਮਸ਼ੇਰ ਸਿੰਘ ਨੇ ਵੀ ਮਿਸ਼ਨ ਸ਼ਲਾਘਾ ਕੀਤੀ। ਇਸ ਮੌਕੇ ਐੱਸਐੱਸਪੀ ਗੁਰਦਾਸਪੁਰ ਹਰੀਸ਼ ਦਾਯਮਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਪੁਲਸ ਵਿਭਾਗ ਨਸ਼ਿਆਂ ਨੂੰ ਖਤਮ ਕਰਨ ਲਈ ਵਚਨਬੱਧ ਹੈ।

ਹਸਪਤਾਲ ਸਾਹਮਣਿਓਂ ਮੋਟਰਸਾਈਕਲ ਚੋਰੀ, ਪੁਲਸ ਨੇ ਦਰਖਾਸਤ ਲੈਣ ਤੋਂ ਕੀਤਾ ਇਨਕਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਦੇ ਇੱਕ ਨਿੱਜੀ ਹਸਪਤਾਲ ਅੱਗੇ ਖੜ੍ਹਾ ਮੋਟਰਸਾਈਕਲ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਤਰਸੇਮ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਹੂਵਿੰਡ ਨੇ ਦੱਸਿਆ ਕਿ ਬੀਤੀ 22 ਫਰਵਰੀ ਨੂੰ ਉਹ ਆਪਣਾ ਟੀਵੀਐੱਸ ਮੋਟਰਸਾਈਕਲ ਭਿੱਖੀਵਿੰਡ ਦੇ ਇੱਕ ਨਿੱਜੀ ਹਸਪਤਾਲ ਸਾਹਮਣੇ ਖੜ੍ਹਾ ਕਰਕੇ ਕਿਸੇ ਰਿਸ਼ਤੇਦਾਰ ਦਾ ਹਾਲਚਾਲ ਪੁੱਛਣ ਲਈ ਹਸਪਤਾਲ ਅੰਦਰ ਗਿਆ ਤਾਂ ਪਿਛੋਂ ਚੋਰ ਉਸ ਦਾ ਮੋਟਰਸਾਈਕਲ ਚੋਰੀ ਕਰਕੇ ਰਫੂ ਚੱਕਰ ਹੋ ਗਏ। ਤਰਸੇਮ ਸਿੰਘ ਨੇ ਦੱਸਿਆ ਕਿ ਚੋਰੀ ਦੀ ਵਾਰਦਾਤ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ ਹੈ। ਤਰਸੇਮ ਸਿੰਘ ਨੇ ਦੱਸਿਆ ਕਿ ਚੋਰੀ ਹੋਇਆ ਮੋਟਰਸਾਈਕਲ ਉਸ ਨੇ ਆਪਣੇ ਪਿਤਾ ਜਗਜੀਤ ਸਿੰਘ ਦੇ ਨਾਂਅ 'ਤੇ ਏਜੰਸੀ ਤੋਂ ਖਰੀਦਿਆ ਸੀ, ਪ੍ਰੰਤੂ ਉਸ ਤੋਂ ਬਾਅਦ ਏਜੰਸੀ ਦਾ ਮਾਲਕ ਵਿਦੇਸ਼ ਚਲਾ ਗਿਆ, ਜਿਸ ਕਾਰਨ ਮੋਟਰਸਾਈਕਲ ਦੀ ਆਰਸੀ ਨਹੀਂ ਬਣ ਸਕੀ ਅਤੇ ਚੋਰ ਮੋਟਰਸਾਈਕਲ ਉੱਪਰ ਨੰਬਰ ਨਾ ਲੱਗਾ ਹੋਣ ਦਾ ਫਾਇਦਾ ਚੁੱਕ ਕੇ ਮੋਟਰਸਾਈਕਲ ਚੋਰੀ ਕਰਕੇ ਲੈ ਗਿਆ। ਇਸ ਮੌਕੇ ਤਰਸੇਮ ਸਿੰਘ ਨੇ ਦੱਸਿਆ ਕਿ ਉਹ ਇਸ ਮਾਮਲੇ ਸੰਬੰਧੀ ਦਰਖਾਸਤ ਦੇਣ ਲਈ ਥਾਣਾ ਭਿੱਖੀਵਿੰਡ ਵਿਖੇ ਗਿਆ ਸੀ, ਪ੍ਰੰਤੂ ਪੁਲਸ ਵਾਲਿਆਂ ਨੇ ਉਸ ਦੀ ਦਰਖਾਸਤ ਲੈਣ ਤੋਂ ਇਨਕਾਰ ਕਰ ਦਿੱਤਾ। ਤਰਸੇਮ ਸਿੰਘ ਨੇ ਦੱਸਿਆ ਕਿ ਜਿਸ ਵਿਅਕਤੀ ਨੇ ਉਸ ਦਾ ਮੋਟਰਸਾਈਕਲ ਚੋਰੀ ਕੀਤਾ ਹੈ ਉਸਦੀ ਪਤਨੀ ਹਸਪਤਾਲ ਦੇ ਡਾਕਟਰ ਦੀ ਰੋਟੀ ਪਕਾਉਂਦੀ ਹੈ। ਪੀੜਤ ਦਾ ਕਹਿਣਾ ਸੀ ਕਿ ਉਸ ਨੇ ਇਸ ਮਾਮਲੇ ਸੰਬੰਧੀ ਹਸਪਤਾਲ ਦੇ ਡਾਕਟਰ ਨੂੰ ਵੀ ਜਾਣੂ ਕਰਵਾਇਆ ਹੈ,ਪ੍ਰੰਤੂ ਹਸਪਤਾਲ ਦਾ ਡਾਕਟਰ ਤੇ ਪੁਲਸ ਉਸ ਦੀ ਗੱਲ ਸੁਣਨ ਨੂੰ ਤਿਆਰ ਨਹੀਂ। ਇਸ ਮੌਕੇ ਤਰਸੇਮ ਸਿੰਘ ਨੇ ਐੱਸਐੱਸਪੀ ਤਰਨ ਤਾਰਨ ਤੇ ਡੀਐੱਸਪੀ ਭਿੱਖੀਵਿੰਡ ਪਾਸੋਂ ਉਕਤ ਚੋਰ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਉਸ ਦਾ ਮੋਟਰਸਾਈਕਲ ਵਾਪਸ ਦਿਵਾਉਣ ਦੀ ਮੰਗ ਕੀਤੀ ਹੈ।

ਲਿਟਰੇਚਰ ਫੈਸਟੀਵਲ ਦੇ ਦੂਜੇ ਦਿਨ ਸੁਰਜੀਤ ਪਾਤਰ ਨੇ ਸਮਾਗਮ ਨੂੰ ਲਾਏ ਚਾਰ ਚੰਨ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਰੰਗਲਾ ਪੰਜਾਬ, ਇਸ ਖੇਤਰ ਦਾ ਸਭ ਤੋਂ ਵੱਡਾ ਸੱਭਿਆਚਾਰਕ ਮੇਲਾ, ਜੋਕਿ ਸਾਹਿਤ, ਭੋਜਨ, ਸੰਗੀਤ, ਬਹਾਦਰੀ ਅਤੇ ਪੰਜਾਬ ਦੇ ਆਪਣੇ ਸੇਵਾ ਭਾਵਨਾ ਦੇ ਅਣਗਿਣਤ ਰੰਗਾਂ ਨੂੰ ਪ੍ਰਦਰਸ਼ਿਤ ਕਰਦੇ ਹੋਏ ਹਰ ਉਮਰ ਦੇ ਦਰਸ਼ਕਾਂ ਨੂੰ ਖਿੱਚ ਰਿਹਾ ਹੈ।

ਵੱਖ-ਵੱਖ ਸਥਾਨਾਂ ਉੱਤੇ ਹੋ ਰਹੇ ਸਮਾਗਮ ਪੰਜਾਬ ਦੇ ਵੱਖ-ਵੱਖ ਪਹਿਲੂਆਂ ਨੂੰ ਉਜਾਗਰ ਕਰ ਰਹੇ ਹਨ। ਇਸੇ ਦੌਰਾਨ ਪਾਰਟੀਸਨ ਮਿਊਜ਼ੀਅਮ ਵਿਖੇ ਲਿਟਰੇਚਰ ਫੈਸਟੀਵਲ ਦੇ ਪਹਿਲੇ ਦਿਨ ਦੀ ਸ਼ਾਨਦਾਰ ਸਫਲਤਾ ਤੋਂ ਬਾਅਦ ਦੂਜਾ ਅਤੇ ਆਖਰੀ ਦਿਨ ਵੀ ਸਾਹਿਤਕ ਮੇਲਾ ਕਰਵਾਇਆ ਗਿਆ। ਇਸ ਮੌਕੇ ਪੰਜਾਬੀ ਦੇ ਪ੍ਰਸਿੱਧ ਕਵੀ ਪਦਮਸ਼੍ਰੀ ਨਾਲ ਸਨਮਾਨਿਤ ਡਾ. ਸੁਰਜੀਤ ਪਾਤਰ ਅਤੇ ਪ੍ਰੋਫੈਸਰ ਸਰਬਜੋਤ ਸਿੰਘ ਬਹਿਲ, ਜੋ ਕਿ ਅਕਾਦਮਿਕ ਅਤੇ ਕਵਿਤਾ ਦੇ ਸ਼ੌਕੀਨ ਇੱਕ ਆਰਕੀਟੈਕਟ ਹਨ, ਵਿਚਕਾਰ ਇੱਕ ਸਪੌਂਲ ਬਾਊਂਡਿੰਗ ਸੈਸ਼ਨ ਹੋਇਆ।

ਦੂਜੇ ਸੈਸ਼ਨ ਵਿੱਚ ਸੀਮਾ ਕੋਹਲੀ, ਇੱਕ ਪ੍ਰਯੋਗਾਤਮਕ ਬਹੁ-ਅਨੁਸ਼ਾਸਨੀ ਕਲਾਕਾਰ, ਕਲਾ ਦੇ ਉਦਯੋਗਪਤੀ ਅਤੇ ਟੀਮ ਵਰਕ ਆਰਟਸ ਦੇ ਮੈਨੇਜਿੰਗ ਡਾਇਰੈਕਟਰ ਸੰਜੇਏ ਕੇ. ਰਾਏ ਨਾਲ ਇੱਕ ਮਜ਼ੇਦਾਰ ਗੱਲਬਾਤ ਹੋਈ। ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਦੁਆਰਾ ਇਨ੍ਹਾਂ ਸਾਹਿਤ ਮਾਹਿਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਉਨ੍ਹਾਂ ਦੀ ਹਾਜ਼ਰੀ ਨਾਲ ਸਾਹਿਤ ਉਤਸਵ ਨੂੰ ਹੋਰ ਵੀ ਚਾਰ ਚੰਨ ਲਗ ਗਏ। ਇਨ੍ਹਾਂ ਸੈਸ਼ਨਾਂ ਤੋਂ ਬਾਅਦ ਦਰਸ਼ਕਾਂ ਨੂੰ ਪੇਸ਼ੇਵਾਰ ਕਹਾਣੀਕਾਰਾਂ ਦੁਆਰਾ ਸੁਣਾਈਆਂ ਦਿਲਚਸਪ ਕਹਾਣੀਆਂ ਦੇ ਨਾਲ ਅੰਮ੍ਰਿਤਸਰ ਦੇ ਕੰਧਾਂ ਵਾਲੇ ਸ਼ਹਿਰ ਵਿੱਚ ਇੱਕ ਮਾਰਗਦਰਸ਼ਨ ਟੂਰ ਲਈ ਕਰਵਾਇਆ ਗਿਆ ਜੋ ਸ਼ਹਿਰ ਦੇ ਇਤਿਹਾਸ ਨੂੰ ਜਾਣਨ ਲਈ ਵੱਡਾ ਸਰੋਤ ਬਣਿਆ। ਖਾਲਸਾ ਕਾਲਜ ਦੇ ਨੌਜਵਾਨਾਂ ਦੁਆਰਾ ਪ੍ਰੇਰਨਾਦਾਇਕ ਨਾਟਕ ਪੇਸ਼ ਕੀਤਾ ਗਿਆ ਜਿਸ ਨੇ ਪੰਜਾਬ ਅਤੇ ਅੰਮ੍ਰਿਤਸਰ ਦੇ ਸ਼ਾਨਦਾਰ ਵਿਰਸੇ ਅਤੇ ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਸਾਰੇ ਦਰਸ਼ਕਾਂ ਦੇ ਦਿਲਾਂ ਵਿੱਚ ਮਾਣ ਪੈਦਾ ਕੀਤਾ।

ਕੰਬੋ ਢਾਏਵਾਲਾ ਵਿਖੇ ਜਮਹੂਰੀ ਕਿਸਾਨ ਸਭਾ ਇਕਾਈ ਦਾ ਗਠਨ

ਚੋਹਲਾ ਸਾਹਿਬ (ਰਮਨ ਚੱਢਾ)—ਜਗਤਾਰ ਸਿੰਘ ਉਪਲ ਦੀ ਅਗਵਾਈ ਵਿੱਚ ਪਿੰਡ ਕੰਬੋ ਢਾਏਵਾਲਾ ਵਿਖੇ ਕਿਸਾਨਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੀਨੀਅਰ ਆਗੂ ਪ੍ਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ, ਕੈਸ਼ੀਅਰ ਫੈਲੋਕੇ ਨੇ ਸਾਂਝੇ ਸੁਰ ਵਿੱਚ ਦੱਸਿਆ ਕਿ ਮੋਦੀ ਸਰਕਾਰ ਦਿੱਲੀ ਅੰਦੋਲਨ ਮੌਕੇ ਕਾਲੇ ਕਾਨੂੰਨ ਵਾਪਸ ਲੈਣ ਤੋਂ ਇਲਾਵਾ ਫਸਲਾਂ ਉਪਰ ਐੱਮਐੱਸਪੀ ਤੇ ਖਰੀਦ ਦੀ ਗਰੰਟੀ ਦੇਣ ਦਾ ਵਾਅਦਾ ਵੀ ਕੀਤਾ ਸੀ ਤੇ ਵਾਅਦਾ ਪੂਰਾ ਨਹੀਂ ਕੀਤਾ ਤੇ ਹੁਣ ਮੋਦੀ ਸਰਕਾਰ ਦੀ ਸ਼ਹਿ ਤੇ ਹਰਿਆਣਾ ਸਰਕਾਰ ਹੱਕ ਮੰਗਦੇ ਕਿਸਾਨਾਂ ਦੇ ਰਸਤੇ ਰੋਕ ਕੇ ਕਤਲੋਗਾਰਤ ਕਰ ਰਹੀ ਹੈ ਜੋ ਬਰਦਾਸ਼ਤ ਤੋਂ ਬਾਹਰ ਹੈ। ਸੰਯੁਕਤ ਕਿਸਾਨ ਮੋਰਚਾ ਡਟ ਕੇ ਇਸ ਜ਼ਾਲਮਾਨਾ ਕਾਰਵਾਈ ਦੀ ਨਿੰਦਾ ਕਰਦਾ। ਹਰਭਜਨ ਸਿੰਘ ਚੂਸਲੇਵੜ ਨੇ ਕਿਹਾ ਕਿ ਕੱਲ੍ਹ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਕਿਸਾਨੀ ਮੰਗਾਂ ਨੂੰ ਲੈ ਕੇ ਤੇ ਕਿਸਾਨਾਂ ਤੇ ਹੋ ਰਹੇ ਜ਼ੁਲਮ ਤੇ ਮੌਲਿਕ ਅਧਿਕਾਰਾਂ ਦੇ ਕੀਤੇ ਜਾ ਰਹੇ ਘਾਣ ਦੇ ਰੋਸ ਵਜੋਂ ਨੈਸ਼ਨਲ ਹਾਈਵੇ 54 ਤੇ ਵੱਡੀ ਗਿਣਤੀ ਵਿੱਚ ਟਰੈਕਟਰ ਮਾਰਚ ਕੀਤਾ ਜਾਵੇਗਾ। ਇਸ ਮੌਕੇ ਸਰਬਸੰਮਤੀ ਨਾਲ ਪਿੰਡ ਦੀ ਜਮਹੂਰੀ ਕਿਸਾਨ ਸਭਾ ਦੀ ਇਕਾਈ ਦੀ ਚੋਣ ਪ੍ਰਧਾਨ ਜਸਬੀਰ ਸਿੰਘ ਬੱਬਾ, ਮੀਤ ਪ੍ਰਧਾਨ ਸ਼ਮਸ਼ੇਰ ਸਿੰਘ, ਸਕੱਤਰ ਦਵਿੰਦਰ ਸਿੰਘ, ਸਹਾਇਕ ਸਕੱਤਰ ਜਗਦੇਵ ਸਿੰਘ, ਕੈਸ਼ੀਅਰ ਸ਼ਿੰਗਾਰਾ ਸਿੰਘ ਉਪਲ, ਪ੍ਰੈੱਸ ਸਕੱਤਰ ਕਸਮੀਰ ਸਿੰਘ ਨੰਬਰਦਾਰ, ਸਹਾਇਕ ਸਕੱਤਰ ਜਗਤਾਰ ਸਿੰਘ ਡੀਪੂ ਵਾਲੇ, ਮੀਤ ਪ੍ਰਧਾਨ ਗੁਰਵਿੰਦਰ ਸਿੰਘ ਤੇ ਮੁਖਤਿਆਰ ਸਿੰਘ, ਦਵਿੰਦਰ ਸਿੰਘ, ਸੁਖਵਿੰਦਰ ਸਿੰਘ, ਨਿਸ਼ਾਨ ਸਿੰਘ, ਸੋਨੀ, ਸੁਖਵਿੰਦਰ ਸਿੰਘ ਸੰਧੂ, ਮੁਖਤਿਆਰ ਸਿੰਘ ਸੰਧੂ, ਹਰਜਿੰਦਰ ਸਿੰਘ, ਸ਼ਮਸ਼ੇਰ ਸਿੰਘ ਸ਼ੇਰੂ ਆਦਿ ਸਭਾ ਦੇ ਵਰਕਿੰਗ ਕਮੇਟੀ ਮੈਂਬਰ ਚੁਣੇ ਗਏ। ਸਭ ਨੇ ਗੁਰਦੁਆਰਾ ਸਾਹਿਬ ਵਿਖੇ ਜਮਹੂਰੀ ਕਿਸਾਨ ਸਭਾ ਦੀ ਤਰੱਕੀ ਲਈ ਤੇ ਇਸ ਦੇ ਪ੍ਰੋਗਰਾਮਾਂ ਨੂੰ ਤਨਦੇਹੀ ਨਾਲ ਨਿਭਾਉਣ ਦਾ ਪ੍ਰਣ ਕੀਤਾ। ਇਸ ਮੌਕੇ ਜਗੀਰ ਸਿੰਘ ਗੰਡੀਵਿੰਡ, ਦਿਲਬਾਗ ਸਿੰਘ ਤੇ ਸੁਖਦੇਵ ਸਿੰਘ ਮਹਰਾਣ

26-FEB-PAGE-12.qxd 2/25/2024 9:56 PM Page 1

ਨਰੇਗਾ ਮਜ਼ਦੂਰਾਂ ਦੀ ਉਜਰਤ ਦੇ ਬਕਾਏ ਨਾ ਮਿਲਣ ਵਿਰੁੱਧ ਸੰਘਰਸ਼ ਵਿੱਢਾਂਗੇ : ਮਾੜੀਮੇਘਾ

ਭਿੱਖੀਵਿੰਡ (ਨਜ਼ਸ)—ਸੀਪੀਆਈ ਬਲਾਕ ਭਿੱਖੀਵਿੰਡ ਵੱਲੋਂ ਆਪਣੇ ਕਾਡਰ ਨੂੰ ਮੋਦੀ ਸਰਕਾਰ ਦੀ ਲੋਕ ਵਿਰੋਧੀ ਨੀਤੀ ਵਿਰੁੱਧ ਜਾਗਰੂਕ ਕਰਨ ਦੀ ਮੁਹਿੰਮ ਤਹਿਤ ਅਲਗੋਂ ਅੱਡਾ, ਭਾਈ ਲੱਧੂ ਕਲਾਂ ਤੇ ਕਲਸੀਆਂ ਕਲਾਂ ਪਿੰਡਾਂ ਵਿੱਚ ਜਨਰਲ ਬਾਡੀ ਮੀਟਿੰਗਾਂ ਕੀਤੀਆਂ ਗਈਆਂ ਜਿਸ ਵਿੱਚ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਵਰਕਰ ਵੀ ਸ਼ਾਮਲ ਹੋਏ। ਇਸ ਮੁਹਿੰਮ ਦੌਰਾਨ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦੀ ਨੀਤੀ ਇਕੱਲਾ ਦੇਸ਼ ਵਾਸੀਆਂ ਨੂੰ ਲੁੱਟਣਾ ਹੀ ਨਹੀਂ ਹੈ ਸਗੋਂ ਦੇਸ਼ ਦੇ ਕੁਦਰਤੀ ਸੋਮੇ ਕਾਰਪੋਰੇਟ ਘਰਾਣਿਆਂ ਨੂੰ ਵੇਚਣਾ ਹੈ। ਇਸੇ ਨੀਤੀ ਤਹਿਤ ਕਿਸਾਨੀ ਕਾਰਜ ਉਜਾੜ ਕੇ ਕਿਸਾਨਾਂ ਨੂੰ ਜ਼ਮੀਨ ਵੇਚਣ ਵਾਸਤੇ ਮਜਬੂਰ ਕੀਤਾ ਜਾ ਰਿਹਾ। ਫਸਲਾਂ ਖਰੀਦਣ ਦੇ ਲਈ ਐੱਮਐੱਸਪੀ ਹਰੇਕ ਫਸਲ ਤੇ ਲਾਗੂ ਨਾ ਕਰਨਾ ਇਸ ਦੀ ਮਿਸਾਲ ਹੈ। ਕਿਸਾਨ ਐੱਮਐੱਸਪੀ ਪੂਰਨ ਰੂਪ ਵਿੱਚ ਲਾਗੂ ਕਰਵਾਉਣ ਲਈ ਸੰਘਰਸ਼ ਕਰ ਰਿਹਾ ਹੈ। ਮਾੜੀਮੇਘਾ ਨੇ ਕਿਹਾ ਕਿ ਕਮਿਊਨਿਸਟਾਂ ਨੇ ਲੰਬੇ ਤੇ ਸਿਰੜੀ ਸੰਘਰਸ਼ ਤੋਂ ਬਾਅਦ ਕਾਂਗਰਸ ਦੀ ਹਕੂਮਤ ਤੋਂ ਨਰੇਗਾ ਕਾਨੂੰਨ ਬਣਵਾਇਆ ਸੀ ਜਿਸ ਰਾਹੀਂ ਪਿੰਡਾਂ ਦੇ ਲੋਕਾਂ ਨੂੰ ਸਾਲ ਵਿੱਚ 100 ਦਿਨ ਕੰਮ ਲੈਣ ਦੀ ਗਾਰੰਟੀ ਹੈ।

ਇਹ ਕਾਨੂੰਨ ਮੋਦੀ ਦੀ ਹਕੂਮਤ ਖਤਮ ਕਰਨ ਦੇ ਰਾਹ ਤੁਰੀ ਹੈ। ਨਰੇਗਾ ਦਾ ਹਰ ਸਾਲ ਬਜਟ ਘਟਾਇਆ ਜਾ ਰਿਹਾ ਹੈ। ਅਫਸਰਸ਼ਾਹੀ ਇਸ ਕਾਨੂੰਨ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਨਹੀਂ ਕਰ ਰਹੀ। ਸਰਕਾਰ ਨਵੰਬਰ 2023 ਤੋਂ ਕੀਤੇ ਹੋਏ ਕੰਮਾਂ ਦੇ ਨਰੇਗਾ ਕਾਮਿਆਂ ਦੇ ਖਾਤਿਆਂ ਵਿੱਚ ਪੈਸੇ ਨਹੀਂ ਪਾਏ ਜਾ ਰਹੇ। ਸੀਪੀਆਈ ਨਰੇਗਾ ਕਾਮਿਆਂ ਦੇ ਪੈਸੇ ਖਾਤਿਆਂ ਵਿਚ ਪਵਾਉਣ ਲਈ ਮਾਰਚ ਦੇ ਦੂਜੇ ਹਫਤੇ ਭਿੱਖੀਵਿੰਡ ਬਲਾਕ ਅੱਗੇ ਪ੍ਰਦਰਸ਼ਨ ਆਰੰਭ ਕਰੇਗੀ। ਮੀਟਿੰਗਾਂ ਨੂੰ ਸੀਪੀਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ, ਬਲਜਿੰਦਰ ਕੌਰ ਅਲਗੋਂ, ਟਹਿਲ ਸਿੰਘ ਲੱਧੂ, ਬਿੰਦੋ ਤੇ ਮਨਪ੍ਰੀਤ ਕੌਰ ਕਲਸੀਆਂ ਨੇ ਵੀ ਸੰਬੋਧਨ ਕੀਤਾ।

ਸ਼੍ਰੋਮਣੀ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਗੁਰਮਤਿ ਸਮਾਗਮ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤੇਜਿੰਦਰ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਅਰਦਾਸ ਭਾਈ ਸਲਵਿੰਦਰ ਸਿੰਘ ਨੇ ਕੀਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸੰਗਤ ਨੂੰ ਪਾਵਨ ਹੁਕਮਨਾਮਾ ਸਰਵਣ ਕਰਵਾਇਆ। ਉਨ੍ਹਾਂ ਭਗਤ ਰਵਿਦਾਸ ਜੀ ਦੇ ਜੀਵਨ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭਗਤ ਜੀ ਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਪਾਵਨ ਬਾਣੀ ਅਕਾਲ ਪੁਰਖ ਦੀ ਭਗਤੀ ਦੀ ਪ੍ਰੇਰਣਾ ਦੇਣ ਦੇ ਨਾਲ-ਨਾਲ ਸਰਬ-ਸਾਂਝੀਵਾਲਤਾ ਦੀ ਗੱਲ ਕਰਦੀ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਨੇ ਬਾਣੀ ਅੰਦਰ ਪਰਮਾਤਮਾ ਨਾਲ ਜੁੜਨ ਦਾ ਰਸਤਾ ਦਿਖਾਇਆ। ਉਨ੍ਹਾਂ ਸੰਗਤ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸਜਾਏ ਗਏ ਧਾਰਮਿਕ ਦੀਵਾਨ ਵਿਚ ਢਾਡੀ, ਕਵੀਸ਼ਰ ਜਥਿਆਂ ਵੱਲੋਂ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਚੀਫ ਅਕਾਊਂਟੈਂਟ ਸ. ਮਿਲਖਾ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਨਿਸ਼ਾਨ ਸਿੰਘ ਜੱਫਰਵਾਲ, ਬਿਕਰਮਜੀਤ ਸਿੰਘ, ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਸੰਗਤਾਂ ਮੌਜੂਦ ਸਨ।

ਕਿਸਾਨਾਂ 'ਤੇ ਅਣਮਨੁੱਖੀ ਅੱਤਿਆਚਾਰ ਖਿਲਾਫ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ

ਸ਼ੁਭਕਰਨ ਦੇ ਕਾਤਲਾਂ ਖਿਲਾਫ ਮਾਮਲਾ ਦਰਜ ਕਰਨ ਦੀ ਮੰਗ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਹਰਿਆਣਾ ਦੇ ਸੰਭੂ ਅਤੇ ਖਨੌਰੀ ਬਾਰਡਰ 'ਤੇ ਭਾਜਪਾ ਦੀ ਖੱਟੜ ਸਰਕਾਰ ਵੱਲੋਂ ਕੀਤੇ ਜਾ ਰਹੇ ਅਣਮਨੁੱਖੀ ਵਰਤਾਰਿਆਂ ਅਤੇ ਇੱਕ ਕਿਸਾਨ ਨੌਜਵਾਨ ਸ਼ੁਭਕਰਨ ਸਿੰਘ ਦੇ ਕੀਤੇ ਗਏ ਗਏ ਕਥਤ ਕਤਲ ਦੇ ਵਿਰੁੱਧ ਰੋਸ ਪ੍ਰਗਟ ਕਰਨ ਲਈ ਕਾਂਗਰਸ ਪਾਰਟੀ ਤਰਨਤਾਰਨ ਵੱਲੋਂ ਸਥਾਨਕ ਕਾਂਗਰਸ ਭਵਨ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਕਾਲੀਆਂ ਪੱਟੀਆਂ ਬੰਨ੍ਹ ਕੇ ਸ਼ਹਿਰ ਦੇ ਬਜ਼ਾਰਾਂ ਵਿੱਚ ਕੈਂਡਲ ਮਾਰਚ ਕੱਢਿਆ ਗਿਆ। ਕਾਂਗਰਸ ਭਵਨ ਤਰਨਤਾਰਨ ਵਿਖੇ ਕੀਤੇ ਗਏ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਹੋਇਆਂ ਪੀਪੀਸੀ ਮੈਂਬਰ ਮਨਿੰਦਰ ਪਾਲ ਸਿੰਘ ਪਲਾਸੌਰ ਨੇ ਕਿਹਾ ਕਿ ਹਰਿਆਣਾ ਦੇ ਸੰਭੂ ਅਤੇ ਖਨੌਰੀ ਬਾਰਡਰਾਂ 'ਤੇ ਕੇਂਦਰ ਦੀ ਮੋਦੀ ਸਰਕਾਰ ਦੇ ਇਸ਼ਾਰੇ 'ਤੇ ਭਾਜਪਾ ਦੀ ਖੱਟੜ ਸਰਕਾਰ ਵੱਲੋਂ ਅਣਮਨੁੱਖੀ ਤਸ਼ੱਦਦ ਕੀਤਾ ਜਾ ਰਿਹਾ ਹੈ ਜਿਸ ਵਿੱਚ ਇੱਕ ਨੌਜਵਾਨ ਕਿਸਾਨ ਸ਼ੁੱਭਕਰਨ ਸਿੰਘ ਦੀ ਦੁੱਖਦਾਈ ਮੌਤ ਹੋਈ ਹੈ। ਉਨ੍ਹਾਂ ਨੇ ਕਿਹਾ ਇਸ ਦੀ ਉੱਚੀ ਪੱਧਰੀ ਜੁਡੀਸ਼ਲ ਜਾਂਚ ਹੋਣੀ ਚਾਹੀਦੀ ਹੈ ਅਤੇ ਦੋਸ਼ੀਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇਸ ਰੋਸ ਪ੍ਰਦਰਸ਼ਨ ਨੂੰ ਸੀਨੀਅਰ ਕਾਂਗਰਸੀ ਆਗੂ ਰਣਜੀਤ ਸਿੰਘ ਰਾਣਾ ਗੰਡੀਵਿੰਡ, ਬਲਾਕ ਪ੍ਰਧਾਨ ਸੰਦੀਪ ਕੁਮਾਰ ਸੋਨੂੰ ਦੋਦੇ, ਕਰਨਬੀਰ ਸਿੰਘ ਬੁਰਜ, ਸੁਮੀਤ ਕੁਮਾਰ ਸੌਂਧੀ, ਅਸ਼ਵਨੀ ਕੁਮਾਰ ਕੁੱਕੂ ਮੀਤ ਪ੍ਰਧਾਨ ਸ਼ਿਵ ਸੈਨਾ ਪੰਜਾਬ, ਅਵਤਾਰ ਸਿੰਘ ਤਨੇਜਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ ਤਰਨਤਾਰਨ, ਰਮਨ ਕੁਮਾਰ ਚੇਅਰਮੈਨ ਝਬਾਲ, ਮਨੋਜ ਕੁਮਾਰ ਅਗਨੀਹੋਤਰੀ, ਤਰਸੇਮ ਸਿੰਘ ਪ੍ਰਧਾਨ ਐਸੀ ਵਿੰਗ ਤਰਨਤਾਰਨ ਅਤੇ ਕਾਂਗਰਸ ਕਮੇਟੀ ਤਰਨਤਾਰਨ ਦੇ ਵਾਈਸ ਪ੍ਰਧਾਨ ਬੇਅੰਤ ਸਿੰਘ ਸੋਰੋਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ

ਕੁਲਦੀਪ ਸਿੰਘ ਸਫੀਪੁਰ, ਬਾਊ ਬਸੰਤ ਲਾਲ ਟਰਾਂਸਪੋਰਟਰ, ਰਜਿੰਦਰ ਸ਼ਰਮਾ, ਮਲਕੀਅਤ ਸਿੰਘ ਮੀਤਾ, ਗੋਲਡੀ ਤਰਨਤਾਰਨ, ਤਰਸੇਮ ਕੁਮਾਰ ਸ਼ਰਮਾ, ਅਮਰੀਕ ਸਿੰਘ ਗੁਲਾਲੀਪੁਰ, ਬੱਬੀ ਠੇਕੇਦਾਰ, ਗੁਰਸਾਹਿਬ ਸਿੰਘ ਮੀਤ ਪ੍ਰਧਾਨ ਕਾਂਗਰਸ ਕਮੇਟੀ ਤਰਨਤਾਰਨ, ਟੇਕ ਚੰਦ ਪੁੰਜ, ਮੰਗਲ ਸਿੰਘ ਸਰਪੰਚ ਖੈਰਦੀਨ, ਨਿੱਪੀ ਸੂਦ, ਅਸ਼ੋਕ ਕੁਮਾਰ ਝਬਾਲ, ਹਰਿੰਦਰ ਪਾਲ ਸਿੰਘ ਸੋਢੀ, ਗੁਰਮੀਤ ਸਿੰਘ ਰਾਜੂ ਮੱਲ੍ਹੀਆਂ, ਮਨਜੀਤ ਸਿੰਘ ਐੱਮ ਸੀ, ਪ੍ਰੋਫੈਸਰ ਇੰਦਰਜੀਤ ਸਿੰਘ ਕਸੇਲ, ਦਿਲਬਾਗ ਸਿੰਘ ਸਰਪੰਚ ਪਲਾਸੌਰ ਅਤੇ ਗੁਰਬਾਜ ਸਿੰਘ ਕਾਜ਼ੀਕੋਟ ਨੇ ਵੀ ਸ਼ਿਰਕਤ ਕੀਤੀ।

ਪੰਜਾਬੀ ਦੇ ਬਹੁ-ਮਿਆਰੀ ਸਾਹਿਤਕ ਰਸਾਲੇ 'ਹੁਣ' ਦਾ 48ਵਾਂ ਅੰਕ ਲੋਕ ਅਰਪਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)—ਖਾਲਸਾ ਕਾਲਜ ਵਿਖੇ ਚਲ ਰਹੇ ਅੰਮ੍ਰਿਤਸਰ ਸਾਹਿਤ ਪੁਸਤਕ ਮੇਲੇ ਦੌਰਾਨ ਪੰਜਾਬੀ ਦੇ ਬਹੁ-ਮਿਆਰੀ ਸਾਹਿਤਕ ਰਸਾਲੇ 'ਹੁਣ' ਦਾ 48ਵਾਂ ਅੰਕ ਲੋਕ ਅਰਪਿਤ ਕੀਤਾ ਗਿਆ। ਡਾ. ਆਤਮ ਰੰਧਾਵਾ ਦੇ ਸਵਾਗਤੀ ਸ਼ਬਦਾਂ ਨਾਲ ਸ਼ੁਰੂ ਹੋਏ ਇਸ ਅਦਬੀ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ. ਲਖਵਿੰਦਰ ਜੌਹਲ ਅਤੇ ਸ਼ਰੋਮਣੀ ਸ਼ਾਇਰ ਦਰਸ਼ਨ ਬੁੱਟਰ ਨੇ 'ਹੁਣ' ਨੂੰ ਕੇਂਦਰ ਬਿੰਦੂ ਵਿਚ ਰੱਖ ਕੇ ਕਿਹਾ ਕਿ ਉੱਤਮ ਦਰਜੇ ਦਾ ਲੋਕ ਸਾਹਿਤ ਅਤੇ ਸੁਹਿਰਦ ਪਾਠਕਾਂ ਨੂੰ ਇਕ ਤੰਦ ਵਿਚ ਪਰੋਣ ਲਈ ਸਾਹਿਤਕ ਰਸਾਲੇ ਸਭ ਤੋਂ ਉੱਤਮ ਜ਼ਰੀਆ ਹਨ। ਪ੍ਰਿੰ. ਡਾ ਮਹਿਲ ਸਿੰਘ ਅਤੇ ਗੁਰਭੇਜ ਸਿੰਘ ਗੁਰਾਇਆ ਨੇ ਕਿਹਾ ਕਿ ਜਿੱਥੇ 'ਹੁਣ' ਵਰਗੇ ਮਿਆਰੀ ਰਸਾਲੇ ਦੁਨੀਆ ਭਰ ਦੇ ਇਤਿਹਾਸ ਅਤੇ ਸਭਿਆਚਾਰ ਨੂੰ ਨੇੜੇ ਲੈ ਕੇ ਆਉਂਦੇ ਹਨ ਉਥੇ ਦੁਨੀਆ ਭਰ ਵਿੱਚ ਰਚੇ ਜਾ ਰਹੇ ਸਾਹਿਤ ਨੂੰ ਘੋਖਣ ,ਪੜਤਾਲਣ ਅਤੇ ਨਵੀਆਂ ਦਿਸ਼ਾਵਾਂ ਨਿਰਧਾਰਤ ਕਰਨ ਵਿਚ ਸਹਾਈ ਹੁੰਦੇ ਹਨ। 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ ਨੇ ਦੱਸਿਆ ਕਿ ਉਨ੍ਹਾਂ ਵਲੋਂ ਡਾ. ਗੁਰਦਿਆਲ ਸਿੰਘ ਫੁੱਲ, ਜਸਵੰਤ ਸਿੰਘ ਕੰਵਲ, ਪ੍ਰੋ. ਅਜਮੇਰ ਔਲਖ, ਬਾਬਾ ਨਜਮੀ, ਸੁਰਜੀਤ ਪਾਤਰ ਅਤੇ ਗੁਰਭਜਨ ਗਿੱਲ ਆਦਿ ਸਥਾਪਿਤ ਸਾਹਿਤਕਾਰਾਂ ਦੀਆਂ ਅਦਬੀ ਮੁਲਾਕਾਤਾਂ ਦੇ ਲੜੀਵਾਰ ਸਿਲਸਿਲੇ ਨੇ ਪਾਠਕਾਂ ਨੂੰ ਇਨ੍ਹਾਂ ਸਾਹਿਤਕਾਰਾਂ ਦੀ ਜੀਵਨ ਸ਼ੈਲੀ ਅਤੇ ਲਿਖਣ ਸ਼ੈਲੀ ਨੂੰ ਹੋਰ ਨੇੜਿਉਂ ਸਮਝਣ ਦਾ ਸਬੱਬ ਪੈਦਾ ਕੀਤਾ ਹੈ। ਪਰਵਾਸੀ ਸ਼ਾਇਰ ਰਵਿੰਦਰ ਸਹਿਰਾਅ ਅਤੇ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਮਿਆਰੀ ਸਾਹਿਤ ਨੂੰ ਲੋਕ ਉਡੀਕਦੇ ਵੀ ਨੇ ਅਤੇ ਮੁੱਲ ਖਰੀਦ ਕੇ ਪੜ੍ਹਨ ਦੀ ਚੇਟਕ ਵੀ ਰਖਦੇ ਹਨ। ਸੁਰਿੰਦਰ ਸਿੰਘ ਸੁੰਨੜ ਅਤੇ ਸ਼ਾਇਰ ਜਸਵੰਤ ਜਫਰ ਨੇ ਕਿਹਾ ਕਿ ਅਜਿਹੇ ਮੈਗਜ਼ੀਨ ਮਨੁੱਖ ਨੂੰ ਕਵਿਤਾ, ਕਹਾਣੀ ਅਤੇ ਸਾਹਿਤ ਦੀਆਂ ਹੋਰ ਵਿਧਾਵਾਂ ਦੇ ਨਾਲ-ਨਾਲ ਬਹੁ-ਮੁੱਲੀਆਂ ਇਨਸਾਨੀ ਕਦਰਾਂ ਕੀਮਤਾਂ ਨਾਲ ਵੀ ਜੋੜਦੇ ਹਨ। ਸਵਰਨਜੀਤ ਸਵੀ ਅਤੇ ਦੀਪ ਜਗਦੀਪ ਨੇ ਦੱਸਿਆ ਕਿ ਲੇਖਕ ਦੀ ਸਥਾਪਤੀ ਅਤੇ ਭਾਸ਼ਾ ਦੀ ਤਰੱਕੀ ਲਈ 'ਹੁਣ' ਵਰਗੇ ਮਿਆਰੀ ਰਸਾਲੇ ਵੱਡਾ ਯੋਗਦਾਨ ਪਾਉਂਦੇ ਹਨ। ਨੀਰੂ ਸਹਿਰਾਅ ਅਤੇ ਕਮਲ ਦੁਸਾਂਝ ਨੇ ਕਿਹਾ ਕਿ ਆਮ ਲੋਕਾਂ ਨੂੰ ਕਿਤਾਬਾਂ ਨਾਲ ਜੋੜਨ ਲਈ ਮਿਆਰੀ ਅਤੇ ਲੋਕ ਪੱਖੀ ਸਾਹਿਤ ਨਾਲ 'ਹੁਣ' ਦਾ ਪੰਜਾਬੀ ਸਾਹਿਤ ਵਿੱਚ ਗੌਲਣਯੋਗ ਸਥਾਨ ਹੈ।

ਆਂਗਣਵਾੜੀ ਵਰਕਰਾਂ/ਹੈਲਪਰਾਂ ਨੇ ਪ੍ਰੋਗਰਾਮ ਅਫ਼ਸਰ ਨੂੰ ਸੌਂਪਿਆ ਮੰਗ ਪੱਤਰ

ਗੁਰਦਾਸਪੁਰ (ਜਨਕ ਮਹਾਜਨ)- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ

ਵਲੋਂ ਜਿਲ੍ਹਾ ਪ੍ਰਧਾਨ ਸੁਨਿਰਮਲਾ ਕੌਰ ਦੀ ਅਗਵਾਈ ਹੇਠ ਆਪਣੀਆਂ ਮੰਗਾਂ ਨੂੰ ਲੈ ਕੇ ਮੰਗ ਪੱਤਰ ਪ੍ਰੋਗਰਾਮ ਅਫ਼ਸਰ ਨੂੰ ਸੌਂਪਿਆ ਗਿਆ। ਮੰਗ ਪੱਤਰ ਵਿਚ 3 ਤੋਂ 5 ਸਾਲ ਦੇ ਬੱਚੇ ਆਂਗਣਵਾੜੀ ਸੈਂਟਰਾਂ ਵਿਚ ਹੀ ਰਹਿਣ ਦਿੱਤੇ ਜਾਣ, 3 ਤੋਂ 5 ਸਾਲ ਦੇ ਬੱਚਿਆਂ ਨੂੰ ਰਾਸ਼ਨ ਦੇਣ ਸਬੰਧੀ ਲਿਖਤੀ ਸਪੱਸਟ ਕੀਤਾ ਜਾਵੇ, ਕਾਹਨੂੰਵਾਨ, ਸ੍ਰੀ ਹਰਗੋਬਿੰਦਪੁਰ, ਫਤਿਹਗੜ੍ਹ ਚੂੜੀਆਂ ਦੇ ਬਲਾਕਾਂ ਦੇ ਪੀਐੱਮਐੱਮਵੀਵਾਈ ਦੇ ਪੈਸੇ ਤੁਰੰਤ ਦਿੱਤੇ ਜਾਣ, ਸੀਬੀਈ ਦੇ ਪੈਸੇ ਦਿੱਤੇ ਜਾਣ, ਪੋਸ਼ਣ ਟ੍ਰੇਕਨ ਦੇ ਡਾਟੇ ਦੇ ਪੈਸੇ ਦਿੱਤੇ ਜਾਣ ਦੀ ਮੰਗ ਕੀਤੀ ਗਈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਤੋਂ ਸਾਨੂੰ ਬਹੁਤ ਸਾਰੀਆਂ ਆਸਾਂ ਉਮੀਦਾਂ ਸਨ ਜੋ ਪੂਰੀਆਂ ਹੁੰਦੀਆਂ ਨਜ਼ਰ ਨਹੀਂ ਆ ਰਹੀਆਂ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਨਾ ਪ੍ਰਵਾਨ ਕੀਤੀਆਂ ਗਈਆਂ ਤਾਂ ਆਉਣ ਵਾਲੇ ਸਮੇਂ ਵਿਚ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰਕੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਨਿਰਮਲਾ ਕੌਰ, ਜਤਿੰਦਰ ਕੌਰ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਕੌਰ, ਰੀਟਾ ਰਾਣੀ ਅਤੇ ਸਵਿਤਾ ਰਾਣੀ, ਸਰਬਜੀਤ ਕੌਰ, ਬਲਾਕ ਪ੍ਰਧਾਨ ਡੇਰਾ ਬਾਬਾ ਨਾਨਕ ਜਸਬੀਰ ਸਿੰਘ, ਬਲਾਕ ਪ੍ਰਧਾਨ ਬਟਾਲਾ ਪਰਮਜੀਤ ਕੌਰ, ਬਲਾਕ ਪ੍ਰਧਾਨ ਦੋਰਾਂਗਲਾ ਸਰਬਜੀਤ ਕੌਰ, ਅਰੁਣਾ ਸ਼ਰਮਾ, ਰਜਵੰਤ ਕੌਰ, ਨੀਲਮ ਕੁਮਾਰੀ, ਅਮਰਜੀਤ ਕੌਰ, ਬਲਵਿੰਦਰ ਕੌਰ ਕਾਹਨੂੰਵਾਨ, ਬਲਜੀਤ ਕੌਰ ਗਾਲੋਵਾਲ, ਜਤਿੰਦਰ ਕੌਰ ਆਦਿ ਹਾਜ਼ਰ ਸਨ।

'ਆਪ' ਦੇ ਸਰਗਰਮ ਆਗੂ ਰਾਜ ਕੁਮਾਰ ਲੁੱਧੜ ਵੱਲੋਂ ਕਿਸਾਨਾਂ 'ਤੇ ਘੋਰ ਅੱਤਿਆਚਾਰ ਦੀ ਨਿੰਦਾ

ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਦੇ ਸਰਗਰਮ ਕਾਰਕੁੰਨ ਰਾਜ ਕੁਮਾਰ ਲੁੱਧੜ ਨੇ ਕਿਸਾਨਾਂ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨਰਿੰਦਰ ਮੋਦੀ ਦੇ ਤੁਗਲਕੀ ਫੁਰਮਾਨ ਨੂੰ ਕਬੂਲਦਿਆਂ ਹਰਿਆਣਾ ਵਿਚਲੀ ਭਾਜਪਾ ਦੀ ਖੱਟੜ ਸਰਕਾਰ ਵੱਲੋਂ ਪੰਜਾਬ ਦੇ ਕਿਸਾਨਾਂ ਨਾਲ ਜ਼ਾਲਮਾ ਵਾਲੀ ਬਦਸਲੂਕੀ ਕਰਕੇ ਘੋਰ ਅੱਤਿਆਚਾਰ ਕੀਤਾ ਜਾ ਰਿਹਾ ਹੈ ਤੇ ਕਿਸਾਨ ਵੀਰਾਂ ਨੂੰ ਅਨੇਕਾਂ ਤਸੀਹਿਆਂ ਦਾ ਸਾਹਮਣਾ ਕਰਦੇ ਹੋਏ ਦਿੱਲੀ ਜਾਣ ਦਾ ਨਿਸ਼ਾਨਾ ਪੂਰਾ ਕਰਨ ਤੋਂ ਰੋਕਿਆ ਜਾ ਰਿਹਾ। ਭਾਜਪਾ ਦਾ ਤਾਨਾਸ਼ਾਹੀ ਰਵਈਆ ਇਹ ਦਰਸਾਉਂਦਾ ਹੈ ਕਿ ਹਿੰਦੁਸਤਾਨ ਵਿੱਚ ਲੋਕਤੰਤਰ ਲਈ ਕੋਈ ਥਾਂ ਨਹੀ; ਡਿਕਟੇਟਰਸ਼ਿਪ ਦਿਨ ਬ ਦਿਨ ਪੈਰ ਪਸਾਰਦੀ ਜਾ ਰਹੀ ਹੈ ਜੋ ਕਿ ਭਾਜਪਾ ਦੀ ਬੇਹੱਦ ਘਟੀਆ ਤੇ ਘਾਤਕ ਸੋਚ